ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 122
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 4 May, 2026) ਸੋਮਵਾਰ, 4 ਮਈ, 2026, 21 ਵੈਸਾਖ , ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਫ਼ੌਜੀਆਂ ਨੇ ਅਰਦਾਸ ਕਰਕੇ ਸ਼ੁਰੂ ਕੀਤਾ ਸ੍ਰੀ ਹੇਮਕੁੰਟ ਸਾਹਿਬ ਵਿਖੇ ਬਰਫ਼ ਹਟਾਉਣ ਦਾ ਕੰਮ

ਗੋਬਿੰਦਘਾਟ, 3 ਮਈ (ਚੜ੍ਹਦੀਕਲਾ ਬਿਊਰੋ) : ਉੱਤਰਾਖੰਡ ਵਿਖੇ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਸਲਾਨਾ ਯਾਤਰਾ ਲਈ ਬਰਫ ਹਟਾ ਕੇ ਰਸਤੇ ਤਿਆਰ ਕਰ ਰਹੀ ਭਾਰਤੀ ਫੌਜ ਦੇ ਜਵਾਨ ਅਤੇ ਗੁਰਦੁਆਰਾ ਟਰਸਟ ਦੇ ਵਲੰਟੀਅਰ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਪੁੱਜ ਗਏ ਹਨ, ਜਿੱਥੇ ਉਹਨਾਂ ਅਰਦਾਸ ਕਰਨ ਮਗਰੋਂ ਗੁਰਦੁਆਰੇ ਦੇ ਆਲੇ ਦੁਆਲੇ ਜੰਮੀ ਹੋਈ ਬਰਫ ਨੂੰ ਹਟਾਉਣਾ ਸ਼ੁਰੂ ਕਰ ਦਿੱਤਾ। ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਸਲਾਨਾ ਯਾਤਰਾ ਤਹਿਤ ਸੰਗਤ (ਬਾਕੀ ਸਫਾ 2 'ਤੇ)

ਬੇਅਦਬੀ ਕਾਨੂੰਨ ਦਾ ਮਾਮਲਾ

ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵਿਧਾਨ ਸਭਾ ਸਪੀਕਰ ਸੰਧਵਾਂ 8 ਮਈ ਨੂੰ ਤਲਬ

ਪੰਥ ਦੀ ਸਹਿਮਤੀ ਤੋਂ ਬਿਨਾਂ ਬਣਾਇਆ ਗਿਆ ਇਹ ਕਾਨੂੰਨ ਸਵੀਕਾਰ ਨਹੀਂ : ਜਥੇ. ਗੜਗੱਜ

ਬਬਲੂ ਮਹਾਜਨ

ਅੰਮ੍ਰਿਤਸਰ, 3 ਮਈ : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ 'ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਅਤੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲਿਆਂ ਸਬੰਧੀ ਦੀਰਘ ਵਿਚਾਰ ਵਟਾਂਦਰੇ ਲਈ ਸਿੱਖ ਸੰਸਥਾਵਾਂ, ਜਥੇਬੰਦੀਆਂ, ਵਿਦਵਾਨਾਂ, ਕਾਨੂੰਨੀ ਮਾਹਰਾਂ ਅਤੇ ਵਿਚਾਰਵਾਨਾਂ ਦੀ ਵਿਸ਼ੇਸ਼ ਇਕੱਤਰਤਾ ਅੱਜ ਸ੍ਰੀ ਅੰਮ੍ਰਿਤਸਰ ਸਥਿਤ ਭਾਈ ਗੁਰਦਾਸ ਹਾਲ ਵਿਖੇ ਕੀਤੀ ਗਈ। ਇਕੱਤਰਤਾ ਵਿੱਚ ਵੱਡੀ ਗਿਣਤੀ ਵਿੱਚ ਵਿਚਾਰਵਾਨ ਸਿੱਖਾਂ ਅਤੇ ਵੱਖ-ਵੱਖ ਸੰਸਥਾਵਾਂ ਤੇ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਭਰਵੀਂ ਸ਼ਮੂਲੀਅਤ ਕੀਤੀ ਅਤੇ ਖੁੱਲ੍ਹੇ ਮਾਹੌਲ ਵਿੱਚ ਆਪਣੇ ਵਿਚਾਰ ਰੱਖੇ।ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਬਾਰੇ ਸਿੱਖ ਕੌਮ ਅੰਦਰ



ਪੈਦਾ ਹੋਏ ਖਦਸ਼ਿਆਂ ਅਤੇ ਇਸ ਉੱਤੇ ਜਾਹਰ ਕੀਤੇ ਜਾ ਰਹੇ ਇਤਰਾਜ਼ਾਂ ਦੇ ਮੱਦੇਨਜ਼ਰ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੂੰ 8 ਮਈ 2026 ਨੂੰ ਸਵੇਰੇ 11 ਵਜੇ ਵਿਚਾਰ ਕਰਨ ਲਈ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੱਦਿਆ ਹੈ। (ਬਾਕੀ ਸਫਾ 2 'ਤੇ)

ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮ ਸਾਡੇ ਲਈ ਇਲਾਹੀ ਹੁਕਮ: ਸੰਧਵਾਂ

ਬਠਿੰਡਾ, 3 ਮਈ (ਚੜ੍ਹਦੀਕਲਾ ਬਿਊਰੋ) : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ 8 ਮਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਸੱਦੇ ਜਾਣ 'ਤੇ ਹਾਂ-ਪੱਖੀ ਹੁੰਗਾਰਾ ਭਰਿਆ ਹੈ। ਉਨ੍ਹਾਂ ਕਿਹਾ,ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਲਈ ਮਹਾਨ, ਸਰਬਉੱਚ ਅਤੇ ਅਤਿਅੰਤ ਸਤਿਕਾਰਯੋਗ ਹਨ। ਅਸੀਂ ਸਮੇਂ-ਸਮੇਂ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨਤਮਸਤਕ ਹੋ ਕੇ ਸੇਧ ਲੈਂਦੇ ਰਹਿੰਦੇ ਹਾਂ। ਸੰਧਵਾ ਨੇ ਕਿਹਾ,ਹੁਣ ਵੀ ਜੇਕਰ ਕੋਈ ਅਧਿਕਾਰਤ ਤੌਰ ਉੱਤੇ ਬੁਲਾਵਾ ਆਉਂਦਾ ਹੈ, ਤਾਂ ਇੱਕ ਸਿੱਖ ਹੋਣ ਦੇ ਨਾਤੇ ਮੈਂ ਪੂਰੀ ਨਿਮਰਤਾ ਅਤੇ (ਬਾਕੀ ਸਫਾ 2 'ਤੇ)

ਮੋਹਾਲੀ ਦੀ ਧਰਤੀ ਤੋਂ ਪੰਜਾਬ ਦੇ ਨੌਜਵਾਨਾਂ ਨੂੰ ਮੁੱਖ ਮੰਤਰੀ ਦਾ ਸੁਨੇਹਾ

ਹੁਣ ਵਿਦੇਸ਼ ਜਾਣ ਦੀ ਲੋੜ ਨਹੀਂ; ਸਾਡੀ ਸਰਕਾਰ ਸਭ ਲਈ ਰੋਜ਼ਗਾਰ ਦਾ ਕਰ ਰਹੀ ਹੈ ਪ੍ਰਬੰਧ: ਮਾਨ

ਅੰਮ੍ਰਿਤਪਾਲ ਸਿੰਘ

ਐਸਏਐਸ ਨਗਰ (ਮੋਹਾਲੀ)3 ਮਈ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਦੇ ਨੌਜਵਾਨਾਂ ਨੂੰ ਨੌਕਰੀਆਂ ਭਾਲਣ ਵਾਲੇ ਬਣਨ ਦੀ ਥਾਂ ਨੌਕਰੀਆਂ ਪੈਦਾ ਕਰਨ ਵਾਲੇ ਬਣਨ ਵੱਲ ਵਧਣ ਦਾ ਸੱਦਾ ਦਿੱਤਾ। ਉਨ੍ਹਾਂ ਦਾਅਵਾ ਕੀਤਾ ਕਿ ਉਨ੍ਹਾਂ ਦੀ ਸਰਕਾਰ ਸਰਗਰਮੀ ਨਾਲ ਇੱਕ ਅਜਿਹਾ ਮਾਹੌਲ ਸਿਰਜ ਰਹੀ ਹੈ ਜਿੱਥੇ ਨੌਜਵਾਨ ਸੂਬਾ ਸਰਕਾਰ ਦੇ ਸਮਰਥਨ ਨਾਲ ਆਪਣੇ ਉੱਦਮ ਸ਼ੁਰੂ ਕਰ ਸਕਣ। ਉਨ੍ਹਾਂ ਕਿਹਾ ਕਿ ਰੋਜ਼ਗਾਰ ਦੀ ਭਾਲ ਵਿੱਚ ਵਿਦੇਸ਼ਾਂ ਵਿੱਚ ਜਾਣ ਦੀ ਜ਼ਰੂਰਤ ਖੁਦ-ਬ-ਖੁਦ ਖਤਮ ਹੋ ਰਹੀ ਹੈ ਕਿਉਂਕਿ ਉਨ੍ਹਾਂ ਦੀ ਸਰਕਾਰ ਵੱਲੋਂ ਨੌਜਵਾਨਾਂ ਲਈ ਪੰਜਾਬ ਵਿੱਚ ਹੀ ਮੌਕੇ ਪੈਦਾ ਕੀਤੇ ਜਾ ਰਹੇ ਹਨ।ਪਿਛਲੀਆਂ ਅਕਾਲੀ ਅਤੇ ਕਾਂਗਰਸ ਸਰਕਾਰਾਂ ਨਾਲ ਤੁੱਖੀ ਤੁਲਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿੱਥੇ





ਪਿਛਲੀਆਂ ਸਰਕਾਰਾਂ ਖਾਲੀ ਖਜ਼ਾਨੇ ਦੇ ਬਹਾਨੇ ਮਾਰਦੀਆਂ ਰਹਿੰਦੀਆਂ ਸਨ, ਉਨ੍ਹਾਂ ਦੀ ਸਰਕਾਰ ਸਾਫ਼-ਸੁਥਰੇ ਇਰਾਦੇ ਅਤੇ ਫੈਸਲਾਕੁੰਨ ਸ਼ਾਸਨ ਰਾਹੀਂ ਆਪਣੇ ਵਾਅਦਿਆਂ ਤੋਂ ਵੀ ਅੱਗੇ ਲੰਘ ਕੇ ਕੰਮ ਕਰ ਰਹੀ ਹੈ, ਜੋ ਸਾਬਤ ਕਰਦਾ ਹੈ ਕਿ ਸਿਸਟਮ 'ਚ ਕੋਈ ਕਮੀ ਨਹੀਂ ਸੀ, ਬਲਕਿ ਪੁਰਾਣੇ ਆਗੂਆਂ ਕੋਲ ਰਾਜਨੀਤਿਕ ਇੱਛਾ ਸ਼ਕਤੀ ਦੀ ਹੀ ਘਾਟ ਸੀ।

ਅੱਜ ਇੱਥੇ ਮੋਹਾਲੀ ਦੇ ਸਨੇਟਾ ਪਿੰਡ ਵਿਖੇ ਲੋਕ ਮਿਲਣੀ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਕਿਹਾ ਕਿ ਉਨ੍ਹਾਂ ਵਿਰੁੱਧ ਕੋਈ ਮੁੱਦਾ ਨਾ ਹੋਣ ਕਰਕੇ ਵਿਰੋਧੀ ਧਿਰ ਮੇਰੇ 'ਤੇ ਝੂਠੇ ਅਤੇ ਬੇਬੁਨਿਆਦ ਨਿੱਜੀ ਦੋਸ਼ ਲਾ ਕੇ ਆਪਣੀ ਨੀਵੇਂ ਪੱਧਰ ਦੀ ਮਾਨਸਿਕਤਾ ਦਿਖਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਸੂਬੇ ਦੇ ਸਮੁੱਚੇ ਵਿਕਾਸ ਲਈ ਸਖ਼ਤ ਯਤਨ ਕਰ ਰਹੇ ਹਨ ਜਿਸ ਕਾਰਨ ਵਿਰੋਧੀ ਧਿਰਾਂ ਬੁਖਲਾਹਟ ਵਿੱਚ ਹਨ। ਉਨ੍ਹਾਂ ਕਿਹਾ ਕਿ ਇਹ ਆਗੂ ਆਮ ਆਦਮੀ ਦੀ ਭਲਾਈ ਅਤੇ ਸੂਬੇ ਦੀ ਤਰੱਕੀ ਨੂੰ ਹਜ਼ਮ ਨਹੀਂ ਕਰ ਪਾ ਰਹੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕਰਕੇ ਵਿਰੋਧੀ ਮੇਰੇ (ਬਾਕੀ ਸਫਾ 2 'ਤੇ)

ਪੁਲਿਸ ਨਾਲ ਝੜਪ ਦਾ ਮਾਮਲਾ

'ਆਪ'ਆਗੂਆਂ ਖ਼ਿਲਾਫ਼ ਸੁਪਰੀਮ ਕੋਰਟ ਪੁੱਜਾ ਚੰਡੀਗੜ੍ਹ ਪ੍ਰਸ਼ਾਸਨ

ਚੰਡੀਗੜ੍ਹ , 3 ਮਈ (ਚੜ੍ਹਦੀਕਲਾ ਬਿਊਰੋ) : ਪੁਲਿਸ ਨਾਲ ਝੜਪ ਅਤੇ ਡੀ.ਸੀ. ਦੇ ਹੁਕਮਾਂ ਦੀ ਉਲੰਘਣਾ ਕਰਨ ਦੇ ਮਾਮਲੇ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਕਈ ਆਗੂਆਂ ਖਿਲਾਫ ਸੁਪਰੀਮ ਕੋਰਟ ਪਹੁੰਚ ਗਿਆ ਹੈ। ਛੇ ਸਾਲ ਪਹਿਲਾਂ ਭਗਵੰਤ ਮਾਨ, ਹਰਪਾਲ ਚੀਮਾ,ਅਮਨ ਅਰੋੜਾ ਸਮੇਤ ਆਮ ਆਦਮੀ ਪਾਰਟੀ ਦੇ ਦਰਜਨਾਂ ਆਗੂਆਂ ਖਿਲਾਫ ਚੰਡੀਗੜ੍ਹ ਪੁਲਿਸ ਨੇ ਕੇਸ ਦਰਜ ਕੀਤਾ ਸੀ। ਪਿਛਲੇ ਸਾਲ ਇਨ੍ਹਾਂ ਆਗੂਆਂ ਨੂੰ ਪੰਜਾਬ-ਹਰਿਆਣਾ ਹਾਈਕੋਰਟ ਤੋਂ ਰਾਹਤ ਮਿਲ ਗਈ ਸੀ ਅਤੇ ਇਨ੍ਹਾਂ ਖਿਲਾਫ ਦਰਜ ਐਫ.ਆਈ.ਆਰ. ਨੂੰ (ਬਾਕੀ ਸਫਾ 2 'ਤੇ)

ਆਈ.ਪੀ.ਐਲ. ਵਿਚਾਲੇ ਵੱਡਾ ਬਦਲਾਅ !

156602325000 ਰੁਪਏ 'ਚ ਵਿਕੀ ਰਾਜਸਥਾਨ ਰਾਇਲਜ਼

ਚੜ੍ਹਦੀਕਲਾ ਬਿਊਰੋ

ਮੁੰਬਈ, 3 ਮਈ : ਇੰਡੀਅਨ ਪ੍ਰੀਮੀਅਰ ਲੀਗ (ਆਈਪੀਐਲ) ਦੇ ਇਤਿਹਾਸ ਵਿੱਚ ਸਭ ਤੋਂ ਵੱਡੇ ਸੌਦਿਆਂ ਵਿੱਚੋਂ ਇੱਕ ਦਾ ਐਲਾਨ ਹੋਇਆ ਹੈ। ਸਟੀਲ ਕਿੰਗ ਲਕਸ਼ਮੀ ਨਿਵਾਸ ਮਿੱਤਲ ਤੇ ਉਨ੍ਹਾਂ ਦੇ ਬੇਟੇ ਆਦਿਤਿਆ ਮਿੱਤਲ ਨੇ ਸੀਰਮ ਇੰਸਟੀਚਿਊਟ ਦੇ ਅਦਾਰੇ ਪੂਨਾਵਾਲਾ ਨਾਲ ਮਿਲ ਕੇ ਰਾਜਸਥਾਨ ਰਾਇਲਸ ਨੂੰ ਖਰੀਦਣ ਦਾ ਸਮਝੌਤਾ ਕੀਤਾ ਹੈ। ਇਹ ਡੀਲ ਲਗਭਗ 1.65 ਬਿਲੀਅਨ ਡਾਲਰ (ਕਰੀਬ 15,600 ਕਰੋੜ ਰੁਪਏ) ਵਿੱਚ ਹੋਈ ਹੈ, ਜੋ ਇਸ ਟੀਮ ਦੀ ਗਲੋਬਲ ਵੈਲਿਊ ਨੂੰ ਦਰਸਾਉਂਦੀ ਹੈ। ਮਾਲਕੀ ਦਾ ਨਵਾਂ ਢਾਂਚਾ ਤੇ ਹਿੱਸੇਦਾਰੀ ਇਸ ਨਵੇਂ ਸਮਝੌਤੇ ਤੋਂ ਬਾਅਦ ਰਾਜਸਥਾਨ ਰਾਇਲਸ ਦੇ ਬੋਰਡ ਦਾ ਢਾਂਚਾ ਪੂਰੀ ਤਰ੍ਹਾਂ ਬਦਲ ਜਾਵੇਗਾ। ਮਿੱਤਲ ਪਰਿਵਾਰ 75 (ਬਾਕੀ ਸਫਾ 2 'ਤੇ)

ਮਾਨ ਤੋਂ ਪਹਿਲਾਂ ਰਾਘਵ ਚੱਢਾ ਤਿੰਨ ਸਾਂਸਦਾਂ ਸਮੇਤ ਰਾਸ਼ਟਰਪਤੀ ਨਾਲ ਕਰਨਗੇ ਮੁਲਾਕਾਤ



ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ,3 ਮਈ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੇਸ਼ ਦੀ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨਾਲ ਮੁਲਾਕਾਤ ਤੋਂ ਠੀਕ ਪਹਿਲਾਂ, ਹਾਲ ਹੀ ਚ ਆਮ ਆਦਮੀ ਪਾਰਟੀ ਛੱਡ ਭਾਜਪਾ ਵਿੱਚ ਸ਼ਾਮਲ ਹੋਏ ਰਾਜ ਸਭਾ ਸੰਸਦ ਮੈਂਬਰਾਂ ਦੇ ਗਰੁੱਪ ਦੇ ਆਗੂ ਰਾਘਵ ਚੱਢਾ ਨੂੰ ਵੀ ਰਾਸ਼ਟਰਪਤੀ ਵੱਲੋਂ ਮਿਲਣ ਦਾ ਸਮਾਂ ਦਿੱਤਾ ਗਿਆ ਹੈ। ਚੱਢਾ ਦੇ ਇੱਕ ਨਜ਼ਦੀਕੀ ਸਾਥੀ ਨੇ ਦੱਸਿਆ ਕਿ (ਬਾਕੀ ਸਫਾ 2 'ਤੇ)

ਰਾਜਪਾਲ ਨੂੰ ਮਿਲਕੇ ਭਾਜਪਾ ਪੰਜਾਬ ਦੇ ਵਫ਼ਦ ਨੇ ਚੁੱਕਿਆ ਸੰਦੀਪ ਪਾਠਕ ਦਾ ਮੁੱਦਾ

ਚੰਡੀਗੜ੍ਹ , 3 ਮਈ (ਚੜ੍ਹਦੀਕਲਾ ਬਿਊਰੋ) : ਪੰਜਾਬ ਭਾਜਪਾ ਦੇ ਇੱਕ ਵਫ਼ਦ ਨੇ ਅੱਜ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ। ਸੂਬਾ ਪ੍ਰਧਾਨ ਸੁਨੀਲ ਜਾਖੜ ਦੀ ਅਗਵਾਈ ਵਿੱਚ, ਆਗੂਆਂ ਨੇ ਪੰਜਾਬ ਵਿੱਚ ਮੌਜੂਦਾ ਰਾਜਨੀਤਿਕ ਸਥਿਤੀ, ਸੁਰੱਖਿਆ ਪ੍ਰਬੰਧਾਂ ਅਤੇ ਪ੍ਰਸ਼ਾਸਨਿਕ ਕੰਮਕਾਜ ਬਾਰੇ ਇੱਕ (ਬਾਕੀ ਸਫਾ 2 'ਤੇ)

ਸੀ.ਆਰ.ਪੀ.ਐਫ. ਦੇ ਡਾਇਰੈਕਟਰ ਵੱਲੋਂ ਸਟਰੌਂਗ ਰੂਮ ਦਾ ਜਾਇਜ਼ਾ

ਟੀ.ਐਮ.ਸੀ. ਨੇ ਬੈਲਟ ਬਾਕਸ ਖੋਲ੍ਹਣ ਦੀ ਕੋਸ਼ਿਸ਼ ਦੇ ਲਾਏ ਸਨ ਦੋਸ਼



ਚੜ੍ਹਦੀਕਲਾ ਬਿਊਰੋ

ਕੋਲਕਾਤਾ, 3 ਮਈ :ਪੱਛਮੀ ਬੰਗਾਲ ਵਿੱਚ ਵੋਟਾਂ ਦੀ ਗਿਣਤੀ ਤੋਂ ਪਹਿਲਾਂ ਕੋਲਕਾਤਾ ਦੇ ਨੇਤਾਜੀ ਇਨਡੋਰ ਸਟੇਡੀਅਮ ਵਿੱਚ ਬਣਾਏ ਗਏ ਸਟਰੌਂਗ ਰੂਮ ਦੀ ਸੁਰੱਖਿਆ ਦਾ ਜਾਇਜ਼ਾ ਲੈਣ ਲਈ ਸੀ.ਆਰ.ਪੀ.ਐਫ. ਦੇ ਡਾਇਰੈਕਟਰ ਜਨਰਲ ਗਿਆਨੇਂਦਰ ਪ੍ਰਤਾਪ ਸਿੰਘ ਅਤੇ ਸਪੈਸ਼ਲ ਡੀ.ਜੀ. ਵਿਤੁਲ ਕੁਮਾਰ ਪਹੁੰਚੇ। ਇਸ ਤੋਂ ਪਹਿਲਾਂ ਟੀ.ਐਮ.ਸੀ. ਨੇ ਦੋਸ਼ ਲਾਏ ਸਨ ਕਿ ਭਾਜਪਾ ਨੇ ਇਸ ਵਿਚ ਗੜਬੜ ਕੀਤੀ ਹੈ। ਟੀ.ਐਮ.ਸੀ. ਦਾ ਕਹਿਣਾ ਸੀ ਕਿ ਭਾਰਤੀ ਜਨਤਾ (ਬਾਕੀ ਸਫਾ 2 'ਤੇ)

ਦੇਸ਼ ਵਿੱਚ ਮੀਂਹ ਤੇ ਤੂਫ਼ਾਨ ਦਾ ਕਹਿਰ, ਰਾਜਸਥਾਨ 'ਚ 3 ਮੌਤਾਂ

ਨਵੀਂ ਦਿੱਲੀ, 3 ਮਈ (ਚੜ੍ਹਦੀਕਲਾ ਬਿਊਰੋ) : ਉੱਤਰ ਪ੍ਰਦੇਸ਼, ਬਿਹਾਰ, ਹਰਿਆਣਾ ਅਤੇ ਉੱਤਰਾਖੰਡ ਸਮੇਤ ਦੇਸ਼ ਭਰ ਦੇ ਕਈ ਰਾਜਾਂ ਵਿੱਚ ਭਾਰੀ ਮੀਂਹ ਪੈ ਰਿਹਾ ਹੈ। ਜੈਪੁਰ ਅਤੇ ਰਾਜਸਥਾਨ ਦੇ ਆਸ ਪਾਸ ਦੇ ਇਲਾਕਿਆਂ ਵਿੱਚ ਤੇਜ਼ ਹਵਾਵਾਂ ਦੇ ਨਾਲ ਮੀਂਹ ਪਿਆ। ਸ਼ਨੀਵਾਰ ਨੂੰ ਜੈਪੁਰ, ਟੋਂਕ ਅਤੇ ਅਜਮੇਰ ਵਿੱਚ ਤੂਫ਼ਾਨ ਤੇ ਮੀਂਹ ਨਾਲ ਤਿੰਨ ਲੋਕਾਂ ਦੀ ਮੌਤ ਹੋ ਗਈ। ਉੱਤਰਾਖੰਡ ਦੇ ਦੇਹਰਾਦੂਨ ਵਿੱਚ ਸਵੇਰ ਤੋਂ ਹੀ ਭਾਰੀ ਮੀਂਹ ਪਿਆ। ਮੀਂਹ ਤੋਂ ਪਹਿਲਾਂ ਪੂਰਾ ਸ਼ਹਿਰ ਕਾਲੇ ਬੱਦਲਾਂ ਨਾਲ ਢੱਕ ਗਿਆ, ਜਿਸ ਕਾਰਨ ਦਿਨ ਰਾਤ ਵਰਗੀ ਲੱਗਣ ਲੱਗੀ। ਹਰਿਆਣਾ ਦੇ ਅੰਬਾਲਾ ਵਿਚ ਵੀ ਮੀਂਹ ਪਿਆ, ਜਿਸ ਨਾਲ ਕਈ ਕਲੋਨੀਆਂ ਵਿੱਚ ਪਾਣੀ ਭਰ ਗਿਆ। ਦੇਸ਼ ਭਰ ਦੇ ਕਈ ਸ਼ਹਿਰਾਂ ਵਿੱਚ ਅਜੇ ਵੀ ਗਰਮੀ ਦੀ ਲਹਿਰ ਜਾਰੀ ਹੈ। ਮਹਾਰਾਸ਼ਟਰ ਦਾ ਵਰਧਾ ਦੇਸ਼ ਵਿੱਚ ਸਭ ਤੋਂ ਗਰਮ ਰਿਹਾ, ਜਿਥੇ ਤਾਪਮਾਨ 44.5 ਡਿਗਰੀ (ਬਾਕੀ ਸਫਾ 2 'ਤੇ)

ਪੰਜਾਬ 'ਚ ਮੀਂਹ ਅਤੇ ਤੂਫ਼ਾਨ ਨਾਲ ਡਿੱਗੇ ਦਰੱਖਤ, ਕਈ ਥਾਈਂ ਬਿਜਲੀ ਗੁੱਲ



ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ,3 ਮਈ : ਅੱਜ ਸਵੇਰੇ ਪੰਜਾਬ ਅਤੇ ਚੰਡੀਗੜ੍ਹ ਵਿੱਚ ਮੌਸਮ ਅਚਾਨਕ ਬਦਲ ਗਿਆ। ਸਵੇਰ ਵੇਲੇ ਹੀ ਅਚਾਨਕ ਘੁੱਪ ਹਨੇਰਾ ਛਾ ਗਿਆ। ਕਾਲੇ ਬੱਦਲਾਂ ਕਾਰਨ ਕੁਝ ਸਮੇਂ ਲਈ ਅਜਿਹਾ ਮਾਹੌਲ ਬਣ ਗਿਆ ਜਿਵੇਂ ਰਾਤ ਹੋ ਗਈ ਹੋਵੇ। ਚੰਡੀਗੜ੍ਹ, ਜਲੰਧਰ, ਲੁਧਿਆਣਾ ਅਤੇ ਮੋਹਾਲੀ ਸਮੇਤ ਕਈ ਇਲਾਕਿਆਂ ਵਿੱਚ ਭਾਰੀ ਮੀਂਹ ਪਿਆ। ਮੋਹਾਲੀ, ਚੰਡੀਗੜ੍ਹ ਅਤੇ (ਬਾਕੀ ਸਫਾ 2 'ਤੇ)

ਸੂਬੇ 'ਚ 6 ਮਈ ਤੱਕ ਮੀਂਹ, ਹਨ੍ਹੇਰੀ ਤੇ ਗੜ੍ਹੇਮਾਰੀ ਦੀ ਚਿਤਾਵਨੀ

ਚੰਡੀਗੜ੍ਹ, 3 ਮਈ (ਚੜ੍ਹਦੀਕਲਾ ਬਿਊਰੋ) : ਅੱਜ ਸਵੇਰੇ ਪੰਜਾਬ ਦੇ ਕਈ ਇਲਾਕਿਆਂ 'ਚ ਅਚਾਨਕ ਮੌਸਮ ਦਾ ਰੁਖ ਬਦਲਿਆ ਨਜ਼ਰ ਆਇਆ। ਇਸ ਦੌਰਾਨ ਮੀਂਹ ਨਾਲ ਤੇਜ਼ ਤੂਫ਼ਾਨ ਨੇ ਮੌਸਮ ਨੂੰ ਇਕ ਵਾਰ ਫਿਰ ਠੰਢਾ ਕਰ ਦਿੱਤਾ। ਸਵੇਰ ਦੇ ਸਮੇਂ ਹੀ ਆਸਮਾਨ ਕਾਲੇ ਬੱਦਲਾਂ ਨਾਲ ਘਿਰਿਆ ਹੋਇਆ ਨਜ਼ਰ ਆਇਆ, ਜਿਸ ਨਾਲ ਕਈ ਥਾਵਾਂ 'ਤੇ ਠੰਡ ਵੀ ਮਹਿਸੂਸ ਕੀਤੀ ਗਈ। ਮੌਸਮ ਵਿਭਾਗ ਨੇ ਪੰਜਾਬ ਚ (ਬਾਕੀ ਸਫਾ 2 'ਤੇ)

ਮੀਂਹ ਕਾਰਨ ਸੂਬੇ 'ਚ ਘਟੀ ਬਿਜਲੀ ਦੀ ਮੰਗ

ਪਟਿਆਲਾ, 3 ਮਈ (ਚੜ੍ਹਦੀਕਲਾ ਬਿਊਰੋ) : ਪੰਜਾਬ ਵਿੱਚ ਬਿਜਲੀ ਦੀ ਮੰਗ ਵਿੱਚ 5,500 ਮੈਗਾਵਾਟ ਦੀ ਗਿਰਾਵਟ ਆਈ ਹੈ, ਜਿਸ ਨਾਲ ਪੰਜਾਬ ਸਟੇਟ ਪਾਵਰ ਕਾਰਪੋਰੇਸ

ਸਫ਼ਾ ਇੱਕ ਦੀ ਬਾਕੀ

ਫ਼ੌਜੀਆਂ ਨੇ ਅਰਦਾਸ ਕਰਕੇ ਸ਼ੁਰੂ ਕੀਤਾ ਸ੍ਰੀ ਹੇਮਕੁੰਟ ...

ਵਾਸਤੇ ਗੁਰਦੁਆਰੇ ਦੇ ਕਿਵਾੜ 23 ਮਈ ਨੂੰ ਖੋਲ੍ਹੇ ਜਾਣਗੇ। ਜਦੋਂ ਕਿ ਯਾਤਰਾ ਗੁਰਦੁਆਰਾ ਸ੍ਰੀ ਰਿਸ਼ੀਕੇਸ਼ ਤੋਂ 20 ਮਈ ਨੂੰ ਪਹਿਲੇ ਜਥੇ ਦੀ ਰਵਾਨਗੀ ਨਾਲ ਆਰੰਭ ਹੋਵੇਗੀ। ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਪ੍ਰਧਾਨ ਨਰਿੰਦਰਜੀਤ ਸਿੰਘ ਬਿੰਦਰਾ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਸਤਿਆਂ ਵਿੱਚ ਜੰਮੀ ਹੋਈ ਬਰਫ ਹਟਾ ਰਹੇ ਭਾਰਤੀ ਫੌਜ ਦੇ ਜਵਾਨ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਪੁੱਜ ਗਏ ਹਨ ਹੁਣ ਉਹ ਗੁਰਦੁਆਰੇ ਦੇ ਆਲੇ ਦੁਆਲੇ ਜੰਮੀ ਹੋਈ ਬਰਫ ਨੂੰ ਹਟਾਉਣਗੇ। ਇਸ ਦੌਰਾਨ ਭਾਰਤੀ ਫੌਜ ਦੇ ਜਵਾਨਾਂ ਅਤੇ ਗੁਰਦੁਆਰਾ ਵਲੰਟੀਅਰਾਂ ਦੀ ਇੱਕ ਵੀਡੀਓ ਵੀ ਅਪਲੋਡ ਕੀਤੀ ਹੈ, ਜਿਸ ਵਿੱਚ ਉਹ ਗੁਰਦੁਆਰੇ ਦੇ ਮੁੱਖ ਦਰਵਾਜੇ ਦੇ ਬਾਹਰ ਅਰਦਾਸ ਕਰਦੇ ਹੋਏ ਨਜ਼ਰ ਆ ਰਹੇ ਹਨ। ਇਸ ਤੋਂ ਪਹਿਲਾਂ ਭਾਰਤੀ ਫੌਜ ਦੇ ਇਹ ਜਵਾਨ ਲੱਗਭੱਗ ਡੇਢ ਕਿਲੋਮੀਟਰ ਦੂਰ ਅਟਲਾਕੋਟੀ ਗਲੇਸ਼ੀਅਰ ਤੇ ਸਨ, ਉਹਨਾਂ ਨੇ ਅਟਲਾ ਕੋਟੀ ਗਲੇਸ਼ੀਅਰ ਤੋਂ ਬਰਫ ਹਟਾਈ ਹੈ ਅਤੇ ਰਸਤੇ ਤਿਆਰ ਕੀਤੇ ਹਨ। ਅਟਲਾ ਕੋਟੀ ਗਲੇਸ਼ੀਅਰ ਤੇ ਤਿੰਨ ਤੋਂ ਪੰਜ ਫੁੱਟ ਤੱਕ ਬਰਫ ਜੰਮੀ ਹੋਈ ਸੀ। ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਆਲੇ ਦੁਆਲੇ ਵੀ ਪੰਜ ਫੁੱਟ ਤੋਂ ਵੱਧ ਬਰਫ ਜੰਮੀ ਹੋਈ ਹੈ। ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਲੱਗਭੱਗ 15,200 ਫੁੱਟ ਦੀ ਉਚਾਈ 'ਤੇ ਸਥਿਤ ਹੈ ਅਤੇ ਹਰ ਸਾਲ ਇਸ ਦੀ ਯਾਤਰਾ ਲਈ ਲੱਖਾਂ ਸ਼ਰਧਾਲੂ ਪੁੱਜਦੇ ਹਨ। ਦੇਸ਼ ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਵਾਸਤੇ ਸਰਕਾਰ ਅਤੇ ਗੁਰਦੁਆਰਾ ਟਰਸਟ ਵੱਲੋਂ ਸੁਰੱਖਿਅਤ ਰਸਤੇ ਤਿਆਰ ਕੀਤੇ ਜਾਂਦੇ ਹਨ, ਰਿਹਾਇਸ਼, ਲੰਗਰ ਅਤੇ ਮੈਡੀਕਲ ਸਹੂਲਤਾਂ ਸਮੇਤ ਹੋਰ ਸਹੂਲਤਾਂ ਦਾ ਪ੍ਰਬੰਧ ਕੀਤਾ ਜਾਂਦਾ ਹੈ। ਇਹ ਯਾਤਰਾ ਸਤੰਬਰ ਦੇ ਅਖੀਰ ਜਾਂ ਅਕਤੂਬਰ ਦੇ ਪਹਿਲੇ ਹਫਤੇ ਵਿੱਚ ਸਮਾਪਤ ਹੁੰਦੀ ਹੈ। ਸਮਾਪਤੀ ਦਾ ਸਮਾਂ ਮੌਸਮ 'ਤੇ ਨਿਰਭਰ ਕਰਦਾ ਹੈ।

ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵਿਧਾਨ ਸਭਾ ਸਪੀਕਰ ਸੰਧਵਾਂ ...

ਇਕੱਤਰਤਾ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਮਹਿਸੂਸ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਪਾਸ ਕੀਤਾ ਗਿਆ ਐਕਟ ਸਿੱਖਾਂ ਦੇ ਧਾਰਮਿਕ ਮਾਮਲਿਆਂ ਅੰਦਰ ਸਿੱਧਾ ਦਖਲ ਹੈ ਅਤੇ ਇਸ ਨਾਲ ਬੇਅਦਬੀ ਦੇ ਮਾਮਲਿਆਂ ਅੰਦਰ ਦੋਸ਼ੀਆਂ ਨੂੰ ਸਜ਼ਾਵਾਂ ਉੱਤੇ ਕੇਂਦ੍ਰਿਤ ਹੋਣ ਅਤੇ ਸਿੱਖਾਂ ਨੂੰ ਇਨਸਾਫ਼ ਦੇਣ ਦੀ ਥਾਂ ਸਿੱਖ ਸੰਸਥਾਵਾਂ, ਗੁਰਦੁਆਰਾ ਪ੍ਰਬੰਧਕਾਂ, ਸੰਗਤ, ਗ੍ਰੰਥੀ ਸਿੰਘਾਂ, ਗੁਰੂ ਨਾਨਕ ਨਾਮ ਲੇਵਾ ਉੱਤੇ ਵਧੇਰੀ ਜ਼ਿੰਮੇਵਾਰੀ ਤੈਅ ਕਰ ਦਿੱਤੀ ਗਈ ਹੈ। ਅਜਿਹੀ ਕਾਰਵਾਈ ਨਾਲ ਜਿੱਥੇ ਸਿੱਖੀ ਪ੍ਰਚਾਰ ਪ੍ਰਸਾਰ ਵਿੱਚ ਵੱਡੀਆਂ ਰੁਕਾਵਟਾਂ ਆਉਣਗੀਆਂ ਉੱਥੇ ਹੀ ਸਿੱਖ ਸੰਗਤ ਵੀ ਗੁਰੂ ਸਾਹਿਬ ਨਾਲੋਂ ਟੁੱਟੇਗੀ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਅੱਜ ਦੀ ਇਕੱਤਰਤਾ ਵਿੱਚ ਸਾਂਝੀ ਰਾਏ ਇਹ ਬਣੀ ਹੈ ਕਿ ਖ਼ਾਲਸਾ ਪੰਥ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਹਿਮਤੀ ਤੋਂ ਬਿਨਾਂ ਜੋ 'ਦ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਮੌਜੂਦਾ ਪੰਜਾਬ ਸਰਕਾਰ ਨੇ ਸੋਧ ਕਰਕੇ ਜਿਸ ਰੂਪ ਵਿੱਚ ਪਾਸ ਕੀਤਾ ਹੈ ਇਸ ਨੂੰ ਪ੍ਰਵਾਨ ਨਹੀਂ ਕੀਤਾ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਖ਼ਾਲਸਾ ਪੰਥ ਦੀ ਮੰਗ ਅਤੇ ਰਾਏ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ 8 ਮਈ ਨੂੰ 11 ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੱਦਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਪੀਕਰ ਸੰਧਵਾਂ ਨਾਲ ਪਾਸ ਕੀਤੇ ਗਏ ਕਾਨੂੰਨ ਬਾਰੇ ਮਦ-ਦਰ-ਮਦ ਵਿਚਾਰ ਕੀਤਾ ਜਾਵੇਗਾ ਅਤੇ ਪੁੱਛਿਆ ਜਾਵੇਗਾ ਕਿ ਕਾਨੂੰਨ ਬਣਾਉਣ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਿੱਖ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਭਰੋਸੇ ਵਿੱਚ ਕਿਉਂ ਨਹੀਂ ਲਿਆ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਐਕਟ ਅੰਦਰ ਜੋ ਵੀ ਸੋਧਾਂ ਕੀਤੀਆਂ ਗਈਆਂ ਉਨ੍ਹਾਂ ਨੂੰ ਖ਼ਾਲਸਾ ਪੰਥ ਉਦੋਂ ਤੱਕ ਪ੍ਰਵਾਨ ਨਹੀਂ ਕਰ ਸਕਦਾ ਜਦੋਂ ਤੱਕ ਪੰਥ ਦੀ ਸਹਿਮਤੀ ਨਾ ਹੋਵੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਜੁੜਿਆ ਕੋਈ ਵੀ ਮਾਮਲਾ ਸਿੱਖਾਂ ਦਾ ਅੰਦਰੂਨੀ ਧਾਰਮਿਕ ਮਾਮਲਾ ਹੈ ਅਤੇ ਇਸ ਸਬੰਧੀ ਕੋਈ ਵੀ ਸਰਕਾਰ ਸਿੱਖਾਂ ਉੱਤੇ ਜ਼ਬਰਦਸਤੀ ਕਾਨੂੰਨ ਨਹੀਂ ਠੋਸ ਸਕਦੀ। ਸਰਕਾਰ ਨੂੰ ਇਹ ਸਪੱਸ਼ਟ ਕਰਨਾ ਪਵੇਗਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਨੁਮਾਇੰਦਾ ਸਿੱਖ ਸੰਸਥਾਵਾਂ ਨੂੰ ਨਜ਼ਰਅੰਦਾਜ਼ ਕਿਉਂ ਕੀਤਾ ਗਿਆ।

ਜਥੇਦਾਰ ਗੜਗੱਜ ਨੇ ਸਪੱਸ਼ਟ ਕੀਤਾ ਕਿ ਸਰਕਾਰ ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਲਈ ਭਾਵੇਂ ਕਿਤਨਾ ਵੀ ਸਖ਼ਤ ਕਾਨੂੰਨ ਬਣਾਵੇ, ਇਸ ਨਾਲ ਖ਼ਾਲਸਾ ਪੰਥ ਦਾ ਕੋਈ ਵਿਰੋਧ ਨਹੀਂ ਹੈ। ਪਰੰਤੂ ਜਦੋਂ ਗੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਇਸ ਨਾਲ ਜੁੜੀਆਂ ਸਿੱਖ ਭਾਵਨਾਵਾਂ ਅਤੇ ਸਿੱਖ ਸਰੋਕਾਰਾਂ ਨੂੰ ਕਾਨੂੰਨ ਦੇ ਦਾਇਰੇ ਵਿੱਚ ਲਿਆਉਣ ਦੀ ਹੋਵੇ ਤਾਂ ਖ਼ਾਲਸਾ ਪੰਥ ਇਸ ਨੂੰ ਪ੍ਰਵਾਨ ਨਹੀਂ ਕਰ ਸਕਦਾ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਅੰਦਰ ਜਦੋਂ ਤੋਂ ਬੇਅਦਬੀਆਂ ਦਾ ਦੌਰ ਚੱਲਿਆ ਉਸ ਤੋਂ ਬਾਅਦ ਹੁਣ ਤੱਕ ਦੋ ਸਰਕਾਰਾਂ ਆਈਆਂ ਪਰੰਤੂ ਅਸਲ ਦੋਸ਼ੀਆਂ ਤੱਕ ਕੋਈ ਸਰਕਾਰ ਨਹੀਂ ਪਹੁੰਚੀ। ਸਾਲ 2015 ਨਾਲ ਸਬੰਧਤ ਬੇਅਦਬੀ ਦੇ ਕੇਸ ਪੰਜਾਬ ਤੋਂ ਬਾਹਰ ਤਬਦੀਲ ਹੋਏ, ਪਰੰਤੂ ਪੰਜਾਬ ਦੀ ਮੌਜੂਦਾ ਸਰਕਾਰ ਨੇ ਇਨ੍ਹਾਂ ਕੇਸਾਂ ਨੂੰ ਪੰਜਾਬ ਵਿੱਚ ਵਾਪਸ ਲਿਆਉਣ ਲਈ ਕੋਈ ਠੋਸ ਪੈਰਵਾਈ ਨਹੀਂ ਕੀਤੀ। ਪੰਥ ਨੇ ਬੇਅਦਬੀ ਦੇ ਦੋਸ਼ੀਆਂ ਨੂੰ ਫੜ ਕੇ ਸਜ਼ਾਵਾਂ ਦੇਣ ਦੀ ਮੰਗ ਕੀਤੀ ਸੀ ਪਰ ਅਜੇ ਤੱਕ ਮੁੱਖ ਦੋਸ਼ੀ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਗ੍ਰਿਫ਼ਤਾਰ ਕਰਕੇ ਪੰਜਾਬ ਨਹੀਂ ਲਿਆਇਆ ਗਿਆ। ਪੰਜਾਬ ਸਰਕਾਰ ਨੂੰ ਇਸ ਗੱਲ ਉੱਤੇ ਸਥਿਤੀ ਸਪੱਸ਼ਟ ਕਰਨੀ ਪਵੇਗੀ ਕਿ ਡੇਰਾ ਸਿਰਸਾ ਮੁਖੀ ਬੇਅਦਬੀ ਦੇ ਮੁੱਖ ਮਾਮਲਿਆਂ ਵਿੱਚ ਦੋਸ਼ੀ ਹੈ ਉਸ ਨੂੰ ਅਜੇ ਤੱਕ ਪੰਜਾਬ ਕਿਉਂ ਨਹੀਂ ਲਿਆਂਦਾ ਗਿਆ ਅਤੇ ਉਸ ਵਿਰੁੱਧ ਕਾਰਵਾਈ ਕਿਉਂ ਨਹੀਂ ਕੀਤੀ ਗਈ। ਉਨ੍ਹਾਂ 2017 ਮੌੜ ਬੰਬ ਧਮਾਕੇ ਮਾਮਲੇ ਵਿੱਚ ਵੀ ਡੇਰਾ ਸਿਰਸਾ ਮੁਖੀ ਦੀ ਤਾਰ ਜੁੜੀ ਹੋਣ ਦੀ ਗੱਲ ਆਖੀ ਅਤੇ ਪੰਜਾਬ ਸਰਕਾਰ ਨੂੰ ਸਵਾਲ ਕੀਤਾ ਕਿ ਇਸ ਮਾਮਲੇ ਵਿੱਚ ਸੱਤ ਮਾਸੂਮ ਜਾਨਾਂ ਨੂੰ ਕਤਲ ਕਰਨ ਵਾਲੇ ਦੋਸ਼ੀ ਕੌਣ ਹਨ?

ਜ਼ਿੰਦਾ ਸ਼ਹੀਦ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਸਬੰਧੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਦੋਂ ਸੈਂਕੜੇ ਲੋਕਾਂ ਨੂੰ ਕਤਲ ਕਰਨ ਵਾਲੇ ਕੈਦੀਆਂ ਨੂੰ ਦੇਸ਼ ਦੇ ਰਾਸ਼ਟਰਪਤੀ ਰਿਹਾਅ ਕਰ ਸਕਦੇ ਹਨ ਤਾਂ ਫਿਰ ਸਿੱਖਾਂ ਨਾਲ ਕੇਂਦਰ ਸਰਕਾਰ ਦੋਹਰੇ ਮਾਪਦੰਡ ਕਿਉਂ ਅਪਣਾ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਪ੍ਰਧਾਨ ਮੰਤਰੀ ਦੇ ਕਤਲ ਮਾਮਲੇ ਵਿੱਚ ਕੈਦੀਆਂ ਨੂੰ ਛੱਡਿਆ ਜਾ ਸਕਦਾ ਹੈ ਤਾਂ ਫਿਰ ਸੂਬੇ ਦੇ ਮੁੱਖ ਮੰਤਰੀ ਦੇ ਮਾਮਲੇ ਵਿੱਚ ਕੈਦੀਆਂ ਨੂੰ ਰਿਹਾਅ ਕਿਉਂ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਹ ਸਪੱਸ਼ਟ ਕਰਨਾ ਪਵੇਗਾ ਕਿ ਉਹ ਸਿੱਖਾਂ ਪ੍ਰਤੀ ਦੋਹਰੀ ਨੀਤੀ ਕਿਉਂ ਅਪਣਾ ਰਹੀ ਹੈ, ਜਦੋਂਕਿ ਸਰਕਾਰ ਨੇ 2019 ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਮੌਕੇ ਇਹ ਨੋਟੀਫਿਕੇਸ਼ਨ ਜਾਰੀ ਕੀਤੀ ਹੈ ਕਿ ਉਹ ਭਾਈ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰੇਗੀ, ਲੇਕਿਨ ਅੱਜ 2026 ਆ ਗਿਆ, ਪਰੰਤੂ ਹੁਣ ਤੱਕ ਅਜਿਹਾ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਭਾਈ ਰਾਜੋਆਣਾ ਦੇ ਮਾਮਲੇ ਉੱਤੇ ਦੀਰਘ ਵਿਚਾਰ ਹੋਈ ਹੈ ਅਤੇ ਆਉਣ ਵਾਲੇ ਸਮੇਂ ਅੰਦਰ ਯੋਗ ਫੈਸਲਾ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਮੂਹ ਵਿਚਾਰਵਾਨਾਂ ਨੇ ਇਹ ਇਕਜੁੱਟਤਾ ਦੇ ਨਾਲ ਕਿਹਾ ਹੈ ਕਿ ਉਹ ਸਮੂਹ ਬੰਦੀ ਸਿੰਘਾਂ ਅਤੇ ਭਾਈ ਰਾਜੋਆਣਾ ਦੇ ਨਾਲ ਖੜ੍ਹੇ ਹਨ।

ਇਸ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਜਿਨ੍ਹਾਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਮੂਹ ਨਿਹੰਗ ਸਿੰਘ ਦਲ ਪੰਥਾਂ ਦੀ ਤਰਫੋਂ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਮਦਮੀ ਟਕਸਾਲ ਦੀ ਤਰਫੋਂ ਸ. ਸ਼ਮਸ਼ੇਰ ਸਿੰਘ ਜੇਠੂਵਾਲ, ਸੀਨੀਅਰ ਐਡਵੋਕੇਟ ਸ. ਪੂਰਨ ਸਿੰਘ ਹੁੰਦਲ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਕਿਰਨਜੋਤ ਕੌਰ, ਐਡਵੋਕੇਟ ਬਰਜਿੰਦਰ ਸਿੰਘ ਸੋਢੀ, ਦਲ ਖ਼ਾਲਸਾ ਤੋਂ ਸ. ਕੰਵਰਪਾਲ ਸਿੰਘ, ਐਡਵੋਕੇਟ ਸ. ਸਿਮਰਨਜੀਤ ਸਿੰਘ, ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਤੋਂ ਸ. ਗੁਰਪ੍ਰੀਤ ਸਿੰਘ, ਐਡਵੋਕੇਟ ਸ. ਬਰਜਿੰਦਰ ਸਿੰਘ ਲੂੰਬਾ, ਸ. ਬਲਦੀਪ ਸਿੰਘ ਰਾਮੂਵਾਲੀਆ, ਡਾ. ਐੱਮ. ਐੱਸ. ਰੰਧਾਵਾ, ਗੰਗਵੀਰ ਸਿੰਘ ਰਾਠੌੜ, ਬਾਬਾ ਬਖਸ਼ੀਸ਼ ਸਿੰਘ ਆਦਿ।

ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮ ਸਾਡੇ ਲਈ ਇਲਾਹੀ ਹੁਕਮ: ਸੰਧਵਾਂ

ਸਤਿਕਾਰ ਨਾਲ ਪੇਸ਼ ਹੋ ਕੇ ਆਪਣੀ ਗੱਲ ਪੰਥ ਦੇ ਸਨਮੁੱਖ ਰੱਖਣ ਲਈ ਪਾਬੰਦ ਹਾਂ, ਕਿਉਂਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮ ਸਾਡੇ ਲਈ ਇਲਾਹੀ ਹੁਕਮ ਹੈ।

ਹੁਣ ਵਿਦੇਸ਼ ਜਾਣ ਦੀ ਲੋੜ ਨਹੀਂ; ਸਾਡੀ ਸਰਕਾਰ ਸਭ ...

'ਤੇ ਬੇਬੁਨਿਆਦ ਅਤੇ ਤਰਕਹੀਣ ਦੋਸ਼ ਲਾ ਰਹੇ ਹਨ, ਜੋ ਸਪੱਸ਼ਟ ਤੌਰ 'ਤੇ ਉਨ੍ਹਾਂ ਦੀ ਨਿਰਾਸ਼ਾ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਮੈਨੂੰ ਲੋਕਾਂ ਦੀ ਦੌਲਤ ਲੁੱਟਣ ਦਾ ਤਾਂ ਕੋਈ ਤਜਰਬਾ ਨਹੀਂ, ਪਰ ਮੈਂ ਆਮ ਲੋਕਾਂ ਦੇ ਦੁੱਖ ਵੰਡਾਉਣ ਅਤੇ ਉਨ੍ਹਾਂ ਦੇ ਮਸਲਿਆਂ ਨੂੰ ਹੱਲ ਕਰਨ ਦੀ ਜੁਅਰਤ ਜ਼ਰੂਰ ਰੱਖਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਸੂਬੇ ਦੀ ਭਲਾਈ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਸਮਰਪਿਤ ਹੋ ਕੇ ਕੰਮ ਕਰ ਰਹੇ ਹਨ, ਜਿਸ ਕਾਰਨ ਵਿਰੋਧੀ ਧਿਰ ਬੇਚੈਨੀ ਵਿੱਚ ਹੈ। ਉਨ੍ਹਾਂ ਕਿਹਾ ਕਿ ਕੁਝ ਸਿਆਸੀ ਆਗੂ ਇਨ੍ਹਾਂ ਗੱਲਾਂ ਨੂੰ ਹਜ਼ਮ ਨਹੀਂ ਕਰ ਪਾ ਰਹੇ ਜਿਸ ਕਾਰਨ ਉਹ ਵਾਰ-ਵਾਰ ਉਨ੍ਹਾਂ ਵਿਰੁੱਧ ਜ਼ਹਿਰ ਉਗਲ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀਆਂ ਘਟੀਆ ਚਾਲਾਂ ਉਨ੍ਹਾਂ ਨੂੰ ਸੂਬੇ ਦੇ ਲੋਕਾਂ ਦੀ ਸੇਵਾ ਕਰਨ ਤੋਂ ਨਹੀਂ ਰੋਕ ਸਕਦੀਆਂ ਅਤੇ ਉਹ ਸੂਬੇ ਦੇ ਸਮੁੱਚੇ ਵਿਕਾਸ ਲਈ ਨੇਕ ਕਾਰਜਾਂ ਨੂੰ ਇਸੇ ਤਰ੍ਹਾਂ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਆਗੂਆਂ ਨੇ ਕਦੇ ਵੀ ਸੂਬੇ ਜਾਂ ਇਸ ਦੇ ਲੋਕਾਂ ਦੀ ਪਰਵਾਹ ਨਹੀਂ ਕੀਤੀ, ਜਦਕਿ ਇਸਦੇ ਉਲਟ ਇਨ੍ਹਾਂ ਹੰਕਾਰੀ ਆਗੂਆਂ ਨੇ ਹਮੇਸ਼ਾ ਸੂਬੇ ਲਈ ਕੰਮ ਕਰਨ ਦੀ ਬਜਾਏ ਆਪਣੇ ਪਰਿਵਾਰਕ ਅਤੇ ਨਿੱਜੀ ਹਿੱਤਾਂ ਨੂੰ ਪਹਿਲ ਦਿੱਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਦਾ ਇਹ ਰਵੱਈਆ ਪੰਜਾਬ ਅਤੇ ਇਸ ਦੇ ਲੋਕਾਂ ਦੋਵਾਂ ਲਈ ਨੁਕਸਾਨਦੇਹ ਸਾਬਤ ਹੋਇਆ, ਜਿਸ ਕਾਰਨ ਲੋਕ ਉਨ੍ਹਾਂ ਨੂੰ ਕਦੇ ਮਾਫ਼ ਨਹੀਂ ਕਰਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਉਨ੍ਹਾਂ ਨੂੰ ਬਦਨਾਮ ਕਰਨ ਲਈ ਸਾਜ਼ਿਸ਼ਾਂ ਰਚ ਰਹੀਆਂ ਹਨ, ਕਿਉਂਕਿ ਉਹ ਸੂਬਾ ਸਰਕਾਰ ਵੱਲੋਂ ਜਨਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਤੋਂ ਈਰਖਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਆਗੂ ਇੱਕ ਦੂਜੇ ਨਾਲ ਹੱਥ ਮਿਲਾ ਕੇ ਚੱਲ ਰਹੇ ਹਨ ਅਤੇ ਸੱਤਾ ਵਿੱਚ ਰਹਿੰਦਿਆਂ ਇੱਕ ਦੂਜੇ ਦੇ ਹਿੱਤਾਂ ਨੂੰ ਸੁਰੱਖਿਅਤ ਰੱਖਣ ਲਈ ਸੱਤਾ ਦੀ ਕੁਰਸੀ ਦੀ ਖੇਡ ਖੇਡਦੇ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪ ਪਾਰਟੀ ਨੇ ਲੋਕਾਂ ਦੇ ਸਹਿਯੋਗ ਨਾਲ ਉਨ੍ਹਾਂ ਦੇ ਗਠਜੋੜ ਨੂੰ ਬੇਨਕਾਬ ਕਰਕੇ ਸੱਤਾ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ ਅਤੇ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਹੁਣ ਆਮ ਲੋਕਾਂ ਦੀਆਂ ਸਮੱਸਿਆਵਾਂ ਹੱਲ ਹੋ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਉਹ 5 ਮਈ ਨੂੰ ਭਾਰਤ ਦੇ ਰਾਸ਼ਟਰਪਤੀ ਨੂੰ ਮਿਲਣਗੇ ਅਤੇ ਆਗੂਆਂ ਦੀ ਦਲ ਬਦਲੀ ਵਿਰੁੱਧ ਸਖ਼ਤ ਉਪਬੰਧਾਂ ਦੀ ਮੰਗ ਕਰਨਗੇ, ਕਿਉਂਕਿ ਇਹ ਲੋਕਾਂ ਦੇ ਫਤਵੇ ਦਾ ਘੋਰ ਨਿਰਾਦਰ ਹੈ। ਉਨ੍ਹਾਂ ਕਿਹਾ ਕਿ ਮੌਕਾਪ੍ਰਸਤ ਆਗੂ ਆਪਣੇ ਸਵਾਰਥਾਂ ਦੀ ਪੂਰਤੀ ਲਈ ਆਪਣੀਆਂ ਇੱਛਾਵਾਂ ਅਨੁਸਾਰ ਆਪਣੀਆਂ ਪਾਰਟੀਆਂ ਬਦਲਦੇ ਰਹਿੰਦੇ ਹਨ ਜੋ ਕਿ ਪੂਰੀ ਤਰ੍ਹਾਂ ਗਲਤ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਆਗੂ ਲੋਕਾਂ ਦੇ ਫਤਵੇ ਦੀ ਪਿੱਠ ਵਿੱਚ ਛੁਰਾ ਮਾਰਦੇ ਹਨ ਜੋ ਕਿ ਪੂਰੀ ਤਰ੍ਹਾਂ ਅਣਉਚਿਤ ਹੈ ਅਤੇ ਇਸ ਨੂੰ ਰੋਕਣ ਲਈ ਕਾਨੂੰਨ ਬਣਾਉਣਾ ਸਮੇਂ ਦੀ ਲੋੜ ਹੈ।

ਮੁੱਖ ਮੰਤਰੀ ਨੇ ਕਿਹਾ

ਮਾਨ ਸਰਕਾਰ ਵੱਲੋਂ ਅਪ੍ਰੈਲ-2026 'ਚ ਵੈਟ ਤੇ ਪੀ.ਐਸ.ਡੀ.ਟੀ. ਪ੍ਰਾਪਤੀ 'ਚ ਦੋਹਰੇ ਅੰਕਾਂ ਦਾ ਵਾਧਾ : ਚੀਮਾ

ਚੰਡੀਗੜ੍ਹ, 3 ਮਈ (ਚ.ਨ.ਸ.): ਸੂਬੇ ਦੇ ਮਾਲੀਆ ਉਤਪਾਦਨ ਵਿੱਚ ਇੱਕ ਵੱਡੇ ਮੀਲ ਪੱਥਰ ਨੂੰ ਉਜਾਗਰ ਕਰਦਿਆਂ, ਪੰਜਾਬ ਦੇ ਵਿੱਤ, ਆਬਕਾਰੀ ਤੇ ਕਰ ਮੰਤਰੀ ਨੇ ਐਲਾਨ ਕੀਤਾ ਕਿ ਸੂਬੇ ਨੇ ਅਪ੍ਰੈਲ 2026 ਵਿੱਚ ਇੱਕ ਮਹੱਤਵਪੂਰਨ ਵਿੱਤੀ ਪੁਲਾਂਘ ਪੁੱਟਦਿਆਂ ਵੈਲਯੂ ਐਡਿਡ ਟੈਕਸ (ਵੈਟ) ਤੇ ਪੰਜਾਬ ਸਟੇਟ ਡਿਵੈਲਪਮੈਂਟ ਟੈਕਸ (ਪੀ.ਐਸ.ਡੀ.ਟੀ.) ਦੋਵਾਂ ਦੀ ਪ੍ਰਾਪਤੀ ਵਿੱਚ ਪ੍ਰਭਾਵਸ਼ਾਲੀ ਦੋਹਰੇ ਅੰਕਾਂ ਦਾ ਵਾਧਾ ਦਰਜ ਕੀਤਾ ਹੈ। ਵਿੱਤ ਮੰਤਰੀ ਨੇ ਕਿਹਾ, "ਸੂਬੇ ਨੇ ਸਫਲਤਾਪੂਰਵਕ ਇਹਨਾਂ ਦੋਵਾਂ ਖੇਤਰਾਂ ਤੋਂ ਲਗਭਗ 265 ਕਰੋੜ ਰੁਪਏ ਦਾ ਕੁੱਲ ਵਾਧੂ ਮਾਲੀਆ ਪ੍ਰਾਪਤ ਕੀਤਾ ਹੈ, ਜੋ ਕਿ ਪੂਰੀ ਤਰ੍ਹਾਂ ਨਾਲ ਬਿਹਤਰ ਨਿਗਰਾਨੀ ਪ੍ਰਣਾਲੀਆਂ, ਸਖ਼ਤ ਲਾਗੂਕਰਨ ਪ੍ਰੋਟੋਕੋਲ ਤੇ ਇੱਕ ਪਾਰਦਰਸ਼ੀ ਕਰ ਪ੍ਰਸ਼ਾਸਨਿਕ ਢਾਂਚੇ ਦੀ ਬਦੌਲਤ ਹਾਸਲ ਕੀਤੀ ਗਈ ਸਫ਼ਲਤਾ ਹੈ।"



ਇਸ ਵਿੱਤੀ ਸਫਲਤਾ ਦੇ ਵਿਸਤ੍ਰਿਤ ਵੇਰਵੇ ਸਾਂਝੇ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਨ੍ਹਾਂ ਵਿਸ਼ੇਸ਼ ਟੈਕਸ ਖੇਤਰਾਂ 'ਚ ਲਗਾਤਾਰ ਉੱਪਰ ਵੱਲ ਜਾਣ ਵਾਲਾ ਰੁਝਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਸਪੱਸ਼ਟ ਨੀਤੀਗਤ ਤਰਜੀਹਾਂ ਨੂੰ ਉਜਾਗਰ ਕਰਦਾ ਹੈ। ਵਿੱਤ ਮੰਤਰੀ ਨੇ ਕਿਹਾ, "ਮੈਨੂੰ ਇਹ ਐਲਾਨ ਕਰਦਿਆਂ ਖੁਸ਼ੀ ਹੋ ਰਹੀ ਹੈ ਕਿ ਸਾਡੀ ਵੈਟ ਪ੍ਰਾਪਤੀ ਨੇ ਅਪ੍ਰੈਲ 2026 ਦੇ ਮਹੀਨੇ ਲਈ 23.28% ਦਾ ਸ਼ਾਨਦਾਰ ਵਾਧਾ ਦਰਜ ਕੀਤਾ ਹੈ। ਇਸ ਮਹੱਤਵਪੂਰਨ ਵਾਧੇ ਨੇ ਸੂਬੇ ਦੇ ਖਜ਼ਾਨੇ ਲਈ ਲਗਭਗ 230 ਕਰੋੜ ਰੁਪਏ ਦਾ ਸ਼ੁੱਧ ਵਾਧਾ ਦਰਜ ਕੀਤਾ ਹੈ, ਜੋ ਕਿ ਕਰ ਪ੍ਰਸ਼ਾਸਨ ਤੇ ਪਾਲਣਾ 'ਚ ਸਾਡੇ ਨਿਰੰਤਰ ਸੁਧਾਰਾਂ ਨੂੰ ਦਰਸਾਉਂਦਾ ਹੈ।"

ਸੂਬੇ ਦੇ ਵਿਕਾਸ ਟੈਕਸ ਮਾਲੀਏ 'ਚ ਸਮੁੱਚੀ ਸਫਲਤਾ ਬਾਰੇ ਵਿਸਤਾਰ 'ਚ ਦੱਸਦਿਆਂ, ਵਿੱਤ ਮੰਤਰੀ ਚੀਮਾ ਨੇ ਪੀ.ਐਸ.ਡੀ.ਟੀ. ਖੇਤਰ 'ਚ ਦੇਖੇ ਗਏ ਬਹੁਤ ਹੀ ਸਕਾਰਾਤਮਕ ਰੁਝਾਨਾਂ ਦੀ ਤਫ਼ਸੀਲ ਦਿੱਤੀ। ਉਨ੍ਹਾਂ ਕਿਹਾ, "ਵੈਟ ਵਿੱਚ ਮਜ਼ਬੂਤ ਪ੍ਰਦਰਸ਼ਨ ਦੇ ਨਾਲ-ਨਾਲ, ਸਾਡੀ ਪੀ.ਐਸ.ਡੀ.ਟੀ. ਉਗਰਾਹੀ 'ਚ ਵੀ 20.43% ਦਾ ਪ੍ਰਭਾਵਸ਼ਾਲੀ ਵਾਧਾ ਹੋਇਆ ਹੈ। ਇਹ ਵਾਧਾ ਦਰ ਸਿੱਧੇ ਤੌਰ 'ਤੇ ਲਗਭਗ 35 ਕਰੋੜ ਰੁਪਏ ਦੇ ਇਜ਼ਾਫੇ ਵਿੱਚ ਤਬਦੀਲ ਹੋਈ ਹੈ। ਇਹ ਅੰਕੜੇ ਇਸ ਖੇਤਰ ਦੇ ਅੰਦਰ ਸਾਡੀ ਬਿਹਤਰ ਨਿਗਰਾਨੀ ਅਤੇ ਸਖ਼ਤ ਲਾਗੂਕਰਨ ਪ੍ਰੋਟੋਕੋਲ ਦਾ ਸਿੱਧਾ ਪ੍ਰਤੀਬਿੰਬ ਹਨ।"

ਵਿੱਤ ਮੰਤਰੀ ਚੀਮਾ ਨੇ ਇਸ ਸਮੁੱਚੀ ਆਰਥਿਕ ਤਰੱਕੀ ਦਾ ਸਿਹਰਾ ਉੱਨਤ ਨਿਗਰਾਨੀ ਰਣਨੀਤੀਆਂ ਨੂੰ ਲਗਨ ਨਾਲ ਲਾਗੂ ਕਰਨ ਅਤੇ ਨਿਰਪੱਖ ਸ਼ਾਸਨ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਿੱਤਾ। ਉਨ੍ਹਾਂ ਕਿਹਾ, "ਵੈਟ ਅਤੇ ਪੀ.ਐਸ.ਡੀ.ਟੀ. ਵਿੱਚ ਇਹ ਮਜ਼ਬੂਤ ਪ੍ਰਦਰਸ਼ਨ ਤਕਨਾਲੋਜੀ-ਸੰਚਾਲਿਤ ਲਾਗੂਕਰਨ ਨੂੰ ਸਰਗਰਮ ਕਰਦਾਤਿਆਂ ਦੀਆਂ ਸਹੂਲਤਾਂ ਨਾਲ ਜੋੜਨ ਦੀ ਸਾਡੀ ਸਰਕਾਰ ਦੀ ਕੇਂਦਰਿਤ ਰਣਨੀਤੀ ਨੂੰ ਰੇਖਾਂਕਿਤ ਕਰਦਾ ਹੈ। ਅਸੀਂ ਸਰਕਾਰੀ ਮਾਲੀਏ ਦੀ ਸੁਰੱਖਿਆ ਦੇ ਉਦੇਸ਼ ਨਾਲ ਇੱਕ ਮਜ਼ਬੂਤ ਲਾਗੂਕਰਨ ਢਾਂਚਾ ਬਣਾਇਆ ਹੈ। ਮੈਂ ਪੰਜਾਬ ਦੇ ਨਾਗਰਿਕਾਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਟੈਕਸ ਚੋਰੀ ਵਿਰੁੱਧ ਸਖ਼ਤ ਕਾਰਵਾਈਆਂ ਜਾਰੀ ਰਹਿਣਗੀਆਂ, ਅਤੇ ਇਸਦੇ ਨਾਲ ਹੀ ਅਸੀਂ ਟੈਕਸ ਨਿਯਮਾਂ ਦੀ ਪਾਲਣਾ ਕਰਨ ਵਾਲੇ ਸਾਰੇ ਕਰਦਾਤਿਆਂ ਲਈ ਇੱਕ ਪੂਰੀ ਤਰ੍ਹਾਂ ਨਿਰਪੱਖ ਤੇ ਪਾਰਦਰਸ਼ੀ ਟੈਕਸ ਪ੍ਰਣਾਲੀ ਨੂੰ ਵੀ ਯਕੀਨੀ ਬਣਾਈ ਰੱਖਾਂਗੇ।"

ਮਾਨ ਸਰਕਾਰ ਕਿਸਾਨਾਂ ਨੂੰ ਝੋਨੇ ਦੇ ਫ਼ਸਲੀ ਚੱਕਰ 'ਚੋਂ ਕੱਢਣ ਲਈ ਪ੍ਰਤੀ ਹੈਕਟੇਅਰ 17500 ਰੁਪਏ ਸਬਸਿਡੀ ਦੇਵੇਗੀ : ਖੁੱਡੀਆਂ

ਚੰਡੀਗੜ੍ਹ, 3 ਮਈ (ਚ.ਨ.ਸ.): ਸੂਬੇ ਦੇ ਕਿਸਾਨਾਂ ਨੂੰ ਪਾਣੀ ਦੀ ਜ਼ਿਆਦਾ ਖਪਤ ਕਰਨ ਵਾਲੀ ਝੋਨੇ ਦੇ ਫ਼ਸਲ 'ਚੋਂ ਕੱਢ ਕੇ ਫਸਲੀ ਵਿਭਿੰਨਤਾ ਵੱਲ ਉਤਸ਼ਾਹਿਤ ਕਰਨ ਲਈ ਅਹਿਮ ਕਦਮ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 2026-27 ਸੀਜ਼ਨ ਲਈ ਸਾਉਣੀ ਦੀ ਮੱਕੀ ਵਿਭਿੰਨਤਾ ਯੋਜਨਾ ਨੂੰ ਛੇ ਜ਼ਿਲ੍ਹਿਆਂ ਤੋਂ ਹੁਣ 16 ਜ਼ਿਲ੍ਹਿਆਂ ਤੱਕ ਵਧਾਉਣ ਦਾ ਫੈਸਲਾ ਕੀਤਾ ਹੈ, ਜਿਸ ਵਾਸਤੇ ਕਿਸਾਨਾਂ ਨੂੰ ਪ੍ਰਤੀ ਹੈਕਟੇਅਰ 17,500 ਰੁਪਏ ਦਾ ਵਿੱਤੀ ਲਾਭ ਵੀ ਦਿੱਤਾ ਜਾਵੇਗਾ। ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਫੈਸਲਾ 2025-26 ਸਾਉਣੀ ਸੀਜ਼ਨ ਦੌਰਾਨ ਛੇ ਜ਼ਿਲ੍ਹਿਆਂ 'ਚ ਲਾਗੂ ਕੀਤੇ ਗਏ ਪਾਇਲਟ ਪ੍ਰੋਜੈਕਟ ਨੂੰ ਕਿਸਾਨਾਂ ਵੱਲੋਂ ਵੱਡਾ ਹੁੰਗਾਰਾ ਮਿਲਣ ਬਾਅਦ ਲਿਆ ਗਿਆ ਹੈ। ਖੁੱਡੀਆਂ ਨੇ ਕਿਸਾਨਾਂ ਨੂੰ ਝੋਨੇ ਤੋਂ ਸਾਉਣੀ ਮੱਕੀ ਦੀ ਕਾਸ਼ਤ ਵੱਲ ਜਾਣ ਲਈ ਉਤਸ਼ਾਹਿਤ ਕਰਕੇ ਸੂਬੇ 'ਚ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਇਸ ਪ੍ਰਾਜੈਕਟ ਦੇ ਵਿਸਥਾਰ ਨੂੰ ਇੱਕ "ਨਿਰਣਾਇਕ ਕਦਮ" ਦੱਸਿਆ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਅੰਮ੍ਰਿਤਸਰ, ਬਠਿੰਡਾ, ਫਤਿਹਗੜ੍ਹ ਸਾਹਿਬ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਲੁਧਿਆਣਾ, ਮੋਗਾ, ਪਟਿਆਲਾ, ਪਠਾਨਕੋਟ, ਰੂਪਨਗਰ, ਸੰਗਰੂਰ, ਐਸਏਐਸ ਨਗਰ, ਐਸਬੀਐਸ ਨਗਰ ਅਤੇ ਤਰਨ ਤਾਰਨ ਵਿੱਚ 20,000 ਹੈਕਟੇਅਰ (50000 ਏਕੜ) ਰਕਬੇ ਨੂੰ ਸਾਉਣੀ ਦੀ ਮੱਕੀ ਅਧੀਨ ਲਿਆਉਣ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਲਈ ਕਿਸਾਨਾਂ ਨੂੰ ਪਿਛਲੇ ਸਾਲ ਵਾਂਗ ਪ੍ਰਤੀ ਹੈਕਟੇਅਰ 17,500 ਰੁਪਏ ਦੀ ਸਬਸਿਡੀ ਵੀ ਦਿੱਤੀ ਜਾਵੇਗੀ। ਇਸ



ਵਿੱਚੋਂ 4,500 ਰੁਪਏ ਬਲਾਕ ਖੇਤੀਬਾੜੀ ਦਫ਼ਤਰ ਵਿਖੇ ਲਾਗਤ (ਇਨਪੁੱਟ) ਬਿੱਲ ਜਮ੍ਹਾਂ ਕਰਵਾਉਣ 'ਤੇ ਜਾਰੀ ਕੀਤੇ ਜਾਣਗੇ, ਜਦੋਂਕਿ ਬਾਕੀ 13,000 ਰੁਪਏ ਲਾਜ਼ਮੀ ਜੀਓ-ਟੈਗਡ ਫ਼ਸਲ ਤਸਦੀਕ ਤੋਂ ਬਾਅਦ ਦੋ ਕਿਸ਼ਤਾਂ ਵਿੱਚ ਅਦਾ ਕੀਤੇ ਜਾਣਗੇ।

ਸੂਬੇ ਦੇ ਭੂਮੀਗਤ ਪਾਣੀ ਦੇ ਕੀਮਤੀ ਸਰੋਤਾਂ ਨੂੰ ਬਚਾਉਣ ਲਈ ਸੂਬੇ ਦੇ ਕਿਸਾਨਾਂ ਨੂੰ ਸਾਉਣੀ ਦੀ ਮੱਕੀ ਬੀਜਣ ਦੀ ਅਪੀਲ ਕਰਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਇਛੁੱਕ ਕਿਸਾਨ ਸਰਕਾਰ ਦੀ ਵੈੱਬਸਾਈਟ https://agrimachinerypb.com ਉਤੇ ਰਜਿਸਟਰ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਲਈ ਇੱਕ ਲਾਜ਼ਮੀ ਜੇ-ਫਾਰਮ ਤੇ ਖੇਤ ਦੀ ਜੀਓ-ਟੈਗਿੰਗ ਦੀ ਲੋੜ ਹੋਵੇਗੀ ਤਾਂ ਜੋ ਇਹ ਪੁਸ਼ਟੀ ਕੀਤੀ ਜਾ ਸਕੇ ਕਿ ਬਿਨੈਕਾਰ ਕਿਸਾਨ ਨੇ ਪਿਛਲੇ ਸਾਲ ਝੋਨਾ ਲਾਇਆ ਸੀ, ਜੋ ਇਸ ਸਾਲ ਮੱਕੀ ਦੀ ਕਾਸ਼ਤ ਵੱਲ ਜਾ ਰਿਹਾ ਹੈ। ਖੁੱਡੀਆਂ ਨੇ ਅੱਗੇ ਦੱਸਿਆ ਕਿ ਉੱਨਤ ਕਿਸਾਨ ਪੋਰਟਲ ਰਾਹੀਂ ਤਸਦੀਕ ਦੋ ਪੜਾਵਾਂ ਵਿੱਚ ਕੀਤੀ ਜਾਵੇਗੀ। ਪਹਿਲਾ 15 ਤੋਂ 25 ਜੁਲਾਈ ਤੱਕ, ਜਿਸ ਤੋਂ ਬਾਅਦ 5 ਅਗਸਤ ਤੋਂ 15 ਅਗਸਤ, 2026 ਤੱਕ ਦੂਜਾ ਪੜਾਅ ਹੋਵੇਗਾ। ਹਰੇਕ ਤਸਦੀਕ ਤੋਂ ਬਾਅਦ ਜ਼ਿਲ੍ਹਾ ਮੁੱਖ ਖੇਤੀਬਾੜੀ ਅਫਸਰ ਪ੍ਰਤੀ ਹੈਕਟੇਅਰ ਕ੍ਰਮਵਾਰ 9500 ਰੁਪਏ ਅਤੇ 7500 ਰੁਪਏ ਜਾਰੀ ਕਰਨਗੇ। ਖੇਤੀਬਾੜੀ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਰਜਿਸਟ੍ਰੇਸ਼ਨ ਤੋਂ ਲੈ ਕੇ ਤਸਦੀਕ ਤੱਕ ਦੀ ਪੂਰੀ ਪ੍ਰਕਿਰਿਆ ਨੂੰ ਡਿਜੀਟਲ ਕੀਤਾ ਗਿਆ ਹੈ ਤਾਂ ਜੋ ਪਾਰਦਰਸ਼ਤਾ ਅਤੇ ਯੋਗ ਤੇ ਸਹੀ ਲਾਭਪਾਤਰੀਆਂ ਨੂੰ ਸਮੇਂ ਸਿਰ ਸਬਸਿਡੀ ਦੀ ਵੰਡ ਯਕੀਨੀ ਬਣਾਇਆ ਜਾ ਸਕੇ। ਗੁਰਮੀਤ ਸਿੰਘ ਖੁੱਡੀਆਂ ਨੇ ਫੀਲਡ ਸਟਾਫ ਨੂੰ ਇਸ ਯੋਜਨਾ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਲੋਕ ਜਾਗਰੂਕਤਾ ਮੁਹਿੰਮਾਂ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਯਕੀਨੀ ਖ਼ਰੀਦ ਵਿਧੀ ਦੇ ਨਾਲ 17500 ਰੁਪਏ ਪ੍ਰਤੀ ਹੈਕਟੇਅਰ ਦੀ ਵਿੱਤੀ ਸਹਾਇਤਾ ਉਪਲਬਧ ਕਰਵਾ ਕੇ ਮੱਕੀ ਨੂੰ ਝੋਨੇ ਦਾ ਇੱਕ ਵਿਹਾਰਕ ਤੇ ਟਿਕਾਊ ਵਿਕਲਪ ਬਣਾਉਣ ਲਈ ਯਤਨਸ਼ੀਲ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਦੋ-ਫ਼ਸਲੀ (ਝੋਨਾ-ਕਣਕ) ਚੱਕਰ ਹੁਣ ਟਿਕਾਊ ਨਹੀਂ ਰਿਹਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਸਿਰਫ਼ ਇੱਕ ਫ਼ਸਲ ਨੂੰ ਬਦਲਣ ਬਾਰੇ ਨਹੀਂ ਸਗੋਂ ਇਹ ਪੰਜਾਬ ਦੇ ਪਾਣੀ ਨੂੰ ਸੁਰੱਖਿਅਤ ਕਰਨ ਤੇ ਸੂਬੇ ਦੇ ਕਿਸਾਨਾਂ ਲਈ ਵੱਧ ਮੁਨਾਫ਼ਾ ਯਕੀਨੀ ਬਣਾਉਣ ਬਾਰੇ ਹੈ।

ਨਸ਼ਾ ਤਸਕਰੀ ਨੈਟਵਰਕ ਦੇ ਤਿੰਨ ਕਾਰਕੁੰਨ 12 ਕਿੱਲੋ ਹੈਰੋਇਨ ਸਮੇਤ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 3 ਮਈ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਮਾਡਿਊਲ ਦੇ ਤਿੰਨ ਕਾਰਕੁਨਾਂ ਨੂੰ 12 ਕਿੱਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸਾਂਝੀ ਕੀਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਜੰਟ ਸਿੰਘ ਵਾਸੀ ਪਿੰਡ ਸਕਤਰਾ (ਤਰਨ ਤਾਰਨ), ਅਰਵਿੰਦਰ ਸਿੰਘ ਤੇ ਜਸ਼ਨਪ੍ਰੀਤ ਸਿੰਘ ਦੋਵੇਂ ਵਾਸੀ ਪਿੰਡ ਬੁੱਗਾ ਜ਼ਿਲ੍ਹਾ ਤਰਨ ਤਾਰਨ ਵਜੋਂ ਹੋਈ ਹੈ। ਨਸ਼ੀਲੇ ਪਦਾਰਥਾਂ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਖੇਪ ਦੀ ਢੋਆ-ਢੁਆਈ ਲਈ ਵਰਤੇ ਜਾ ਰਹੇ ਉਨ੍ਹਾਂ ਦੇ ਕਾਲੇ ਰੰਗ ਦੇ ਹੀਰੋ ਮੋਟਰਸਾਈਕਲ (ਪੀਬੀ46 ਏਐਲ 2286) ਨੂੰ ਵੀ ਜ਼ਬਤ ਕੀਤਾ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਗੁਰਜੰਟ ਸਿੰਘ ਪਾਕਿਸਤਾਨ ਅਧਾਰਤ ਤਸਕਰ ਦੇ ਸੰਪਰਕ ਵਿੱਚ ਸੀ। ਉਨ੍ਹਾਂ ਦੱਸਿਆ ਕਿ ਗੁਰਜੰਟ ਨੂੰ ਪਾਕਿਸਤਾਨੀ ਤਸਕਰ ਨੇ ਉਸਦੇ ਪਿੰਡ ਦੇ ਆਲੇ-ਦੁਆਲੇ ਤੋਂ ਸਰਹੱਦ ਪਾਰੋਂ ਡਰੋਨ ਰਾਹੀਂ ਪਹੁੰਚਾਈ ਗਈ ਹੈਰੋਇਨ ਦੀ ਖੇਪ ਹਾਸਲ ਕਰਨ ਦਾ ਜ਼ਿੰਮਾ ਸੌਂਪਿਆ ਸੀ, ਜੋ ਉਸ ਨੇ ਅੱਗੇ ਆਪਣੇ ਸਾਥੀਆਂ ਅਰਵਿੰਦਰ ਸਿੰਘ ਅਤੇ ਜਸ਼ਨਪ੍ਰੀਤ ਸਿੰਘ ਨੂੰ ਡਿਲੀਵਰ ਕਰਨੀ ਸੀ। ਆਪ੍ਰੇਸ਼ਨ ਸੰਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਅੰਮ੍ਰਿਤਸਰ ਪੁਲਿਸ ਨੂੰ ਇਤਲਾਹ ਮਿਲੀ ਸੀ ਕਿ ਗੁਰਜੰਟ ਨੂੰ ਡਰੋਨ ਰਾਹੀਂ ਇੱਕ ਵੱਡੀ ਖੇਪ




ਪ੍ਰਾਪਤ ਹੋਈ ਹੈ ਤੇ ਉਹ ਇਸ ਖੇਪ ਨੂੰ ਅੱਗੇ ਆਪਣੇ ਸਾਥੀਆਂ ਤੱਕ ਪਹੁੰਚਾਉਣ ਜਾ ਰਿਹਾ ਹੈ। ਇਸ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦਿਆਂ ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੇ ਟੋਲ ਪਲਾਜ਼ਾ ਦੇ ਨੇੜੇ ਅੰਮ੍ਰਿਤਸਰ ਤੋਂ ਛਬਾਲ ਰੋਡ ਦੇ ਆਲੇ-ਦੁਆਲੇ ਵਿਸ਼ੇਸ਼ ਨਾਕੇ ਲਗਾਏ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਤਿੰਨ ਮੁਲਜ਼ਮਾਂ ਨੂੰ ਰੋਕਿਆ ਅਤੇ ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ 12 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ। ਡੀਜੀਪੀ ਨੇ ਕਿਹਾ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇ- ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਇਸ ਸਬੰਧ ਵਿੱਚ ਐਫਆਈਆਰ ਨੰ. 28 ਮਿਤੀ 02-05-2026 ਨੂੰ ਐਨਡੀਪੀਐਸ ਐਕਟ ਦੀ ਧਾਰਾ 21, 25 ਅਤੇ 29 ਤਹਿਤ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ ਹੈ।

ਮਾਨ ਸਰਕਾਰ ਨੇ ਪੰਜਾਬ ਪੁਲਿਸ ਨੂੰ ਗੈਂਗਸਟਰਾਂ 'ਤੇ ਸ਼ਿਕੰਜਾ ਕੱਸਣ ਲਈ ਕੀਤਾ ਹੋਰ ਮਜ਼ਬੂਤ : ਬਲਤੇਜ ਪੰਨੂ

ਪੁਲਿਸ ਨੇ ਦੁਨੀਆਂ ਭਰ 'ਚ ਬੈਠੇ ਲਗਭਗ 3 ਲੱਖ ਤੋਂ ਵੱਧ ਦੋਸ਼ੀਆਂ ਦਾ ਡਾਟਾਬੇਸ ਬਣਾਇਆ

ਚੰਡੀਗੜ੍ਹ, 3 ਮਈ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਵਿੱਚ ਅਮਨ-ਕਾਨੂੰਨ ਤੇ ਨਸ਼ਾ ਮੁਕਤੀ ਲਈ ਚੁੱਕੇ ਜਾ ਰਹੇ ਕ੍ਰਾਂਤੀਕਾਰੀ ਕਦਮਾਂ ਦੀ ਜਾਣਕਾਰੀ ਸਾਂਝੀ ਕੀਤੀ। ਗੈਂਗਸਟਰਾਂ 'ਤੇ ਸ਼ਿਕੰਜਾ ਮਜ਼ਬੂਤ ਕਰਨ ਲਈ ਪੰਜਾਬ ਪੁਲਿਸ ਦੀ ਤਕਨੀਕੀ ਤਰੱਕੀ ਬਾਰੇ ਚਰਚਾ ਕਰਦਿਆਂ ਪੰਨੂ ਨੇ ਕਿਹਾ ਕਿ ਸਾਡੀ ਪੁਲਿਸ ਹੁਣ ਪੂਰੀ ਤਰ੍ਹਾਂ ਹਾਈ-ਟੈਕ ਹੋ ਚੁੱਕੀ ਹੈ। ਹੁਣ ਗੈਂਗਸਟਰਾਂ ਨੂੰ ਨੱਥ ਪਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਦੀ ਮਦਦ ਲਈ ਜਾ ਰਹੀ ਹੈ। ਪੰਜਾਬ ਪੁਲਿਸ ਨੇ ਇੱਕ ਆਧੁਨਿਕ 'ਵੌਇਸ ਬੈਂਕ' ਤਿਆਰ ਕੀਤਾ ਹੈ ਜਿਸ 'ਚ 84,000 ਤੋਂ ਵੱਧ ਦੋਸ਼ੀਆਂ ਤੇ ਸ਼ੱਕੀਆਂ ਦੇ ਵੌਇਸ ਸੈਂਪਲ ਲਏ ਗਏ ਹਨ।



ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਸ਼ੰਭੂ ਧਮਾਕੇ ਦੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਪੁਲਿਸ ਨੇ ਸਾਰੇ ਮੁਲਜ

ਸੰਪਾਦਕੀ

ਨਸ਼ਾ ਤਸਕਰਾਂ ਵਿਰੁੱਧ ਪੰਜਾਬ ਸਰਕਾਰ ਦੀ ਕਾਰਵਾਈ ਦੇ ਬਿਹਤਰ ਨਤੀਜੇ ਆਏ ਸਾਹਮਣੇ

ਪੰਜਾਬ ਸਰਕਾਰ ਵੱਲੋਂ ਨਸ਼ਾ ਤਰਕਰਾਂ ਵਿਰੁੱਧ ਵਿੱਢੀ ਕਾਰਵਾਈ ਦੇ ਚੰਗੇ ਨਤੀਜੇ ਦੇਖਣ ਨੂੰ ਮਿਲੇ ਹਨ। ਇਸ ਤਹਿਤ ਸਰਕਾਰੀ ਦਾਅਵਿਆਂ ਮੁਤਾਬਕ 2730 ਕਰੋੜ ਰੁਪਏ ਦੀ ਜਾਇਦਾਦ ਵੀ ਜ਼ਬਤ ਕੀਤੀ ਗਈ ਹੈ। ਸਰਕਾਰ ਦਾ ਇਹ ਵੀ ਦਾਅਵਾ ਹੈ ਇਸ ਮੁਹਿੰਮ ਦੌਰਾਨ 85000 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਵੀ ਕੀਤਾ ਗਿਆ ਹੈ। ਸੱਚਾਈ ਇਹ ਹੈ ਕਿ ਜੇਕਰ ਸਰਕਾਰ ਦੀ ਦ੍ਰਿੜ ਇੱਛਾ ਸ਼ਕਤੀ ਹੋਵੇ ਤਾਂ ਨਸ਼ਾ ਜੜ੍ਹੋਂ ਖ਼ਤਮ ਕੀਤਾ ਜਾ ਸਕਦਾ ਹੈ। ਪਿਛੋਕੜ 'ਤੇ ਝਾਤ ਮਾਰੀਏ ਤਾਂ ਪਤਾ ਚੱਲਦਾ ਹੈ ਨਸ਼ਾ ਤਸਕਰਾਂ ਦੇ ਸਰਕਾਰ ਦੇ ਉਚ ਅਹੁਦਿਆਂ 'ਤੇ ਬਿਰਾਜਮਾਨ ਆਗੂਆਂ ਦੀ ਨਸ਼ਾ ਤਸਕਰਾਂ ਨੂੰ ਪੁਸ਼ਤ ਪਨਾਹੀ ਰਹੀ ਹੈ, ਜਿਸਦੇ ਚਲਦਿਆਂ ਇਹ ਗੋਰਖ ਧੰਦਾ ਬਹੁਤ ਤੇਜ਼ੀ ਨਾਲ ਵਧਿਆ ਅਤੇ ਪੰਜਾਬ ਦੇ ਅਣਗਿਣਤ ਨੌਜਵਾਨ ਇਸ ਨੇ ਨਿਗਲ ਲਏ। ਜਦੋਂ 2017 ਵਿਚ ਚੋਣਾਂ ਮੌਕੇ ਕੈਪਟਨ ਅਮਰਿੰਦਰ ਸਿੰਘ ਨੇ ਗੁਟਕਾ ਸਾਹਿਬ ਦੀ ਸਹੁੰ ਚੁੱਕ ਕੇ ਨਸ਼ਾ ਜੜ੍ਹੋਂ ਖ਼ਤਮ ਕਰਨ ਦੀ ਸਹੁੰ ਖਾਧੀ ਤਾਂ ਲੋਕਾਂ ਨੂੰ ਪੂਰਾ ਯਕੀਨ ਸੀ ਕਿ ਜੇਕਰ ਕੈਪਟਨ ਅਮਰਿੰਦਰ ਸਿੰਘ ਸੱਤਾ ਵਿਚ ਆਉਂਦੇ ਹਨ ਤਾਂ ਇਸ ਕੋਹੜ ਤੋਂ ਛੁਟਕਾਰਾ ਮਿਲ ਜਾਵੇਗਾ। ਪਰ ਦੁਖਦ ਪਹਿਲੂ ਇਹ ਰਿਹਾ ਕਿ ਉਸਦੇ ਸ਼ਾਸਨ ਦੌਰਾਨ ਨਸ਼ਾ ਬੇਰੋਕ ਵਿਕਿਆ ਅਤੇ ਪੁਲਿਸ ਦੀ ਕਾਰਵਾਈ ਵੀ ਨਾਂਮਾਤਰ ਰਹੀ। ਸੱਚ ਇਹ ਹੈ ਕਿ ਉਨ੍ਹਾਂ ਦੇ ਕਾਰਜਕਾਲ ਦੌਰਾਨ ਸੇਰ ਵਿਚ ਪੂਣੀ ਵੀ ਨਹੀਂ ਕੱਤੀ ਗਈ। ਫਿਰ ਲੋਕਾਂ ਨੇ 2022 ਵਿਚ ਉਸਨੂੰ ਬਾਹਰ ਦਾ ਰਸਤਾ ਦਿਖਾ ਦਿੱਤਾ ਅਤੇ ਆਮ ਆਦਮੀ ਨੂੰ ਸੱਤਾ ਸੌਂਪ ਦਿੱਤੀ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੀਤੇ ਵਾਅਦੇ ਮੁਤਾਬਕ ਨਸ਼ਿਆਂ ਵਿਰੁੱਧ ਪ੍ਰਭਾਵਸ਼ਾਲੀ ਕਦਮ ਉਠਾਏ ਹਨ, ਜਿਸਦੇ ਨਤੀਜੇ ਵੀ ਸਾਹਮਣੇ ਆਏ ਹਨ। ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਉਨ੍ਹਾਂ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਗਈਆਂ ਹਨ ਅਤੇ ਉਨ੍ਹਾਂ ਨੂੰ ਨਸ਼ਟ ਵੀ ਕੀਤਾ ਗਿਆ ਹੈ। ਰਾਜ ਦੀ ਪੁਲਿਸ ਲਈ ਇੱਕ ਵੱਡੀ ਸਿਰਦਰਦੀ ਇਹ ਹੈ ਕਿ ਉਹ ਅੰਤਰਰਾਸ਼ਟਰੀ ਪੱਧਰ 'ਤੇ ਫੈਲੇ ਇਸ ਜਾਲ ਵਿਰੁੱਧ ਪ੍ਰਭਾਵਸ਼ਾਲੀ ਕਦਮ ਨਹੀਂ ਉਠਾ ਸਕਦੀ ਕਿਉਂਕਿ ਪੰਜਾਬ ਇਕ ਸਰਹੱਦੀ ਸੂਬਾ ਹੈ, ਜਿਸ ਦੇ ਚਲਦਿਆਂ ਨਸ਼ਾ ਤਸਕਰ ਸਰਹੱਦ ਪਾਰੋਂ ਸੁਖਾਲਾ ਹੀ ਨਸ਼ਾ ਸਪਲਾਈ ਕਰਨ ਵਿਚ ਸਫ਼ਲ ਹੋ ਜਾਂਦੇ ਹਨ। ਭਾਵੇਂ ਪੁਲਿਸ ਅਤੇ ਸਰਹੱਦੀ ਫੋਰਸਾਂ ਨੇ ਸਾਂਝੇ ਆਪ੍ਰੇਸ਼ਨ ਕਰਕੇ ਨਸ਼ਿਆਂ ਦੀਆਂ ਵੱਡੀਆਂ ਖੇਪਾਂ ਫੜ੍ਹੀਆਂ ਵੀ ਹਨ ਪਰ ਫਿਰ ਵੀ ਨਸ਼ਾ ਤਸਕਰ ਨਵੇਂ ਨਵੇਂ ਤਰੀਕੇ ਕੱਢ ਕੇ ਨਸ਼ਾ ਸਪਲਾਈ ਕਰਨ ਵਿਚ ਕਾਮਯਾਬ ਹੋ ਜਾਂਦੇ ਹਨ। ਇਥੇ ਇਕ ਗੱਲ ਹੋਰ ਵਰਨਣਯੋਗ ਹੈ ਕਿ ਸਰਕਾਰ ਦੀਆਂ ਕੋਸ਼ਿਸ਼ਾਂ ਵਿਚ ਆਮ ਜਨਤਾ ਦੀ ਭਾਗੀਦਾਰੀ ਵੀ ਰਹੀ ਹੈ। ਉਨ੍ਹਾਂ ਨਸ਼ਾ ਤਸਕਰਾਂ ਨੂੰ ਫੜ੍ਹਾਉਣ ਵਿਚ ਪੁਲਿਸ ਦੀ ਬੇਖੌਫ ਹੋ ਕੇ ਮਦਦ ਵੀ ਕੀਤੀ ਹੈ। ਪਰ ਅਜੇ ਇਸ ਅਲਾਮਤ ਵਿਰੁੱਧ ਹੋਰ ਵੀ ਬਹੁਤ ਕੁਝ ਕਰਨਾ ਬਾਕੀ ਹੈ। ਨਸ਼ਾ ਤਸਕਰਾਂ ਵਿਰੁੱਧ ਕਾਨੂੰਨ ਹੋਰ ਸਖ਼ਤ ਬਣਾਉਣ ਦੀ ਲੋੜ ਹੈ। ਮਾਲਵੇ ਵਿਚ ਪਿੰਡਾਂ ਦੇ ਆਮ ਲੋਕ ਪੋਸਤ ਦੇ ਬਹੁਤ ਆਦੀ ਹਨ, ਉਨ੍ਹਾਂ ਲਈ ਨਸ਼ਾ ਛੁਡਾਊ ਕੇਂਦਰਾਂ ਵਿਚ ਬਿਹਤਰ ਇਲਾਜ ਯਕੀਨੀ ਬਣਾਉਣ ਦੀ ਜ਼ਰੂਰਤ ਹੈ। ਨੌਜਵਾਨ ਪੀੜ੍ਹੀ ਸਿੰਥੈਟਿਕ ਨਸ਼ਿਆਂ ਤੋਂ ਪੀੜਤ ਹੈ, ਜਿਨ੍ਹਾਂ ਨੂੰ ਛੁਡਾ ਸਕਣਾ ਇੰਨਾ ਅਸਾਨ ਨਹੀਂ। ਕਿਉਂਕਿ ਇਸ ਲਈ ਨਸ਼ਾ ਛੱਡਣ ਵਾਲੇ ਦੀ ਖੁਦ ਦੀ ਇੱਛਾ ਸ਼ਕਤੀ ਦਾ ਮਜ਼ਬੂਤ ਹੋਣਾ ਵੀ ਬਹੁਤ ਜ਼ਰੂਰੀ ਹੈ। ਪੀੜਤ ਦਾ ਨਸ਼ਾ ਛੁਡਾਉਣ ਲਈ ਯੂਥ ਕਲੱਬ ਅਤੇ ਪਿੰਡਾਂ ਦੀਆਂ ਪੰਚਾਇਤਾਂ ਵੀ ਪ੍ਰਭਾਵਸ਼ਾਲੀ ਰੋਲ ਅਦਾ ਕਰ ਸਕਦੀਆਂ ਹਨ। ਨੌਜਵਾਨਾਂ ਦੇ ਇਸ ਰੁਝਾਨ ਦੀ ਜੜ੍ਹ ਫਰੋਲਣੀ ਚਾਹੀਦੀ ਹੈ, ਬੇਰੁਜ਼ਗਾਰੀ ਇਸ ਅਲਾਮਤ ਦੀ ਜੜ੍ਹ ਹੈ। ਕਿਉਂਕਿ ਬੇਰੁਜ਼ਗਾਰ ਨੌਜਵਾਨ ਸਹਿਜੇ ਹੀ ਵਿਹਲੜਪੁਣੇ ਦੇ ਚਲਦਿਆਂ ਮਾੜੀ ਸੰਗਤ 'ਚ ਰਲਕੇ ਇਨ੍ਹਾਂ ਅਲਾਮਤਾਂ ਦਾ ਸ਼ਿਕਾਰ ਹੋ ਜਾਂਦੇ ਹਨ। ਸਰਕਾਰ ਨੂੰ ਚਾਹੀਦਾ ਹੈ ਕਿ ਨੌਜਵਾਨਾਂ ਲਈ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰੇ। ਜਦੋਂ ਉਹ ਕੰਮ ਕਾਰ ਵਿਚ ਵਿਅਸਤ ਹੋਣਗੇ ਤਾਂ ਉਨ੍ਹਾਂ ਦਾ ਬੁਰੀ ਸੰਗਤ ਵੱਲ ਜਾਣ ਦਾ ਰਸਤਾ ਆਪਣੇ ਆਪ ਬੰਦ ਹੋ ਜਾਵੇਗਾ। ਕਿਉਂਕਿ ਨੌਜਵਾਨਾਂ ਦਾ ਨਸ਼ਿਆਂ ਵਿਚ ਫਸਣ ਦਾ ਵੱਡਾ ਕਾਰਨ ਬੇਰੁਜ਼ਗਾਰੀ ਹੈ, ਇਸ ਲਈ ਸਰਕਾਰ ਪਹਿਲ ਦੇ ਅਧਾਰ 'ਤੇ ਉਨ੍ਹਾਂ ਨੂੰ ਆਹਰੇ ਲਾਵੇ ਤਾਂ ਇਹ ਸਮੱਸਿਆ ਖ਼ੁਦ ਬਖ਼ੁਦ ਘੱਟ ਜਾਵੇਗੀ। ਜ਼ਰੂਰਤ ਹੈ ਸਰਕਾਰ ਅਤੇ ਆਮ ਜਨਤਾ ਵੱਲੋਂ ਇਸ ਮੁੱਦੇ 'ਤੇ ਗੰਭੀਰਤਾ ਨਾਲ ਪਹਿਰਾ ਦੇਣ ਦੀ ਤਾਂ ਜੋ ਪੰਜਾਬ ਮੁੜ ਰੰਗਲਾ ਬਣ ਸਕੇ ਅਤੇ ਜਵਾਨੀ ਉਸਾਰੂ ਰਾਹਾਂ 'ਤੇ ਪੈ ਸਕੇ।

-ਜਗਜੀਤ ਸਿੰਘ ਦਰਦੀ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਪੰਥਕ ਰਾਜਨੀਤੀ ਦੀ ਭਵਿੱਖੀ ਰੂਪ ਰੇਖਾ ਦੱਸ ਕੇ ਪੰਥਕ ਮਸਲਿਆਂ ਨੂੰ ਲੋਕ ਮਨਾਂ ਨਾਲ ਜੋੜਿਆ

ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ 8 ਤਾਰੀਕ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤਲਬ ਕੀਤਾ

ਅੱਜ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੇ ਸਭ ਪੰਥਕ ਧਿਰਾਂ ਅਤੇ ਸਭ ਦਲਾਂ ਦੀ ਮੌਜੂਦਗੀ ਵਿੱਚ ਇੱਕ ਵਾਰ ਫਿਰ ਪੰਥ ਦੀ ਆਵਾਜ਼ ਨੂੰ ਜਨਤਾ ਦੇ ਸਾਹਮਣੇ ਰੱਖਿਆ ਹੈ। ਉਨ੍ਹਾਂ ਨੇ ਬਹੁਤ ਤਿੱਖੇ ਅਤੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਚਾਰ ਜਾਂ ਅੱਠ ਬੰਦੇ ਕੌਣ ਹੁੰਦੇ ਹਨ ਜੋ ਸਿੱਖ ਪੰਥ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਬਾਰੇ ਕਾਨੂੰਨ ਬਣਾ ਸਕਦੇ ਹਨ। ਗੁੱਸੇ ਅਤੇ ਤਾਕਤ ਨਾਲ ਭਰਪੂਰ ਇਸ ਬਿਆਨ ਨੇ ਪੰਜਾਬੀ ਰਾਜਨੀਤੀ ਅਤੇ ਪੰਥਕ ਸਫ਼ਾਂ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ਅੱਜ ਇਸ ਤੋਂ ਬਾਅਦ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ 8 ਤਾਰੀਖ਼ ਨੂੰ ਅਕਾਲ ਤਖਤ ਸਾਹਿਬ 'ਤੇ ਤਲਬ ਕੀਤਾ ਗਿਆ ਹੈ। ਇਸ ਘਟਨਾ ਨੇ ਪੰਥਕ ਰਾਜਨੀਤੀ ਅਤੇ ਸੂਬਾਈ ਰਾਜਨੀਤੀ ਵਿਚਾਲੇ ਇੱਕ ਨਵਾਂ ਟਕਰਾਅ ਖੜ੍ਹਾ ਕਰ ਦਿੱਤਾ ਹੈ।ਇਹ ਮੁੱਦਾ ਸਿਰਫ਼ ਇੱਕ ਵਿਅਕਤੀ ਜਾਂ ਇੱਕ ਇਜਲਾਸ ਤੱਕ ਸੀਮਤ ਨਹੀਂ ਹੈ। ਇਹ ਮੁੱਦਾ ਸਿੱਖ ਪੰਥ ਦੀ ਅਜ਼ਾਦੀ, ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਅਤੇ ਰਾਜਨੀਤੀ ਵਿੱਚ ਧਰਮ ਦੇ ਦਖਲ ਬਾਰੇ ਹੈ। ਇਸ ਨੇ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਅੱਜ ਸਿੱਧੇ ਸ਼ਬਦਾਂ ਵਿੱਚ ਪੰਥਕ ਰਾਜਨੀਤੀ ਨੂੰ ਲੋਕ ਮਨਾਂ ਨਾਲ ਜੋੜਦੇ ਹੋਏ ਆਪਣੇ ਮਨ ਦੀ ਗੱਲ ਕੀਤੀ ਹੈ ਅਤੇ ਇਹ ਗੱਲ ਉਸ ਵੇਲੇ ਹੋਈ ਹੈ ਕਿ ਜਦੋਂ ਪੰਥਕ ਵਿਚਾਰਧਾਰਾ ਦੀਆਂ ਸਾਰੀਆਂ ਪਾਰਟੀਆਂ ਅਤੇ ਸਾਰੇ ਦਲ ਇਕੱਠੇ ਹੋਏ ਸਨ ।

ਉਹਨਾਂ ਨੇ ਕਿਹਾ ਕਿ ਕੋਈ ਅਜਿਹੀ ਤਾਕਤ ਨਹੀਂ ਹੈ ਕਿ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਬਾਰੇ ਕੋਈ ਕਾਨੂੰਨ ਬਣਾ ਕੇ ਉਹਨਾਂ ਨੂੰ ਕਾਨੂੰਨ ਦੇ ਦਾਇਰੇ ਵਿੱਚ ਲਿਆਵੇ । ਇਸ ਨਾਲ ਚਰਚਾ ਤੇਜ਼ ਹੋ ਗਈ ਹੈ ਅਤੇ ਨਤੀਜੇ ਵਜੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਅੱਠ ਤਾਰੀਖ਼ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕੀਤਾ ਗਿਆ ਹੈ। ਜਿਸ ਦੇ ਪ੍ਰਭਾਵ ਵੱਡੇ ਹਨ।

ਅੱਜ ਅਕਾਲ ਤਖਤ ਸਾਹਿਬ ਦੀ ਆਵਾਜ਼ 'ਤੇ ਪੰਥਕ ਰਾਜਨੀਤੀ ਦੀ ਨਵੀਂ ਲਹਿਰ ਅਤੇ ਆਉਣ ਵਾਲੀਆਂ ਚੋਣਾਂ ਉੱਤੇ ਡੂੰਘਾ ਅਸਰ ਪਾ ਸਕਦੀ ਹੈ।

ਅੱਜ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੇ ਸਭ ਪੰਥਕ ਧਿਰਾਂ ਅਤੇ ਸਭ ਦਲਾਂ ਦੀ ਮੌਜੂਦਗੀ ਵਿੱਚ ਇੱਕ ਵਾਰ ਫਿਰ ਪੰਥ ਦੀ ਆਵਾਜ਼ ਨੂੰ ਜਨਤਾ ਦੇ ਸਾਹਮਣੇ ਰੱਖਿਆ ਹੈ। ਉਨ੍ਹਾਂ ਨੇ ਬਹੁਤ ਤਿੱਖੇ ਅਤੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਚਾਰ ਜਾਂ ਅੱਠ ਬੰਦੇ ਕੌਣ ਹੁੰਦੇ ਹਨ ਜੋ ਸਿੱਖ ਪੰਥ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਬਾਰੇ ਕਾਨੂੰਨ ਬਣਾ ਸਕਦੇ ਹਨ। ਗੁੱਸੇ ਅਤੇ ਤਾਕਤ ਨਾਲ ਭਰਪੂਰ ਇਸ ਬਿਆਨ ਨੇ ਪੰਜਾਬੀ ਰਾਜਨੀਤੀ ਅਤੇ ਪੰਥਕ ਸਫ਼ਾਂ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ਅੱਜ ਇਸ ਤੋਂ ਬਾਅਦ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ 8 ਤਾਰੀਖ਼ ਨੂੰ ਅਕਾਲ ਤਖਤ ਸਾਹਿਬ 'ਤੇ ਤਲਬ ਕੀਤਾ ਗਿਆ ਹੈ। ਇਸ ਘਟਨਾ ਨੇ ਪੰਥਕ ਰਾਜਨੀਤੀ ਅਤੇ ਸੂਬਾਈ ਰਾਜਨੀਤੀ ਵਿਚਾਲੇ ਇੱਕ ਨਵਾਂ ਟਕਰਾਅ ਖੜ੍ਹਾ ਕਰ ਦਿੱਤਾ ਹੈ।ਇਹ ਮੁੱਦਾ ਸਿਰਫ਼ ਇੱਕ ਵਿਅਕਤੀ ਜਾਂ ਇੱਕ ਇਜਲਾਸ ਤੱਕ ਸੀਮਤ ਨਹੀਂ ਹੈ। ਇਹ ਮੁੱਦਾ ਸਿੱਖ ਪੰਥ ਦੀ ਅਜ਼ਾਦੀ, ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਅਤੇ ਰਾਜਨੀਤੀ ਵਿੱਚ ਧਰਮ ਦੇ ਦਖਲ ਬਾਰੇ ਹੈ। ਇਸ ਨੇ ਪੰਜਾਬੀ ਰਾਜਨੀਤੀ ਨੂੰ ਇੱਕ ਨਵੀਂ ਲਹਿਰ ਵਿੱਚ ਧੱਕ ਦਿੱਤਾ ਹੈ ਅਤੇ ਆਉਣ ਵਾਲੀਆਂ ਚੋਣਾਂ ਉੱਤੇ ਇਸ ਦਾ ਪ੍ਰਭਾਵ ਬਹੁਤ ਡੂੰਘਾ ਹੋਣ ਵਾਲਾ ਹੈ।





ਅੱਜ ਜਥੇਦਾਰ ਦਾ ਇਹ ਬਿਆਨ ਹੁਣ ਪੰਥ ਦੀ ਅਜ਼ਾਦੀ ਦੀ ਆਵਾਜ਼: ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੇ ਬਹੁਤ ਤਿੱਖੇ ਅਤੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਕੋਈ ਵੀ ਰਾਜਨੀਤਿਕ ਤਾਕਤ ਜਾਂ ਵਿਧਾਨ ਸਭਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਕਾਨੂੰਨੀ ਘੇਰੇ ਵਿੱਚ ਲਿਆਉਣ ਦਾ ਅਧਿਕਾਰ ਨਹੀਂ ਰੱਖਦੀ। ਉਨ੍ਹਾਂ ਨੇ ਗੁੱਸੇ ਵਿੱਚ ਬੋਲਦਿਆਂ ਕਿਹਾ ਕਿ ਚਾਰ ਜਾਂ ਅੱਠ ਬੰਦੇ ਕੌਣ ਹੁੰਦੇ ਹਨ ਜੋ ਪੰਥ ਤੇ ਗੁਰੂ ਗ੍ਰੰਥ ਸਾਹਿਬ ਦੀ ਮਰਿਆਦਾ ਬਾਰੇ ਫੈਸਲਾ ਲੈ ਸਕਦੇ ਹਨ ?

ਉਨ੍ਹਾਂ ਦੇ ਇਸ ਬਿਆਨ ਨੇ ਪੂਰੇ ਪੰਥ ਵਿੱਚ ਇੱਕ ਲਹਿਰ ਪੈਦਾ ਕਰ ਦਿੱਤੀ ਹੈ। ਇਸ ਨਾਲ ਸਪੱਸ਼ਟ ਹੋ ਗਿਆ ਹੈ ਕਿ ਸਿੱਖ ਪੰਥ ਆਪਣੀ ਧਾਰਮਿਕ ਅਜ਼ਾਦੀ ਉੱਤੇ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕਰਨ ਵਾਲਾ ਹੈ।ਇਸ ਤੋਂ ਬਾਅਦ ਜਥੇਦਾਰ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ 8 ਤਾਰੀਖ਼ ਨੂੰ ਅਕਾਲ ਤਖਤ ਸਾਹਿਬ 'ਤੇ ਤਲਬ ਕੀਤਾ ਹੈ। ਇਹ ਤਲਬੀ ਇੱਕ ਰਾਜਨੀਤਿਕ ਅਤੇ ਧਾਰਮਿਕ ਤੌਰ 'ਤੇ ਬਹੁਤ ਅਹਿਮ ਹੈ। ਇਸ ਨੇ ਪੰਜਾਬੀ ਰਾਜਨੀਤੀ ਵਿੱਚ ਨਵੀਂ ਬਹਿਸ ਛੇੜ ਦਿੱਤੀ ਹੈ ਕਿ ਕੀ ਕੋਈ ਸਰਕਾਰੀ ਅਦਾਰਾ ਜਾਂ ਵਿਧਾਨ ਸਭਾ ਗੁਰੂ ਗ੍ਰੰਥ ਸਾਹਿਬ ਜੀ ਨੂੰ ਕਾਨੂੰਨੀ ਘੇਰੇ ਵਿੱਚ ਲੈ ਸਕਦੀ ਹੈ ?

ਅੱਜ ਪੰਥਕ ਰਾਜਨੀਤੀ ਅਤੇ ਅਕਾਲੀ ਦਲ ਦੀਆਂ ਸਫ਼ਾਂ ਵਿੱਚ ਚਰਚਾ: ਇਸ ਘਟਨਾ ਨੇ ਅਕਾਲੀ ਦਲ ਦੀਆਂ ਸਫ਼ਾਂ ਵਿੱਚ ਵੀ ਤੂਫ਼ਾਨ ਲਿਆ ਦਿੱਤਾ ਹੈ। ਅਕਾਲੀ ਦਲ ਲੰਬੇ ਸਮੇਂ ਤੋਂ ਪੰਥਕ ਮੁੱਦਿਆਂ 'ਤੇ ਆਪਣੀ ਸਥਿਤੀ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਇਸ ਬਿਆਨ ਨੇ ਅਕਾਲੀ ਲੀਡਰਸ਼ਿਪ ਲਈ ਇੱਕ ਨਵਾਂ ਮੌਕਾ ਵੀ ਪੈਦਾ ਕੀਤਾ ਹੈ ਅਤੇ ਚੁਣੌਤੀ ਵੀ । ਪੰਥਕ ਧਿਰਾਂ ਵਿੱਚ ਚਰਚਾ ਚੱਲ ਰਹੀ ਹੈ ਕਿ ਇਸ ਮੁੱਦੇ' ਤੇ ਅਕਾਲੀ ਦਲ ਕਿਸ ਤਰ੍ਹਾਂ ਆਪਣੀ ਭੂਮਿਕਾ ਨਿਭਾਏਗਾ।

ਅੱਜ ਇਸ ਤੋਂ ਇਲਾਵਾ ਆਪ, ਕਾਂਗਰਸ ਅਤੇ ਭਾਜਪਾ ਵੀ ਇਸ ਮੁੱਦੇ 'ਤੇ ਆਪਣੀਆਂ ਸਥਿਤੀਆਂ ਬਣਾ ਰਹੀਆਂ ਹਨ। ਆਪ ਸਰਕਾਰ ਇਸ ਮੁੱਦੇ ਤੋਂ ਬਚਣ ਦੀ ਕੋਸ਼ਿਸ਼ ਕਰ ਰਹੀ ਹੈ ਜਦਕਿ ਵਿਰੋਧੀ ਧਿਰ ਇਸ ਨੂੰ ਰਾਜਨੀਤਿਕ ਤੌਰ 'ਤੇ ਵਰਤਣ ਦੀ ਯੋਜਨਾ ਬਣਾ ਰਹੀ ਹੈ। ਇਸ ਨਾਲ ਪੰਜਾਬੀ ਰਾਜਨੀਤੀ ਵਿੱਚ ਧਰਮ ਅਤੇ ਰਾਜਨੀਤੀ ਵਿਚਾਲੇ ਟਕਰਾਅ ਵਧ ਰਿਹਾ ਹੈ।ਆਉਣ ਵਾਲੀਆਂ ਚੋਣਾਂ ਉੱਤੇ ਪ੍ਰਭਾਵ: ਇਸ ਘਟਨਾ ਦਾ ਪ੍ਰਭਾਵ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਉੱਤੇ ਵੀ ਪੈਣ ਵਾਲਾ ਹੈ। ਪੰਥਕ ਧਿਰਾਂ ਇਸ ਮੁੱਦੇ 'ਤੇ ਆਪਣੀਆਂ ਰਣਨੀਤੀਆਂ ਬਦਲ ਰਹੀਆਂ ਹਨ । ਅਕਾਲੀ ਦਲ ਇਸ ਨੂੰ ਆਪਣੇ ਹੱਕ ਵਿੱਚ ਵਰਤਣ ਦੀ ਕੋਸ਼ਿਸ਼ ਕਰ ਰਿਹਾ ਹੈ ਜਦਕਿ ਆਪ ਅਤੇ ਭਾਜਪਾ ਆਪਣੀਆਂ ਸਥਿਤੀਆਂ ਬਣਾ ਰਹੀਆਂ ਹਨ।


ਅੱਜ ਹੁਣ ਇਸ ਨਾਲ ਚੋਣਾਂ ਵਿੱਚ ਧਰਮ ਅਤੇ ਪੰਥਕ ਮੁੱਦਿਆਂ ਦਾ ਪ੍ਰਭਾਵ ਵਧਣ ਵਾਲਾ ਹੈ।ਪੰਥਕ ਰਾਜਨੀਤੀ ਅੱਜ ਇੱਕ ਨਵੀਂ ਲਹਿਰ ਵਿੱਚ ਆ ਚੁੱਕੀ ਹੈ। ਇਸ ਲਹਿਰ ਨੇ ਪੂਰੇ ਪੰਥ ਨੂੰ ਇੱਕਠਾ ਕੀਤਾ ਹੈ ਅਤੇ ਇਸ ਨੇ ਸਪੱਸ਼ਟ ਕੀਤਾ ਹੈ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਉੱਤੇ ਕੋਈ ਵੀ ਸਮਝੌਤਾ ਨਹੀਂ ਹੋ ਸਕਦਾ । ਇਸ ਲਈ ਆਉਣ ਵਾਲੀਆਂ ਚੋਣਾਂ ਵਿੱਚ ਇਸ ਮੁੱਦੇ ਦਾ ਬਹੁਤ ਵੱਡਾ ਅਸਰ ਪੈਣ ਵਾਲਾ ਹੈ। ਅਕਾਲੀ ਦਲ ਇਸ ਨੂੰ ਆਪਣੀ ਵਾਪਸੀ ਲਈ ਵਰਤ ਸਕਦਾ ਹੈ, ਜਦਕਿ ਆਪ ਅਤੇ ਭਾਜਪਾ ਆਪਣੀਆਂ ਰਣਨੀਤੀਆਂ ਬਦਲਣ ਉੱਤੇ ਮਜਬੂਰ ਹੋ ਸਕਦੀਆਂ ਹਨ।

ਪੰਜਾਬ ਦੀ ਰਾਜਨੀਤੀ ਵਿੱਚ ਧਰਮ ਦਾ ਦਖਲ ਇੱਕ ਖਤਰਨਾਕ ਰੁਝਾਨ ਹੈ। ਅੱਜ ਇਸ ਘਟਨਾ ਨੇ ਇੱਕ ਵੱਡਾ ਸਵਾਲ ਉਠਾਇਆ ਹੈ ਕਿ ਰਾਜਨੀਤੀ ਨੂੰ ਧਰਮ ਵਿੱ

ਪੰਥਕ ਅਸੂਲਾਂ ਦੀ ਮਿਸਾਲ, ਇੱਕ ਸੱਚਾ ਕਰਮਯੋਗੀ ਗੁਰਮੀਤ ਸਿੰਘ ਮੁਕਤਸਰ

ਬਘੇਲ ਸਿੰਘ ਧਾਲੀਵਾਲ
99142-58142

ਸ. ਗੁਰਮੀਤ ਸਿੰਘ ਮੁਕਤਸਰ ਨੂੰ ਲਿਟਰੇਚਰ ਬ੍ਰਾਂਚ ਦੇ ਇੰਚਾਰਜ ਤੋਂ ਤਰੱਕੀ ਦੇ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵਿੱਚ ਮੀਤ ਸਕੱਤਰ ਨਿਯੁਕਤ ਕੀਤਾ ਜਾਣਾ ਭਾਵੇਂ ਦੇਰ ਨਾਲ ਹੀ ਸਹੀ ਪ੍ਰੰਤੂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਵਾਗਤ-ਯੋਗ ਫੈਸਲਾ ਹੈ ਅਤੇ ਇਹ ਪੰਥਕ ਹਲਕਿਆਂ ਲਈ ਬੇਹੱਦ ਸਕੂਨ ਅਤੇ ਖੁਸ਼ੀ ਦੇਣ ਵਾਲਾ ਸੁਨੇਹਾ ਹੈ। ਪੰਥ ਅਤੇ ਪੰਜਾਬ ਦੇ ਦਰਦ ਨੂੰ ਆਪਣੇ ਅੰਦਰ ਸੰਭਾਲ ਕੇ ਚੁੱਪਚਾਪ ਡੱਟ ਕੇ ਪੂਰੀ ਅਡੋਲਤਾ ਅਤੇ ਤਨਦੇਹੀ ਨਾਲ ਡਿਊਟੀ ਨਿਭਾਉਣ ਵਾਲੇ ਸ. ਗੁਰਮੀਤ ਸਿੰਘ ਮੁਕਤਸਰ ਨੂੰ ਤਰੱਕੀ ਦੇ ਕੇ ਮੀਤ ਸਕੱਤਰ ਨਿਯੁਕਤ ਕੀਤਾ ਜਾਣਾ ਸਿਰਫ ਇੱਕ ਰੁਟੀਨ ਦਾ ਪ੍ਰਸ਼ਾਸਕੀ ਫੈਸਲਾ ਨਹੀਂ ਹੈ, ਸਗੋਂ ਲੰਮੇ ਸਮੇਂ ਤੋਂ ਉਹਨਾਂ ਦੀ ਤਰੱਕੀ ਨੂੰ ਰੋਕਿਆ ਹੋਇਆ ਸੀ। ਉਹਨਾਂ ਨਾਲ ਹੋ ਰਹੇ ਅਨਿਆਂ ਦਾ ਸਮਾਂ ਸਾਹਿਬ ਸ੍ਰੀ ਗੁਰੂ ਰਾਮ ਦਾਸ ਪਾਤਸ਼ਾਹ ਜੀ ਨੇ ਖੁਦ ਰਹਿਮਤ ਕਰਕੇ ਕੱਟ ਦਿੱਤਾ ਹੈ। ਇਹ ਪਦ-ਉੱਨਤ ਨਿਯੁਕਤੀ ਉਹਨਾਂ ਅਣਗਿਣਤ ਲੋਕਾਂ ਲਈ ਇੱਕ ਸੰਦੇਸ਼ ਵੀ ਹੈ ਜੋ ਸਿਸਟਮ ਦੇ ਅੰਦਰ ਬਣੇ ਰਹਿਣ ਅਤੇ ਉੱਚ ਅਹੁਦੇ ਪ੍ਰਾਪਤ ਕਰਨ ਲਈ ਆਪਣੀ ਸੋਚ, ਆਪਣੇ ਅਸੂਲਾਂ ਅਤੇ ਪੰਥਕ ਰਹੁ ਰੀਤਾਂ ਨੂੰ ਤਿਲਾਂਜਲੀ ਦੇ ਦਿੰਦੇ ਹਨ। ਪਰੰਤੂ ਗੁਰਮੀਤ ਸਿੰਘ ਨੇ ਉਹਨਾਂ ਸਮਝੌਤਾਵਾਦੀਆਂ ਦੀ ਕਤਾਰ ਵਿੱਚ ਸ਼ਾਮਲ ਹੋ ਕੇ ਆਪਣੇ ਅਸੂਲਾਂ ਦਾ ਕਤਲ ਨਹੀ ਕੀਤਾ, ਇਸਦੇ ਲਈ ਬੇਸ਼ੱਕ ਉਹਨਾਂ ਨੂੰ ਲੰਮਾ ਸਮਾਂ ਤਰੱਕੀ ਤੋਂ ਵਾਂਝਾ ਰਹਿਣ ਕਰਕੇ ਆਰਥਿਕ ਨੁਕਸਾਨ ਵੀ ਝੱਲਣਾ ਪਿਆ ਹੈ। ਇਹ ਅਰਦਾਸ ਵੀ ਹੈ, ਕਿ ਗੁਰੂ ਰਾਮਦਾਸ ਪਾਤਸ਼ਾਹ , ਉਹਨਾਂ ਨੂੰ ਇਹ ਨਵੀਂ ਜ਼ਿੰਮੇਵਾਰੀ ਵੀ ਪਹਿਲਾਂ ਦੀ ਤਰ੍ਹਾਂ ਪੂਰੀ ਤਨਦੇਹੀ, ਨਿਮਰਤਾ ਅਤੇ ਚੜ੍ਹਦੀਕਲਾ ਨਾਲ ਨਿਭਾਉਣ ਦਾ ਬਲ ਬਖ਼ਸ਼ਣ। ਸ. ਗੁਰਮੀਤ ਸਿੰਘ ਮੁਕਤਸਰ ਦੇ ਪਦ-ਉੱਨਤ ਹੋਣ ਦੀ ਖੁਸ਼ੀ ਦੇ ਨਾਲ ਇਹ ਵਿਚਾਰ ਵੀ ਉੱਭਰਵੇਂ ਰੂਪ 'ਚ ਸਾਹਮਣੇ ਆ ਰਿਹਾ ਹੈ ਕਿ ਸਾਡੀਆਂ ਧਾਰਮਿਕ ਸੰਸਥਾਵਾਂ ਦੇ ਪ੍ਰਬੰਧਕੀ ਢਾਂਚੇ ਵਿੱਚ ਇਮਾਨਦਾਰੀ ਦੀ ਕਦਰ ਹਮੇਸ਼ਾਂ ਦੇਰ ਨਾਲ ਹੁੰਦੀ ਹੈ ਜਾਂ ਹੁੰਦੀ ਹੀ ਨਹੀਂ, ਕੀ ਪ੍ਰਬੰਧਕੀ ਸਿਸਟਮ ਇਮਾਨਦਾਰ ਲੋਕਾਂ ਨੂੰ ਉਹਨਾਂ ਦੀ ਪੰਥ ਪ੍ਰਸਤੀ ਵਾਲੀ ਸੋਚ ਤੋਂ ਥਿੜਕਾਉਣਾ ਚਾਹੁੰਦਾ ਹੈ, ਜਾਂ ਪੰਥ ਵਿਰੋਧੀਆਂ ਦਾ ਦਬਦਬਾ ਹੀ ਐਨਾ ਵੱਧ ਗਿਆ ਹੈ ਕਿ ਪੰਥਕ ਸੋਚ ਰੱਖਣ ਵਾਲਿਆਂ ਨੂੰ ਨਾ ਚਾਹੁੰਦੇ ਹੋਏ ਵੀ ਨਜ਼ਰਅੰਦਾਜ ਕਰਨਾ ਪ੍ਰਬੰਧਕਾਂ ਦੀ ਮਜਬੂਰੀ ਬਣ ਜਾਂਦੀ ਹੈ। ਗੁਰਮੀਤ ਸਿੰਘ ਮੁਕਤਸਰ ਲੰਮੇ ਅਰਸੇ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਦਰ ਧਾਰਮਿਕ ਸਾਹਿਤ ਦੀ ਸੇਵਾ ਨਾਲ ਜੁੜੇ ਹੋਏ ਹਨ ਅਤੇ ਇਸ ਤੋਂ ਇਲਾਵਾ ਵੀ ਉਹਨਾਂ ਦੀ ਵਿਦਵਤਾ ਭਰਪੂਰ ਪੰਥਕ ਲੇਖਣੀ ਅਖਬਾਰਾਂ ਦੇ ਵੱਡੇ ਕਾਲਮ ਬਣਦੀ ਰਹੀ ਹੈ। ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਆਪਣੇ ਫਰਜ਼ਾਂ ਪ੍ਰਤੀ ਇਮਾਨਦਾਰ ਰਹਿਣ ਦੇ ਨਾਲ ਇੱਕ ਪੰਥਕ ਅਖਬਾਰ ਲਈ ਜਿੱਥੇ ਗਹਿਰ ਗੰਭੀਰ ਕਾਲਮ ਲਿਖਦੇ ਰਹੇ ਹਨ,ਓਥੇ ਲੰਮਾ ਸਮਾਂ ਅਖਬਾਰ ਦੇ ਹਫਤਾਵਾਰੀ ਮੈਗਜ਼ੀਨ ਨੂੰ ਡਿਜ਼ਾਈਨ ਵੀ ਕਰਦੇ ਰਹੇ ਹਨ। ਉਹਨਾਂ ਦੇ ਇਹ ਕਾਰਜ ਕਿਸੇ ਸੁਆਰਥ ਨਾਲ ਜੁੜੇ ਹੋਏ ਨਹੀਂ ਸਨ ਬਲਕਿ ਉਹ ਪੰਥਕ ਚਿੰਤਾਂ ਦੀ ਖਾਤਰ ਨਿਰਸੁਆਰਥ ਇਹ ਸੇਵਾ ਨਿਭਾਉਂਦੇ ਰਹੇ ਹਨ। ਸਾਹਿਤ ਦਾ ਖੇਤਰ ਇੱਕ ਐਸਾ ਖੇਤਰ ਹੈ ਜੋ ਨਾ ਸਿਰਫ ਬੌਧਿਕ



ਮਿਹਨਤ ਮੰਗਦਾ ਹੈ, ਸਗੋਂ ਵਿਚਾਰਧਾਰਕ ਪਰਪੱਕਤਾ ਵੀ ਲੋੜਦਾ ਹੈ। ਜਿੱਥੇ ਬਹੁਤ ਸਾਰੇ ਪਦਾਰਥਵਾਦੀ ਲੋਕ ਸਿਆਸੀ ਛੱਤਰ-ਛਾਇਆ ਹੇਠ ਤੇਜ਼ੀ ਨਾਲ ਅੱਗੇ ਵਧਦੇ ਰਹੇ, ਉੱਥੇ ਸ. ਗੁਰਮੀਤ ਸਿੰਘ ਨੇ ਆਪਣੇ ਕੰਮ ਨੂੰ ਹੀ ਆਪਣੀ ਪਛਾਣ ਬਣਾਇਆ। ਇਹ ਗੱਲ ਆਪਣੇ ਆਪ ਵਿੱਚ ਵੱਡੀ ਹੈ, ਪਰ ਇਸ ਨਾਲੋਂ ਵੀ ਵੱਡੀ ਗੱਲ ਇਹ ਹੈ ਕਿ ਲੰਮੇ ਸਮੇਂ ਤੱਕ ਵਿਤਕਰੇਬਾਜ਼ੀ ਦਾ ਸਾਹਮਣਾ ਕਰਨ ਦੇ ਬਾਵਜੂਦ ਉਹਨਾਂ ਨੇ ਆਪਣੇ ਰਸਤੇ ਨਹੀਂ ਬਦਲੇ,ਆਪਣੀ ਸੋਚ ਨਹੀਂ ਬਦਲੀ। ਇਹ ਸੱਚਾਈ ਨੂੰ ਨਜ਼ਰ-ਅੰਦਾਜ਼ ਨਹੀਂ ਕੀਤਾ ਜਾ ਸਕਦਾ ਕਿ ਉਹ ਲੰਮਾ ਸਮਾਂ ਪ੍ਰਮੋਸ਼ਨ ਤੋਂ ਵਾਂਝੇ ਰੱਖੇ ਗਏ। ਇਹ ਸਿਰਫ ਇੱਕ ਵਿਅਕਤੀ ਨਾਲ ਹੋਈ ਨਾ ਇਨਸਾਫੀ ਨਹੀਂ ਸੀ, ਸਗੋਂ ਇੱਕ ਸੋਚ ਨੂੰ ਨਜ਼ਰਅੰਦਾਜ਼ ਕਰਨ ਦੀ ਗੁਸਤਾਖੀ ਸੀ। ਜਦੋਂ ਯੋਗਤਾ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ, ਤਾਂ ਸੰਸਥਾ ਦੀ ਨੀਂਹ ਕਮਜ਼ੋਰ ਹੋਣ ਲੱਗਦੀ ਹੈ ਅਤੇ ਜਦੋਂ ਅਜਿਹੇ ਸਵਾਲ ਪੰਥ ਦੀ ਸਿਰਮੌਰ ਸੰਸਥਾ 'ਤੇ ਉੱਠਣ ਤਾਂ ਇਹ ਹੋਰ ਵੀ ਨਮੋਸੀ ਵਾਲੀ ਗੱਲ ਬਣ ਜਾਂਦੀ ਹੈ। ਇਹੋ ਕਾਰਨ ਹੈ ਕਿ ਅੱਜ ਕਈ ਸੰਸਥਾਵਾਂ ਆਪਣੀ ਭਰੋਸੇਯੋਗਤਾ ਦੇ ਸੰਕਟ ਨਾਲ ਜੂਝ ਰਹੀਆਂ ਹਨ। ਸਮਾਜ ਅੰਦਰ ਇਹ ਧਾਰਨਾ ਮਜ਼ਬੂਤੀ ਨਾਲ ਪ੍ਰਬਲ ਹੋ ਗਈ ਹੈ ਕਿ ਸਿਫਾਰਸ਼, ਚਾਪਲੂਸੀ ਅਤੇ ਭਰਿਸ਼ਟਾਚਾਰ ਤੋਂ ਬਿਨਾਂ ਅੱਗੇ ਵਧਣਾ ਮੁਸ਼ਕਲ ਹੈ, ਪਰੰਤੂ ਇਹ ਸੋਚ ਆਪਣੇ ਆਪ ਵਿੱਚ ਖਤਰਨਾਕ ਹੈ ਕਿਉਂਕਿ ਇਹ ਯੋਗਤਾ ਅਤੇ ਇਮਾਨਦਾਰੀ ਨੂੰ ਹਾਸ਼ੀਏ 'ਤੇ ਧੱਕ ਦਿੰਦੀ ਹੈ। ਗੁਰਮੀਤ ਸਿੰਘ ਮੁਕਤਸਰ ਦਾ ਮਾਮਲਾ ਇਸ ਗੱਲ ਦੀ ਸਪੱਸ਼ਟ ਉਦਾਹਰਨ ਹੈ ਕਿ ਜੇਕਰ ਕੋਈ ਵਿਅਕਤੀ ਆਪਣੇ ਅਸੂਲਾਂ ਨਾਲ ਡੱਟ ਕੇ ਖੜ੍ਹਾ ਰਹੇ, ਤਾਂ ਭਾਵੇਂ ਦੇਰ ਹੋ ਜਾਵੇ, ਪਰ ਜਿੱਤ ਹੋਣੀ ਯਕੀਨੀ ਹੁੰਦੀ ਹੈ। ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਦੀ ਜ਼ਿੰਮੇਵਾਰੀ ਕੋਈ ਆਮ ਪ੍ਰਸ਼ਾਸਕੀ ਅਹੁਦਾ ਨਹੀਂ। ਇਹ ਇੱਕ ਐਸਾ ਮੰਚ ਹੈ ਜਿੱਥੋਂ ਪੰਥ ਦੀ ਸੋਚ, ਸਿੱਖਿਆ ਅਤੇ ਵਿਚਾਰਧਾਰਾ ਨੂੰ ਆਗੇ ਵਧਾਇਆ ਜਾਂਦਾ ਹੈ। ਅੱਜ ਦੀ ਨਵੀਂ ਪੀੜ੍ਹੀ ਬਹੁਤ ਤੇਜ਼ੀ ਨਾਲ ਬਦਲ ਰਹੀ ਹੈ,ਉਹਨਾਂ ਨੂੰ ਸਿਰਫ ਰਟੇ-ਰਟਾਏ ਨਾਅਰਿਆਂ ਨਾਲ ਨਹੀਂ, ਸਗੋਂ ਤਰਕਸੰਗਤ ਅਤੇ ਪ੍ਰਮਾਣਿਕ ਜਾਣਕਾਰੀ ਮੁਹੱਈਆ ਕਰਵਾਏ ਜਾਣ ਦੀ ਬੇਹੱਦ ਜਰੂਰਤ ਹੈ। ਅਜਿਹੇ ਦੌਰ ਵਿੱਚ ਧਾਰਮਿਕ ਅਤੇ ਸਿੱਖ ਇਤਿਹਾਸ ਦੇ ਸਾਹਿਤ ਦੀ ਭੂਮਿਕਾ ਹੋਰ ਵੀ ਵੱਧ ਜਾਂਦੀ ਹੈ। ਜੇ ਸਾਹਿਤ ਸਮੇਂ ਦੇ ਹਿਸਾਬ ਨਾਲ ਅਤੇ ਖੁੱਲੀ ਅੱਖ ਨਾਲ ਤਿਆਰ ਨਹੀਂ ਕੀਤਾ ਗਿਆ, ਤਾਂ ਇਹ ਆਪਣਾ ਅਸਰ ਹੀ ਨਹੀਂ ਖੋ ਬੈਠਦਾ, ਬਲਕਿ ਕੌਮ ਲਈ ਘਾਤਕ ਵੀ ਸਿੱਧ ਹੁੰਦਾ ਹੈ,ਅਜਿਹੀਆਂ ਘਾਤਕ ਉਦਾਹਰਣਾਂ ਪਹਿਲਾਂ ਵੀ ਚਰਚਾ ਦਾ ਵਿਸ਼ਾ ਬਣਦੀਆਂ ਰਹੀਆਂ ਹਨ, ਸੋ ਇਹ ਕਾਰਜ ਹੁਣ ਸੁਚੇਤ ਰੂਪ 'ਚ ਕੀਤੇ ਜਾਣ ਦੀ ਆਸ ਬੱਝ ਗਈ ਹੈ ਪਰੰਤੂ ਇੱਥੇ ਸ. ਗੁਰਮੀਤ ਸਿੰਘ ਲਈ ਸਭ ਤੋਂ ਵੱਡੀ ਚੁਣੌਤੀ ਵੀ ਇਹੋ ਹੀ ਹੈ। ਫਿਰ ਵੀ ਉਹਨਾਂ ਤੋਂ ਇਹ ਆਸ ਕੀਤੀ ਜਾਣੀ ਸੁਭਾਵਿਕ ਹੈ ਕਿ ਉਹਨਾਂ ਨੇ ਪੁਰਾਣੀ ਲੀਕ 'ਤੇ ਨਹੀਂ ਚੱਲਣਾ, ਸਗੋਂ ਨਵੀਂ ਸੋਚ ਨਾਲ ਧਰਮ ਦੇ ਸਾਹਿਤਕ ਮੰਚ ਨੂੰ ਮਜ਼ਬੂਤ ਕਰਨਾ ਹੋਵੇਗਾ। ਗੁਰਮਤਿ ਅਧਾਰਿਤ ਸਾਹਿਤ ਨੂੰ ਧਾਰਮਿਕ ਭਾਵਨਾਤਮਕ ਨਜ਼ਰੀਏ ਦੇ ਨਾਲ, ਆਧੁਨਿਕ ਸੰਦਰਭਾਂ ਨਾਲ ਵੀ ਜੋੜਨਾ ਪਵੇਗਾ। ਜਵਾਨੀ ਨੂੰ ਆਪਣੇ ਇਤਿਹਾਸ, ਆਪਣੇ ਮੂਲ ਅਤੇ ਆਪਣੀ ਪਛਾਣ ਨਾਲ ਜੋੜਨ ਲਈ ਨਵੀਂ ਪੇਸ਼ਕਾਰੀ ਅਤੇ ਨਵੀਂ ਰਣਨੀਤੀ ਦੀ ਲੋੜ ਹੈ। ਪਰ ਇਸ ਸਭ ਦੇ ਨਾਲ ਇੱਕ ਹੋਰ ਸਖ਼ਤ ਸੱਚਾਈ ਵੀ ਦਰਪੇਸ਼ ਹੈ ਕਿ ਇੱਕ ਵਿਅਕਤੀ ਦੀ ਤਰੱਕੀ ਨਾਲ ਸਿਸਟਮ ਨਹੀਂ ਬਦਲਦਾ, ਜਦ ਤੱਕ ਸੰਸਥਾਵਾਂ ਆਪਣੇ ਅੰਦਰਲੀ ਵਿਤਕਰੇਬਾਜ਼ੀ, ਪੱਖਪਾਤ ਅਤੇ ਬੇਇਨਸਾਫੀ ਨੂੰ ਖਤਮ ਕਰਨ ਲਈ ਇਮਾਨਦਾਰੀ ਨਾਲ ਕੋਸ਼ਿਸ਼ਾਂ ਨਹੀਂ ਕਰਦੀਆਂ, ਤਦ ਤੱਕ ਐਸੇ ਮਾਮਲੇ ਵਾਰ-ਵਾਰ ਸਾਹਮਣੇ ਆਉਂਦੇ ਰਹਿਣਗੇ। ਗੁਰਮੀਤ ਸਿੰਘ ਦੀ ਨਿਯੁਕਤੀ ਸ਼ੁਭ ਸ਼ਗਨ ਹੈ, ਪਰ ਪ੍ਰਬੰਧਕੀ ਸਿਸਟਮ ਵਿੱਚ ਸੁਧਾਰ ਦੀ ਲੋੜ ਅਜੇ ਵੀ ਬਾਕੀ ਹੈ। ਇਹ ਵੀ ਸੋਚਣ ਵਾਲੀ ਗੱਲ ਹੈ ਕਿ ਜੇਕਰ ਅਜਿਹੇ ਪਿੱਛੇ ਛੱਡੇ ਗਏ ਕਿੰਨੇ ਹੀ ਯੋਗ ਵਿਅਕਤੀਆਂ ਨੂੰ ਸਮੇਂ ਸਿਰ ਮੌਕੇ ਮਿਲਦੇ, ਤਾਂ ਸ਼ਾਇਦ ਸੰਸਥਾ ਦਾ ਕੰਮ ਕਾਫੀ ਪਹਿਲਾਂ ਹੀ ਇੱਕ ਨਵੇਂ ਪੱਧਰ 'ਤੇ ਪਹੁੰਚ ਸਕਦਾ ਸੀ। ਦੇਰ ਨਾਲ ਮਿਲੀ ਕਦਰ ਕਈ ਵਾਰ ਉਸ ਨੁਕਸਾਨ ਦੀ ਭਰਪਾਈ ਨਹੀਂ ਕਰ ਸਕਦੀ ਜੋ ਸਮੇਂ ਦੇ ਨਾਲ ਹੋ ਸਕਦਾ ਹੈ,ਇਹਦੇ ਲਈ ਗੁਰਮੀਤ ਸਿੰਘ ਹੋਰਾਂ ਨੂੰ ਆਪਣੀ ਟੀਮ ਤਿਆਰ ਕਰਨੀ ਹੋਵੇਗੀ ਜੋ ਸਖਤ ਮਿਹਨਤ ਨਾਲ ਅਟਕੇ ਪੰਥਕ ਕਾਰਜਾਂ ਨੂੰ ਅੱਗੇ ਵਧਾਉਣ ਲਈ ਦ੍ਰਿੜ ਸੰਕਲਪ ਹੋਵੇ। ਇਹ ਕਹਿਣਾ ਬਿਲਕੁਲ ਉਚਿਤ ਹੈ ਕਿ ਇਹ ਨਿਯੁਕਤੀ ਸਿਰਫ ਇੱਕ ਅਹੁਦੇ ਦੀ ਬਦਲੀ ਨਹੀਂ, ਸਗੋਂ ਸਬਰ ਅਤੇ ਸਿਧਾਂਤਾਂ ਨਾਲ ਕੀਤੀ ਗਈ ਲੰਮੀ ਘਾਲਣਾ ਦਾ ਨਤੀਜਾ ਹੈ। ਹੁਣ ਸਭ ਦੀ ਨਿਗਾਹ ਇਸ ਗੱਲ 'ਤੇ ਟਿਕੀ ਰਹੇਗੀ ਕਿ ਕੀ ਇਹ ਕਦਮ ਸਿਰਫ ਇੱਕ ਵਿਅਕਤੀ ਤੱਕ ਸੀਮਿਤ ਰਹਿੰਦਾ ਹੈ ਜਾਂ ਇਹ ਪੰਥ ਦੀ ਸੋਚ ਅਨੁਸਾਰ ਵੱਡੇ ਬਦਲਾਅ ਦੀ ਸ਼ੁਰੂਆਤ ਹੋ ਨਿੱਬੜਦਾ ਹੈ। ਸੋ ਅਖੀਰ ਵਿੱਚ ਮੈਂ ਇਹ ਅਰਦਾਸ ਕਰਦਾ ਹਾਂ ਕਿ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਸ੍ਰ. ਗੁਰਮੀਤ ਸਿੰਘ ਨੂੰ ਹੋਰ ਹਿੰਮਤ ਹੌਸਲਾ ਅਤੇ ਬਲ ਬਖਸ਼ਣ ਤਾਂ ਕਿ ਉਹ ਧਰਮ ਅਤੇ ਕੌਮ ਦੀ ਚੜ੍ਹਦੀਕਲਾ ਲਈ ਪਹਿਲਾਂ ਨਾਲੋਂ ਵੀ ਵੱਧ ਤਨਦੇਹੀ ਨਾਲ ਡੱਟ ਕੇ ਸੇਵਾ ਕਰਦੇ ਰਹਿਣ।


ਜਨਮ ਦਿਨ 'ਤੇ ਵਿਸ਼ੇਸ਼

ਬੰਦਗੀ ਤੇ ਤਿਆਗ ਦੇ ਮੁਜੱਸਮੇ ਬਾਬਾ ਜਵਾਲਾ ਸਿੰਘ ਹਰਖੋਵਾਲ



ਭਗਵਾਨ ਸਿੰਘ ਜੌਹਲ
ਮੋ. 98143-24040

ਅਜਿਹੀਆਂ ਬਹੁਤ ਵਿਰਲੀਆਂ ਸ਼ਖ਼ਸੀਅਤਾਂ ਹਨ, ਜਿਨ੍ਹਾਂ ਪੂਰਾ ਜੀਵਨ ਹੀ ਰੱਬੀ ਪ੍ਰੇਮ ਤੇ ਉਸ ਸੱਚੇ ਦੀ ਬੰਦਗੀ ਵਿੱਚ ਬਤੀਤ ਕੀਤਾ ਹੋਵੇ । ਪੰਜਾਬ ਦੀ ਧਰਤੀ 'ਤੇ ਅਜਿਹੇ ਨਾਮ ਰਸੀਏ ਅਤੇ ਆਤਮਿਕ ਤਿਆਗੀ ਮਹਾਂਪੁਰਸ਼ਾਂ ਵਿੱਚੋਂ ਸੰਤ ਬਾਬਾ ਜਵਾਲਾ ਸਿੰਘ ਹਰਖੋਵਾਲ ਨੂੰ ਦੇਸ਼-ਵਿਦੇਸ਼ ਵਿੱਚ ਵੱਸਣ ਵਾਲੀਆਂ ਲੱਖਾਂ ਸਿੱਖ ਸੰਗਤਾਂ ਬੜੀ ਸ਼ਰਧਾ ਅਤੇ ਪ੍ਰੇਮ ਨਾਲ ਯਾਦ ਕਰਦੀਆਂ ਹਨ । ਜ਼ਿਲ੍ਹਾ ਹੁਸ਼ਿਆਰਪੁਰ ਦੀ ਸਰਸਬਜ਼ ਧਰਤੀ ਨੇ ਭਾਵੇਂ ਅਨੇਕਾਂ ਰੰਗ-ਰਤੜੀਆਂ ਰੂਹਾਂ ਨੂੰ ਜਨਮ ਦਿੱਤਾ ਹੈ, ਪਰ ਸੰਤ ਬਾਬਾ ਜਵਾਲਾ ਸਿੰਘ ਵਰਗੇ ਆਤਮਿਕ ਖੋਜੀ ਅਤੇ ਪ੍ਰਭੂ ਨਾਲ ਇੱਕ ਮਿੱਕ ਹੋਏ ਮਹਾਂਪੁਰਸ਼ ਬਹੁਤ ਥੋੜ੍ਹੇ ਹਨ। ਸੰਤ ਬਾਬਾ ਜਵਾਲਾ ਸਿੰਘ ਦੀ ਯਾਦ ਵਿੱਚ ਦੇਸ਼-ਵਿਦੇਸ਼ ਵਿੱਚ ਸਾਰਾ ਸਾਲ ਹੀ ਸਮਾਗਮ ਚੱਲਦੇ ਰਹਿੰਦੇ ਹਨ । ਬਾਬਾ ਜਵਾਲਾ ਸਿੰਘ ਦਾ ਜਨਮ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਲੰਗੇਰੀ ਵਿਖੇ ਸ: ਨਾਰਾਇਣ ਸਿੰਘ ਦੇ ਗ੍ਰਹਿ ਵਿਖੇ ਬੀਬੀ ਰਾਜ ਕੌਰ ਦੀ ਕੁੱਖ ਤੋਂ 21 ਵਿਸਾਖ ਅਰਥਾਤ 4 ਮਈ, 1889 ਈ: ਨੂੰ ਹੋਇਆ । ਬਚਪਨ ਵਿੱਚ ਹੀ ਆਪ ਸਰੀਰਕ ਪੱਖ ਤੋਂ ਰਿਸ਼ਟ-ਪੁਸ਼ਟ ਸਨ, ਪ੍ਰਭੂ ਭਗਤੀ ਦੀ ਲਗਨ ਹੋਣ ਕਰਕੇ ਜ਼ਿਆਦਾ ਇਕਾਂਤ ਵਿੱਚ ਰਹਿਣਾ ਪਸੰਦ ਕਰਦੇ ਸਨ। 18 ਸਾਲ ਦੀ ਭਰ ਜਵਾਨੀ ਦੀ ਉਮਰ ਵਿੱਚ ਫੌਜ ਵਿੱਚ ਭਰਤੀ ਹੋ ਗਏ । ਫੌਜੀ ਨੌਕਰੀ ਦੌਰਾਨ ਆਪ ਦੀ ਪਲਟਨ ਰਾਵਲਪਿੰਡੀ ਛਾਉਣੀ (ਲਹਿੰਦੇ ਪੰਜਾਬ) ਵਿੱਚ ਤਾਇਨਾਤ ਸੀ । ਇਥੋਂ ਆਪ ਜੀ ਨੂੰ ਆਤਮਿਕ ਖੋਜੀ ਬਿਰਤੀ ਅਤੇ ਬੰਦਗੀ ਦੀ ਲਗਨ ਹੋਤੀ ਮਰਦਾਨ ਸੰਪਰਦਾ ਦੇ ਅਸਥਾਨ 'ਤੇ ਲੈ ਗਈ । ਇਸ ਸੰਪਰਦਾ ਦੇ ਤਿਆਗੀ ਤੇ ਵੈਰਾਗੀ ਮਹਾਂਪੁਰਸ਼ ਸੰਤ ਬਾਬਾ ਕਰਮ ਸਿੰਘ ਦੁਆਰਾ ਵਰੋਸਾਈ ਮਹਾਨ ਹਸਤੀ ਬਾਬਾ ਆਇਆ ਸਿੰਘ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ । ਇਸ ਮਹਾਨ ਹਸਤੀ ਦੀ ਮਿਕਨਾਤੀਸੀ ਖਿੱਚ ਨੇ ਹਮੇਸ਼ਾ ਲਈ ਬਾਬਾ ਜਵਾਲਾ ਸਿੰਘ ਨੂੰ ਆਪਣਾ ਸੇਵਾਦਾਰ ਬਣਾ ਕੇ ਗੁਰੂ ਨਾਨਕ ਦੇਵ ਜੀ ਦੀ ਸਿੱਖੀ ਦੀ ਮਹਾਨ ਸੇਵਾ ਲਈ ਸਮਰਪਿਤ ਕਰ ਦਿੱਤਾ । 1917 ਈ: ਵਿੱਚ ਦੱਸ ਸਾਲ ਦੀ ਫੌਜ ਦੀ ਨੌਕਰੀ



ਪੂਰੀ ਹੋਣ ਤੋਂ ਪਹਿਲਾਂ ਹੀ ਪੱਕੇ ਤੌਰ 'ਤੇ ਹੋਤੀ ਮਰਦਾਨ ਦੇ ਅਸਥਾਨ 'ਤੇ ਪਹੁੰਚ ਗਏ । ਹੁਣ ਉਹ ਸਿਪਾਹੀ ਨਹੀਂ, ਸੰਤ ਬਣ ਚੁੱਕੇ ਸਨ । ਬਾਬਾ ਆਇਆ ਸਿੰਘ ਦੀ ਸੰਗਤ ਵਿੱਚ ਰਹਿ ਕੇ ਅਕਾਲ ਪੁਰਖ ਵਾਹਿਗੁਰੂ ਦੀ ਬੰਦਗੀ, ਤਿਆਗ, ਲੋਕ ਭਲਾਈ ਅਤੇ ਪਰਉਪਕਾਰ ਵਰਗੇ ਮਹਾਨ ਗੁਣਾਂ ਦਾ ਏਨਾ ਵਿਸਥਾਰ ਹੋਇਆ ਕਿ ਸਮੁੱਚੇ ਸੰਸਾਰ ਨੂੰ ਆਪਣੀ ਬੁੱਕਲ ਵਿੱਚ ਲੈ ਕੇ ਲੋਕ ਭਲੇ ਲਈ ਉਮਾਹ ਤੇ ਉਤਸ਼ਾਹ ਪੈਦਾ ਹੋ ਗਿਆ । ਬ੍ਰਹਮ ਗਿਆਨ ਦੀ ਅਵਸਥਾ ਵਿੱਚ ਪਹੁੰਚ ਕੇ ਤੇਰ-ਮੇਰ ਹਮੇਸ਼ਾ ਲਈ ਮਿੱਟ ਗਿਆ । ਕਣ-ਕਣ ਵਿੱਚ ਵੱਸੇ ਪ੍ਰਭੂ ਪਿਆਰ ਵਿੱਚ ਰੰਗੇ ਗਏ । ਸਾਡਾ ਸਮਾਜ ਜਿਨ੍ਹਾਂ ਲੋਕਾਂ ਨੂੰ ਬਉਰੇ ਜਾਂ ਮਸਤ ਕਹਿੰਦਾ ਸੀ, ਅਜਿਹੇ ਅਨੇਕਾਂ ਰੱਬ ਦੇ ਪਿਆਰਿਆਂ ਵਿੱਚੋਂ ਉਨ੍ਹਾਂ ਨੂੰ ਪ੍ਰਭੂ-ਪਿਆਰ ਦੇ ਝਲਕਾਰੇ ਦਿਖਾਈ ਦਿੱਤੇ । ਦੋ ਸਾਲ ਤੱਕ ਹੋਤੀ ਮਰਦਾਨ ਸੰਪਰਦਾ ਦੇ ਬਾਬਾ ਆਇਆ ਸਿੰਘ ਦੀ ਸੰਗਤ ਵਿੱਚ ਰਹਿਣ ਤੋਂ ਬਾਅਦ ਉਨ੍ਹਾਂ ਦੇ ਹੁਕਮ ਮੁਤਾਬਕ ਇਸ ਰੱਬੀ ਰੰਗ ਵਿੱਚ ਰੰਗੀ ਆਤਮਾ ਨੂੰ ਵਾਪਸ ਪਿੰਡ ਲੰਗੇਰੀ (ਹੁਸ਼ਿਆਰਪੁਰ) ਆਉਣਾ ਪਿਆ । ਹੁਣ ਪਿੰਡ ਪਹੁੰਚ ਘਰੇਲੂ ਅਤੇ ਖੇਤੀਬਾੜੀ ਕੰਮ ਵਿੱਚ ਕ

ਨਾਬਾਲਿਗ ਵਿਦਿਆਰਥਣ ਨਾਲ ਛੇੜਛਾੜ ਕਰਨ ਵਾਲੇ ਅਧਿਆਪਕ ਨੂੰ 6 ਸਾਲ ਦੀ ਕੈਦ

ਸ਼ਿਮਲਾ, 3 ਮਈ (ਚ.ਨ.ਸ): ਹਿਮਾਚਲ ਪ੍ਰਦੇਸ਼ ਦੀ ਰਾਜਧਾਨੀ ਸ਼ਿਮਲਾ ਦੀ ਇੱਕ ਵਿਸ਼ੇਸ਼ ਪੋਕਸੋ ਅਦਾਲਤ ਨੇ ਸਿੱਖਿਆ ਜਗਤ ਨੂੰ ਸ਼ਰਮਸਾਰ ਕਰਨ ਵਾਲੇ ਇੱਕ ਮਾਮਲੇ ਵਿੱਚ ਅਹਿਮ ਫ਼ੈਸਲਾ ਸੁਣਾਉਂਦਿਆਂ ਇੱਕ 46 ਸਾਲਾ ਸਰਕਾਰੀ ਅਧਿਆਪਕ ਨੂੰ 6 ਸਾਲ ਦੀ ਸਖ਼ਤ ਸਜ਼ਾ ਸੁਣਾਈ ਹੈ। ਅਦਾਲਤ ਨੇ ਇਹ ਸਜ਼ਾ 11ਵੀਂ ਜਮਾਤ ਦੀ ਇੱਕ ਨਾਬਾਲਿਗ ਵਿਦਿਆਰਥਣ ਨਾਲ ਛੇੜਛਾੜ ਕਰਨ ਦੇ ਦੋਸ਼ ਹੇਠ ਸੁਣਾਈ ਹੈ। ਦੋਸ਼ੀ ਦੀ ਪਛਾਣ ਜੈ ਪ੍ਰਕਾਸ਼ ਉਰਫ ਜੇ.ਪੀ. ਵਜੋਂ ਹੋਈ ਹੈ, ਜੋ ਸ਼ਿਮਲਾ ਦੇ ਸੁੰਨੀ ਇਲਾਕੇ ਦੇ ਇੱਕ ਸਰਕਾਰੀ ਸਕੂਲ ਵਿੱਚ ਅੰਗਰੇਜ਼ੀ ਦੇ ਲੈਕਚਰਾਰ ਵਜੋਂ ਤਾਇਨਾਤ ਸੀ। ਅਦਾਲਤ ਨੇ ਦੋਸ਼ੀ 'ਤੇ 10,000 ਰੁਪਏ ਦਾ ਜੁਰਮਾਨਾ ਵੀ ਲਗਾਇਆ ਹੈ ਤੇ ਪੀੜਤਾ ਨੂੰ ਹੋਏ ਮਾਨਸਿਕ ਸਦਮੇ ਲਈ 1 ਲੱਖ ਰੁਪਏ ਦਾ ਵਾਧੂ ਮੁਆਵਜ਼ਾ ਦੇਣ ਦੀ ਸਿਫ਼ਾਰਸ਼ ਕੀਤੀ ਹੈ। ਇਹ ਘਟਨਾ ਅਕਤੂਬਰ 2024 ਦੀ ਹੈ, ਜਦੋਂ ਸਕੂਲ ਵਿੱਚ ਇੱਕ ਸਮਾਗਮ ਚੱਲ ਰਿਹਾ ਸੀ। ਮਾਮਲੇ ਦੀ ਜਾਣਕਾਰੀ ਅਨੁਸਾਰ 26 ਅਕਤੂਬਰ 2024 ਨੂੰ ਸਕੂਲ ਵਿੱਚ ਕੋਈ ਜਮਾਤਾਂ ਨਹੀਂ ਲੱਗ ਰਹੀਆਂ ਸਨ ਤੇ ਸਾਰੇ ਵਿਦਿਆਰਥੀ ਮੈਦਾਨ ਵਿੱਚ ਜਸ਼ਨ ਮਨਾਉਣ ਲਈ ਇਕੱਠੇ ਹੋਏ ਸਨ। ਇਸੇ ਦੌਰਾਨ ਲੈਕਚਰਾਰ ਜੈ ਪ੍ਰਕਾਸ਼ ਨੇ 15 ਸਾਲਾ ਪੀੜਤ ਵਿਦਿਆਰਥਣ ਨੂੰ ਆਪਣਾ ਕੁਝ ਸਮਾਨ ਰਸੋਈ (ਕਿਚਨ ਰੂਮ) ਤੋਂ ਚੁੱਕ ਕੇ ਉਸ ਦੇ ਦਫ਼ਤਰ ਵਿੱਚ ਰੱਖਣ ਲਈ ਕਿਹਾ। ਜਦੋਂ ਵਿਦਿਆਰਥਣ ਸਮਾਨ ਰੱਖਣ ਗਈ ਤਾਂ ਅਧਿਆਪਕ ਪਹਿਲਾਂ ਹੀ ਉਥੇ ਮੌਜੂਦ ਸੀ, ਜਿੱਥੇ ਉਸ ਨੇ ਵਿਦਿਆਰਥਣ ਨਾਲ ਅਸ਼ਲੀਲ ਹਰਕਤਾਂ ਕੀਤੀਆਂ ਤੇ ਉਸ ਨਾਲ ਛੇੜਛਾੜ ਕੀਤੀ। ਪੀੜਤ ਕੁੜੀ ਨੇ ਇਸ ਬਾਰੇ ਆਪਣੇ ਪਰਿਵਾਰ ਨੂੰ ਦੱਸਿਆ, ਜਿਸ ਤੋਂ ਬਾਅਦ ਨਵੰਬਰ 2024 ਵਿੱਚ ਪੀੜਤਾ ਦੇ ਪਿਤਾ ਦੀ ਸ਼ਿਕਾਇਤ 'ਤੇ ਪੁਲਿਸ ਨੇ ਮਾਮਲਾ ਦਰਜ ਕੀਤਾ ਸੀ।

ਦਮਦਮੀ ਟਕਸਾਲ ਨੇ ਪਿੰਡ ਹਯਾਤ ਗੁਰਦਾਸਪੁਰ ਵਿਖੇ ਸ਼ਹੀਦੀ ਦੀਵਾਨ ਸਜਾਏ



ਚੌਕ ਮਹਿਤਾ, 3 ਮਈ (ਬਲਜਿੰਦਰ ਸਿੰਘ ਰੰਧਾਵਾ): ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ '84 ਤੀਸਰੇ ਘੱਲੂਘਾਰੇ 'ਚ ਸ਼ਹੀਦ ਹੋਏ ਕੌਮੀ ਯੋਧਿਆਂ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ 42ਵਾਂ ਮਹਾਨ ਸ਼ਹੀਦੀ ਸਮਾਗਮ 6 ਜੂਨ ਨੂੰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਅੰਤਰਰਾਸ਼ਟਰੀ ਪੱਧਰ 'ਤੇ ਮਨਾਇਆ ਜਾਵੇਗਾ। ਇਸ ਸੰਦਰਭ ਦੇ ਵਿੱਚ ਇੱਕ ਮਈ ਤੋਂ ਰੋਜ਼ਾਨਾ ਜ਼ਿਲ੍ਹਾ ਅੰਮ੍ਰਿਤਸਰ ਤੇ ਗੁਰਦਾਸਪੁਰ ਦੇ ਪਿੰਡਾਂ 'ਚ ਧਾਰਮਿਕ ਦੀਵਾਨ ਸਜਾਏ ਜਾ ਰਹੇ ਹਨ, ਜਿਸ ਦੇ ਤਹਿਤ ਅੱਜ ਪਿੰਡ ਹਯਾਤ (ਗੁਰਦਾਸਪੁਰ) ਵਿਖੇ ਸ਼ਾਮ ਵੇਲੇ ਦੇ ਦੀਵਾਨ ਸਜਾਏ ਗਏ। ਇਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਸੂਰਜ ਪ੍ਰਕਾਸ਼ ਗ੍ਰੰਥ 'ਚੋਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਪਾਵਨ ਇਤਿਹਾਸ ਦੇ ਪ੍ਰਸੰਗ ਦੀ ਕਥਾ ਨੂੰ ਅੱਗੇ ਤੋਰਦਿਆਂ ਸੰਗਤਾਂ ਨੂੰ ਗੁਰੂ ਚਰਨਾਂ ਦੇ ਨਾਲ ਜੋੜਿਆ। ਸਮਾਗਮ ਦੇ ਅਖੀਰ 'ਚ ਪ੍ਰਬੰਧਕਾਂ ਦੇ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੂੰ ਸਿਰੋਪਾਓ ਤੇ ਦਸਤਾਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਦੀ ਸੇਵਾ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਨਿਭਾਈ। ਇਸ ਮੌਕੇ ਜਥੇ. ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਚੌਕ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਪ੍ਰੋ. ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਵਿਧਾਇਕ ਸ਼ੈਰੀ ਕਲਸੀ ਵੱਲੋਂ ਅਤਿ-ਆਧੁਨਿਕ ਹਾਈ ਮਾਸਟ ਲਾਈਟਾਂ ਦਾ ਉਦਘਾਟਨ



ਬਟਾਲਾ, 3 ਮਈ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਬਟਾਲਾ ਹਲਕੇ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹਾਂ ਤੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸ਼ਿੰਘ ਸ਼ੈਰੀ ਕਲਸੀ ਨੇ ਗਾਂਧੀ ਨਗਰ ਕੈਂਪ ਵਿਖੇ ਅਤਿ ਆਧੁਨਿਕ ਹਾਈ ਮਾਸਟ ਲਾਈਟਾਂ ਦਾ ਉਦਘਾਟਨ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਹੁਣ ਇਸ ਇਲਾਕੇ ਦੀਆਂ ਗਲੀਆਂ ਰੌਸ਼ਨ ਹੋਣਗੀਆਂ, ਜਿਸ ਨਾਲ ਇਥੋਂ ਦੇ ਵਸਨੀਕਾਂ ਨੂੰ ਰਾਤ ਵੇਲੇ ਆਉਣ-ਜਾਣ ਵਿੱਚ ਸਹੂਲਤ ਮਿਲੇਗੀ ਤੇ ਸੁਰੱਖਿਆ ਵੀ ਵਧੇਗੀ। ਉਨ੍ਹਾਂ ਦੁਹਰਾਇਆ ਕਿ ਹਲਕੇ ਦਾ ਵਿਕਾਸ ਹੀ ਮੇਰੀ ਮੁੱਖ ਤਰਜੀਹ ਹੈ, ਜਿਸ ਲਈ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ। ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਮਾਨਿਕ ਮਹਿਤਾ ਤੇ ਗਾਂਧੀ ਕੈਂਪ ਦੇ ਵਸਨੀਕ ਮੌਜੂਦ ਸਨ। ਇਸ ਮੌਕੇ ਗਾਂਧੀ ਨਗਰ ਕੈਂਪ ਵਿੱਚ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਨੂੰ ਹੋਰ ਖੂਬਸੂਰਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਤੇਜ਼ ਗਤੀ ਨਾਲ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕੰਮ ਬਿਨਾਂ ਪੱਖਪਾਤ ਦੇ ਕਰਵਾਏ ਜਾ ਰਹੇ ਹਨ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬਟਾਲੇ ਦਾ ਸਰਬਪੱਖੀ ਵਿਕਾਸ ਕਰਵਾਉਣਾ ਤੇ ਦਹਾਕਿਆਂ ਤੋਂ ਮੁਸ਼ਕਿਲਾਂ ਨਾਲ ਜੂਝ ਰਹੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨਾ ਹੈ, ਜਿਸ ਲਈ ਉਹੀ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ। ਇਸ ਮੌਕੇ ਗਾਂਧੀ ਨਗਰ ਕੈਂਪ ਦੇ ਵਸਨੀਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਲਾਈਟਾਂ ਲੱਗਣ ਨਾਲ ਉਨ੍ਹਾਂ ਨੂੰ ਬਹੁਤ ਰਾਹਤ ਮਿਲੀ ਹੈ ਤੇ ਸਵੇਰੇ ਤੜਕਸਾਰ ਤੇ ਰਾਤ ਸਮੇਂ ਲਾਈਟਾਂ ਲੱਗਣ ਨਾਲ ਬਹੁਤ ਲਾਭ ਮਿਲੇਗਾ। ਉਨ੍ਹਾਂ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਖੂਬਸੂਰਤ ਬਣਾਉਣ ਲਈ ਵਿਧਾਇਕ ਵੱਲੋਂ ਸ਼ਾਨਦਾਰ ਉਪਰਾਲੇ ਕੀਤੇ ਗਏ ਹਨ ਤੇ ਉਨ੍ਹਾਂ ਲੋਕਾਂ ਨੂੰ ਲਗਾਤਾਰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ, ਜੋ ਕਿ ਪਹਿਲਾਂ ਵੇਖਣ ਨੂੰ ਨਹੀਂ ਮਿਲਦਾ ਸੀ।

ਵਿਗਿਆਨ ਤੇ ਧਰਮ ਇੱਕ-ਦੂਜੇ ਦੇ ਸਾਥੀ: ਮਿਰਜ਼ਾ ਮਸਰੂਰ ਅਹਿਮਦ



ਕਾਦੀਆਂ, 3 ਮਈ (ਤਾਰੀ/ਸੰਧੂ): ਮੁਸਲਿਮ ਜਮਾਤ ਤੇ ਅਹਿਮਦੀਆ ਭਾਰਤ ਦੇ ਬੁਲਾਰੇ ਮੌਲਾਨਾ ਕੇ ਤਾਰਿਕ ਅਹਿਮਦ ਨੇ ਜਾਰੀ ਪ੍ਰੈਸ ਰਿਲੀਜ਼ ਰਾਹੀਂ ਦੱਸਿਆ ਕਿ ਅੰਤਰਰਾਸ਼ਟਰੀ ਮੁਸਲਿਮ ਜਮਾਤ ਅਹਿਮਦੀਆ ਦੇ ਪੰਜਵੇਂ ਰੂਹਾਨੀ ਖਲੀਫਾ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਨੇ ਜਮਾਤ ਅਹਿਮਦੀਆ ਦੇ ਵਕਫੇ ਨੌ ਯੁਗ ਦੇ ਸਾਲਾਨਾ ਸੰਮੇਲਨ ਨੂੰ ਸੰਬੋਧਨ ਕਰਦਿਆਂ ਫਰਮਾਇਆ ਕਿ ਹਜ਼ਰਤ ਮਸੀਹੇ ਮੌਊਦ ਅਲਿਹ ਸਲਾਮ ਨੇ ਫਰਮਾਇਆ ਸੀ ਕਿ ਇਨਸਾਨੀ ਗਿਆਨ ਤੇ ਰੋਸ਼ਨੀ ਅੱਲਾਹ ਵੱਲੋਂ ਆਉਂਦੀ ਹੈ, ਇਸ ਲਈ ਵਿਗਿਆਨਕ ਖੋਜਾਂ ਤੋਂ ਡਰਨ ਦੀ ਕੋਈ ਲੋੜ ਨਹੀਂ। ਉਨ੍ਹਾਂ ਨੇ ਆਪਣੇ ਮੰਨਣ ਵਾਲਿਆਂ ਨੂੰ ਆਧੁਨਿਕ ਵਿਗਿਆਨ ਸਿੱਖਣ ਦੀ ਤਾਕੀਦ ਕੀਤੀ ਤੇ ਇਹ ਸਪੱਸ਼ਟ ਕੀਤਾ ਕਿ ਤਰਕ ਤੇ ਅਕਲ ਇਸਲਾਮ ਦੀਆਂ ਸਿੱਖਿਆਵਾਂ ਦੇ ਬਿਲਕੁਲ ਅਨੁਕੂਲ ਹਨ। ਅਸਲ ਵਿੱਚ ਕੁਝ ਧਾਰਮਿਕ ਲੋਕਾਂ ਵੱਲੋਂ ਆਧੁਨਿਕ ਵਿਗਿਆਨ ਨੂੰ ਰੱਦ ਕਰਨ ਦਾ ਕਾਰਨ ਵਿਗਿਆਨਿਕ ਗਿਆਨ ਤੇ ਸਮਝ ਦੀ ਘਾਟ ਸੀ। ਆਪ ਨੇ ਇੱਕ ਬਹੁਤ ਸੁੰਦਰ ਉਦਾਹਰਨ ਦਿੱਤੀ ਕਿ ਜਦੋਂ ਅਸਮਾਨ ਤੋਂ ਮੀਂਹ ਵਰਦਾ ਹੈ ਤਾਂ ਉਸਦਾ ਅਸਰ ਉਸ ਮਿੱਟੀ 'ਤੇ ਨਿਰਭਰ ਕਰਦਾ ਹੈ ਜਿੱਥੇ ਉਹ ਪੈਂਦਾ ਹੈ, ਜੇ ਮੀਂਹ ਉਪਜਾਊ ਜ਼ਮੀਨ 'ਤੇ ਪੈਂਦਾ ਹੈ ਤਾਂ ਧਰਤੀ ਉਸ ਤੋਂ ਲਾਭ ਉਠਾਉਂਦੀ ਹੈ ਤੇ ਸੁੰਦਰ ਫਲਦਾਰ ਫੁੱਲ ਤੇ ਵਧੀਆ ਫਸਲਾਂ ਪੈਦਾ ਕਰਦੀ ਹੈ। ਇਸ ਦੇ ਉਲਟ ਜੇ ਉਹੀ ਮੀਂਹ ਬੰਜਰ ਜ਼ਮੀਨ 'ਤੇ ਪਏ ਹੋਏ ਤਾਂ ਉਥੇ ਸਿਰਫ ਜੰਗਲੀ ਬੂਟੇ ਤੇ ਕੰਡੇ ਹੀ ਉਗਦੇ ਹਨ। ਆਪ ਨੇ ਅੱਗੇ ਫਰਮਾਇਆ ਕਿ ਆਪਣੇ ਪਰਿਵਾਰ ਨਾਲ ਪਿਆਰ ਤੇ ਹਮਦਰਦੀ ਨਾਲ ਪੇਸ਼ ਆਓ ਤੇ ਇਹ ਯਕੀਨੀ ਬਣਾਓ ਕਿ ਤੁਹਾਡੇ ਘਰ ਵਿੱਚ ਹਰ ਵੇਲੇ ਮੁਹੱਬਤ ਤੇ ਪਿਆਰ ਦਾ ਮਾਹੌਲ ਕਾਇਮ ਰਹੇ। ਇਸ ਤਰ੍ਹਾਂ ਤੁਹਾਡੀ ਘਰੇਲੂ ਜ਼ਿੰਦਗੀ ਵੀ ਵਕਫੇ ਨੌ ਦੀਆਂ ਬਰਕਤਾਂ ਦੀ ਇੱਕ ਜਿਉਂਦੀ ਗਵਾਹ ਬਣੇਗੀ, ਜਿੱਥੇ ਨਾਸਤਿਕ ਲੋਕ ਵਿਗਿਆਨ ਨੂੰ ਖੁਦਾ ਦੇ ਅਸਤਿਤਵ ਨੂੰ ਝੁਟਲਾਉਣ ਲਈ ਵਰਤਣ ਦੀ ਕੋਸ਼ਿਸ਼ ਕਰਦੇ ਹਨ, ਉਥੇ ਤੁਹਾਡਾ ਫਰਜ਼ ਹੈ ਖਾਸ ਕਰਕੇ ਉਨ੍ਹਾਂ ਦਾ ਜਿਨ੍ਹਾਂ ਨੂੰ ਵਿਗਿਆਨ ਵਿੱਚ ਯੋਗਤਾ ਤੇ ਦਿਲਚਸਪੀ ਹੈ ਕਿ ਉਹ ਇਸ ਨੂੰ ਖੁਦਾ ਦੇ ਅਸਤਿਤਵ ਨੂੰ ਸਾਬਤ ਕਰਨ ਲਈ ਵਰਤਣ ਅਕਲ ਤੇ ਤਰਕ ਦੀ ਤਾਕਤ ਨਾਲ ਧਰਮ ਦੇ ਵਿਰੁੱਧ ਲਗਾਏ ਗਏ ਇਲਜ਼ਾਮਾਂ ਨੂੰ ਰੱਦ ਕਰਨ ਦੀ ਕੋਸ਼ਿਸ਼ ਕਰੋ। ਇਸ ਮੌਕੇ ਦੁਨੀਆਂ ਵਿੱਚ ਅਮਨ ਸ਼ਾਂਤੀ ਦੀ ਸਥਾਪਤੀ ਲਈ ਸਮੂਹਿਕ ਤੌਰ 'ਤੇ ਦੁਆ ਵੀ ਕੀਤੀ ਗਈ।

'ਆਪ' ਨਾਲ ਮੈਂ ਡਟ ਕੇ ਖੜ੍ਹਾ ਹਾਂ, ਪਿੱਠ ਦਿਖਾ ਕੇ ਨਹੀਂ ਜਾਵਾਂਗਾ: ਸੰਤ ਬਲਬੀਰ ਸਿੰਘ ਸੀਚੇਵਾਲ



ਸੁਲਤਾਨਪੁਰ ਲੋਧੀ, 3 ਮਈ (ਚ.ਨ.ਸ): ਵਾਤਾਵਰਨ ਪ੍ਰੇਮੀ ਤੇ ਰਾਜ ਸਭਾ ਮੈਂਬਰ ਪਦਮਸ਼੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸਪੱਸ਼ਟ ਕੀਤਾ ਕਿ ਉਹ ਆਮ ਆਦਮੀ ਪਾਰਟੀ ਨਾਲ ਡੱਟ ਕੇ ਖੜ੍ਹੇ ਹਨ ਤੇ ਖੜ੍ਹੇ ਰਹਿਣਗੇ। ਉਨ੍ਹਾਂ ਕਿਹਾ ਕਿ ਉਹ ਰਾਜ ਸਭਾ ਮੈਂਬਰ ਬਣਨ ਦੇ ਚਾਹਵਾਨ ਨਹੀਂ ਸਨ, ਪਰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਉਨ੍ਹਾਂ ਨੂੰ ਜੋ ਮਾਣ ਬਖ਼ਸ਼ਿਆ ਸੀ, ਉਹ ਕਦੇ ਵੀ ਉਨ੍ਹਾਂ ਨੂੰ ਪਿੱਠ ਦਿਖਾ ਕੇ ਨਹੀਂ ਜਾਣਗੇ। ਜਿੱਥੋਂ ਤੱਕ 7 ਸੰਸਦ ਮੈਂਬਰਾਂ ਵੱਲੋਂ ਪਾਰਟੀ ਛੱਡਣ ਦੀ ਗੱਲ ਹੈ ਤਾਂ ਇਸ ਬਾਰੇ ਉਹ ਸੰਸਦ ਮੈਂਬਰ ਹੀ ਦੱਸ ਸਕਦੇ ਹਨ ਜਾਂ ਫਿਰ ਆਪ ਸੁਪਰੀਮੋ ਕੇਜਰੀਵਾਲ, ਉਨ੍ਹਾਂ ਨੇ ਨਿੱਜੀ ਚਿੱਤਾਂ ਨੂੰ ਅੱਗੇ ਰੱਖਿਆ ਜਾਂ ਕੇਂਦਰ ਸਰਕਾਰ ਨੇ ਈ.ਡੀ. ਰਾਹੀਂ ਉਨ੍ਹਾਂ ਨੂੰ ਡਰਾ ਕੇ ਪਾਰਟੀ ਵਿੱਚ ਸ਼ਾਮਲ ਕੀਤਾ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਪਾਰਟੀ ਨੂੰ ਵੀ ਚਾਹੀਦਾ ਹੈ ਕਿ ਕਿਸੇ ਨੂੰ ਵੀ ਪਾਰਟੀ ਵਿੱਚ ਸ਼ਾਮਲ ਕਰਨ ਤੋਂ ਪਹਿਲਾਂ ਉਸ ਦੀ ਚੰਗੀ ਤਰ੍ਹਾਂ ਜਾਂਚ ਪਰਖ ਕਰੇ। ਉਨ੍ਹਾਂ ਦੱਸਿਆ ਕਿ ਪਾਰਟੀ ਛੱਡ ਕੇ ਜਾਣ ਵਾਲੇ ਇੱਕ ਸੰਸਦ ਮੈਂਬਰ ਵੱਲੋਂ ਉਨ੍ਹਾਂ ਨੂੰ ਵੀ ਪਾਰਟੀ ਛੱਡਣ ਦੀ ਪੇਸ਼ਕਸ਼ ਆਈ ਸੀ, ਪਰ ਉਨ੍ਹਾਂ ਨੇ ਸਾਫ਼ ਇਨਕਾਰ ਕਰ ਦਿੱਤਾ ਸੀ। ਇੱਕ ਸਵਾਲ ਦੇ ਜਵਾਬ ਵਿੱਚ ਸੰਤ ਸੀਚੇਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਫ਼ੰਡ ਰੋਕਣ ਕਾਰਨ ਪੰਜਾਬ ਦਾ ਵੱਡਾ ਨੁਕਸਾਨ ਹੋਇਆ ਹੈ ਤੇ ਪੰਜਾਬ ਦੇ ਕਈ ਕੰਮ-ਵਿਚਾਲੇ ਰੁਕੇ ਖੜ੍ਹੇ ਹਨ। ਸੰਤ ਸੀਚੇਵਾਲ ਨੇ ਦੱਸਿਆ ਕਿ ਪਿੰਡਾਂ ਵਿੱਚ ਛੱਪੜਾਂ ਦਾ ਜੋ ਕੰਮ ਚੱਲ ਰਿਹਾ ਹੈ, ਉਸ ਲਈ ਪੰਜਾਬ ਸਰਕਾਰ ਵੱਲੋਂ ਸਾਰੀ ਗ੍ਰਾਂਟ ਦਿੱਤੀ ਗਈ ਹੈ ਤੇ ਇਸ ਵਿੱਚ ਕੇਂਦਰ ਦਾ ਕੋਈ ਲੈਣ-ਦੇਣ ਨਹੀਂ ਹੈ।

ਬੀਬੀ ਕੌਲਾਂ ਜੀ ਹਸਪਤਾਲ ਵਿਖੇ ਬੱਚਿਆਂ ਦੀ ਓਪੀਡੀ ਸ਼ੁਰੂ



ਫਤਹਿਗੜ੍ਹ ਚੂੜੀਆਂ, 3 ਮਈ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਅਜਨਾਲਾ ਰੋਡ ਵਿਖੇ ਸਥਿਤ ਬੀਬੀ ਕੌਲਾਂ ਜੀ ਹਸਪਤਾਲ ਜੋ ਕਿ ਲੰਬੇ ਸਮੇਂ ਤੋਂ ਇਲਾਕੇ ਵਿੱਚ ਆਪਣੀਆਂ ਪਹਿਲਾਂ ਹੀ ਸੇਵਾਵਾਂ ਨਿਭਾ ਰਿਹਾ ਹੈ ਤੇ ਉਸ ਸੇਵਾਵਾਂ ਵਿੱਚ ਵਾਧਾ ਕਰਦੇ ਹੋਏ ਲੋਕਾਂ ਦੀ ਮੰਗ ਨੂੰ ਪੂਰਾ ਕਰਦੇ ਹੋਏ ਬੱਚਿਆਂ ਦੀ ਦੇਖ ਰੇਖ ਲਈ ਓਪੀਡੀ ਸ਼ੁਰੂ ਕੀਤੀ ਜਾ ਰਹੀ ਹੈ। ਬੱਚਿਆਂ ਦੀ ਓਪੀਡੀ ਦੇ ਲਈ ਮਾਹਿਰ ਡਾ. ਮਨਬੀਰ ਸਿੰਘ ਵੇਰਕਾ ਜੋ ਕਿ ਬੀਬੀ ਕੌਲਾਂ ਜੀ ਹਸਪਤਾਲ ਫਤਹਿਗੜ੍ਹ ਚੂੜੀਆਂ ਅਜਨਾਲਾ ਰੋਡ ਵਿਖੇ ਦਿਨ ਬੁੱਧਵਾਰ ਤੇ ਸ਼ੁੱਕਰਵਾਰ ਆਪਣੀਆਂ ਸੇਵਾਵਾਂ ਦੇਣਗੇ। ਇਲਾਕੇ ਦੀ ਮੁੱਖ ਮੰਗ ਨੂੰ ਵੇਖਦੇ ਹੋਏ ਬੱਚਿਆਂ ਦੇ ਰੋਗਾਂ ਦੇ ਇਲਾਜ ਲਈ ਡਾ. ਮਨਬੀਰ ਸਿੰਘ ਵੇਰਕਾ ਵੱਲੋਂ ਬੀਬੀ ਕੌਲਾਂ ਜੀ ਹਸਪਤਾਲ ਫਤਹਿਗੜ੍ਹ ਚੂੜੀਆਂ ਵਿਖੇ ਆਪਣੀਆਂ ਸੇਵਾਵਾਂ ਨਿਭਾਉਣਗੇ। ਬੀਬੀ ਕੌਲਾਂ ਜੀ ਹਸਪਤਾਲ ਫਤਹਿਗੜ

ਦੇਸ਼ ਦੇ ਭਵਿੱਖ ਨੂੰ ਤੰਬਾਕੂ ਦੇ ਚੁੰਗਲ ਤੋਂ ਬਚਾਉਣ ਲਈ....

2009 ਜਾਂ ਉਸ ਤੋਂ ਬਾਅਦ ਜੰਮੇ ਲੋਕਾਂ ਲਈ ਸਿਗਰਟ ਦੀ ਵਿਕਰੀ ਤੇ ਸੇਵਨ 'ਤੇ ਮੁਕੰਮਲ ਕਾਨੂੰਨੀ ਪਾਬੰਦੀ ਲਗਾਈ ਜਾਵੇ

ਚੇਨਈ, 3 ਮਈ (ਚ.ਨ.ਸ): ਸਾਬਕਾ ਕੇਂਦਰੀ ਸਿਹਤ ਮੰਤਰੀ ਤੇ ਪੀਐਮਕੇ (ਪਾਟਾਲੀ ਮੱਕਲ ਕਾਚੀ) ਦੇ ਆਗੂ ਡਾ. ਅੰਬੁਮਣੀ ਰਾਮਦਾਸ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਭਾਵੁਕ ਪੱਤਰ ਲਿਖ ਕੇ ਦੇਸ਼ ਦੇ ਭਵਿੱਖ ਨੂੰ ਤੰਬਾਕੂ ਦੇ ਚੁੰਗਲ ਤੋਂ ਬਚਾਉਣ ਲਈ ਇੱਕ ਹਿੰਮਤ ਭਰਿਆ ਕਦਮ ਚੁੱਕਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਮੰਗ ਕੀਤੀ ਹੈ ਕਿ ਇੱਕ ਜਨਵਰੀ, 2009 ਜਾਂ ਉਸ ਤੋਂ ਬਾਅਦ ਜੰਮੇ ਲੋਕਾਂ ਲਈ ਸਿਗਰਟ ਦੀ ਵਿਕਰੀ ਤੇ ਸੇਵਨ 'ਤੇ ਮੁਕੰਮਲ ਕਾਨੂੰਨੀ ਪਾਬੰਦੀ ਲਗਾਈ ਜਾਵੇ ਤਾਂ ਜੋ ਭਾਰਤ ਵਿੱਚ ਇੱਕ ਸਿਗਰਟਨੋਸ਼ੀ ਮੁਕਤ ਪੀੜ੍ਹੀ ਦਾ ਨਿਰਮਾਣ ਹੋ ਸਕੇ। ਡਾ. ਰਾਮਦਾਸ ਨੇ ਪੱਤਰ ਵਿੱਚ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਭਾਰਤ ਇਸ ਸਮੇਂ ਇੱਕ ਭਿਆਨਕ ਜਨਤਕ ਸਿਹਤ ਸੰਕਟ ਨਾਲ ਜੂਝ ਰਿਹਾ ਹੈ। ਉਨ੍ਹਾਂ ਨੇ ਵਿਸ਼ਵ ਸਿਹਤ ਅਨੁਮਾਨਾਂ ਦਾ ਹਵਾਲਾ ਦਿੰਦੇ ਹੋਏ ਦੱਸਿਆ ਕਿ ਲਗਭਗ 26.7 ਕਰੋੜ ਭਾਰਤੀ ਤੰਬਾਕੂ ਦਾ ਸੇਵਨ ਕਰਦੇ ਹਨ। ਤੰਬਾਕੂ ਕਾਰਨ ਹਰ ਸਾਲ ਸਿੱਧੇ ਤੌਰ 'ਤੇ 13.5 ਲੱਖ ਲੋਕਾਂ ਦੀ ਮੌਤ ਹੁੰਦੀ



ਹੈ, ਜਦਕਿ 'ਸੈਕਿੰਡ-ਹੈਂਡ ਸਮੋਕ' (ਦੂਜਿਆਂ ਦੇ ਧੂੰਏਂ) ਕਾਰਨ ਹੋਣ ਵਾਲੀਆਂ ਮੌਤਾਂ ਦਾ ਅੰਕੜਾ 23 ਲੱਖ ਤੱਕ ਪੁੱਜ ਜਾਂਦਾ ਹੈ। ਡਾ. ਰਾਮਦਾਸ, ਜਿਨ੍ਹਾਂ ਨੇ 2004-09 ਦੌਰਾਨ ਜਨਤਕ ਥਾਵਾਂ 'ਤੇ ਸਿਗਰਟਨੋਸ਼ੀ 'ਤੇ ਪਾਬੰਦੀ ਲਗਾਉਣ ਦਾ ਇਤਿਹਾਸਕ ਫ਼ੈਸਲਾ ਕੀਤਾ ਸੀ, ਨੇ ਚਿਤਾਵਨੀ ਦਿੱਤੀ ਹੈ ਕਿ ਭਾਰਤ ਵਿੱਚ 40 ਤੋਂ 50 ਫ਼ੀਸਦੀ ਕੈਂਸਰ ਦੇ ਮਾਮਲਿਆਂ ਲਈ ਤੰਬਾਕੂ ਜ਼ਿੰਮੇਵਾਰ ਹੈ। ਉਨ੍ਹਾਂ ਕਿਹਾ ਕਿ ਇਸ ਸੰਦਰਭ ਵਿੱਚ ਮੈਂ ਕੇਂਦਰ ਸਰਕਾਰ ਨੂੰ ਬਰਤਾਨੀਆ ਵਾਂਗ ਇੱਕ ਪਰਿਵਰਤਨਕਾਰੀ ਕਾਨੂੰਨ ਬਣਾਉਣ 'ਤੇ ਵਿਚਾਰ ਕਰਨ ਦੀ ਬੇਨਤੀ ਕਰਦਾ ਹਾਂ ਜੋ ਕਿਸੇ ਮਿੱਥੇ ਸਾਲ (ਜਿਵੇਂ 2009) ਨੂੰ ਜਾਂ ਉਸ ਤੋਂ ਬਾਅਦ ਜੰਮੇ ਲੋਕਾਂ ਲਈ ਤੰਬਾਕੂ ਉਤਪਾਦਾਂ ਦੀ ਵਿਕਰੀ ਤੇ ਸੇਵਨ 'ਤੇ ਸਥਾਈ ਤੌਰ 'ਤੇ ਪਾਬੰਦੀ ਲਗਾਉਂਦਾ ਹੋਵੇ। ਇਸ ਤਰ੍ਹਾਂ ਦੀ ਪੀੜ੍ਹੀਗਤ ਪਾਬੰਦੀ ਭਾਰਤ ਵਿੱਚ ਤੰਬਾਕੂ ਦੇ ਇਸਤੇਮਾਲ ਨੂੰ ਹੌਲੀ-ਹੌਲੀ ਖਤਮ ਕਰਨ ਵੱਲ ਇੱਕ ਫ਼ੈਸਲਾ ਕਰਨ ਵਾਲਾ ਕਦਮ ਹੋਵੇਗਾ।' ਇਹ ਅਪੀਲ ਸਿਰਫ਼ ਇੱਕ ਕਾਨੂੰਨ ਦੀ ਮੰਗ ਨਹੀਂ ਸਗੋਂ ਲੱਖਾਂ ਪਰਿਵਾਰਾਂ ਨੂੰ ਉਜੜਨ ਤੋਂ ਬਚਾਉਣ ਦੀ ਇੱਕ ਮਨੁੱਖੀ ਪੁਕਾਰ ਹੈ ਤਾਂ ਜੋ ਆਉਣ ਵਾਲੀ ਪੀੜ੍ਹੀ ਨੂੰ ਸਿਹਤਮੰਦ ਵਾਤਾਵਰਨ ਮਿਲ ਸਕੇ।

ਕੰਵਰਵੀਰ ਸਿੰਘ ਟੌਹੜਾ ਦੀ ਅਗਵਾਈ 'ਚ ਮੁੱਖ ਮੰਤਰੀ ਸੈਣੀ ਵੱਲੋਂ ਵਰਕਰਾਂ ਨਾਲ ਮੀਟਿੰਗ

ਮੰਡੀ ਗੋਬਿੰਦਗੜ੍ਹ, 3 ਮਈ (ਸੂਦ): ਭਾਜਪਾ ਦੇ ਸੂਬਾ ਸਕੱਤਰ ਤੇ ਹਲਕਾ ਇੰਚਾਰਜ ਇੰਜ. ਕੰਵਰਵੀਰ ਸਿੰਘ ਟੌਹੜਾ ਦੀ ਪ੍ਰਧਾਨਗੀ ਹੇਠ ਭਾਜਪਾ ਵਰਕਰਾਂ ਦੀ ਇੱਕ ਮੀਟਿੰਗ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ਼ਿਰਕਤ ਕੀਤੀ ਤੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰਾਂ ਨੇ ਭਾਗ ਲਿਆ ਤੇ ਸ੍ਰੀ ਸੈਣੀ ਦਾ ਭਰਵਾਂ ਸਵਾਗਤ ਕੀਤਾ। ਇਸ ਮੌਕੇ ਰਾਜ ਸਭਾ ਮੈਂਬਰ ਚਾਂਸਲਰ ਸਤਨਾਮ ਸਿੰਘ ਸੰਧੂ, ਸਾਬਕਾ ਮੰਤਰੀ ਅਸੀਮ



ਗੋਇਲ, ਜ਼ਿਲ੍ਹਾ ਪ੍ਰਧਾਨ ਦੀਦਾਰ ਸਿੰਘ ਭੱਟੀ, ਸੀਨੀਅਰ ਆਗੂ ਗੇਜਾ ਰਾਮ, ਰਾਕੇਸ਼ ਗੁਪਤਾ, ਇਕਬਾਲ ਸਿੰਘ, ਕੁਲਦੀਪ ਸਿੰਘ ਸਿੱਧੂਪੁਰ, ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਪਦਮ, ਖਜ਼ਾਨਚੀ ਸਾਹਿਲ ਗਰਗ, ਸਨੀ ਟੌਹੜਾ, ਰਾਜਨ ਕੱਕੜ ਹਿਤੇਸ਼ ਗਾਵੜੀ ਤੇ ਨਾਰਾਇਣ ਦਾਸ ਆਦਿ ਹਾਜ਼ਰ ਸਨ। ਸ੍ਰੀ ਟੌਹੜਾ ਨੇ ਸਰਕਾਰ ਦੀ ਅਲੋਚਨਾ ਕਰਦਿਆਂ ਇਸ ਨੂੰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ ਦਾ ਦੋਸ਼ ਲਗਾਇਆ। ਸ੍ਰੀ ਸੈਣੀ ਨੇ ਸਥਾਨਕ ਵਪਾਰੀਆਂ ਦੀ ਸ਼ਲਾਘਾ ਕੀਤੀ ਕਿ ਉਹ ਮੁਸ਼ਕਿਲ ਹਾਲਾਤਾਂ ਵਿੱਚ ਵੀ ਕਾਰੋਬਾਰ ਕਰਕੇ ਲੱਖਾਂ ਨੌਜਵਾਨਾਂ ਨੂੰ ਰੁਜ਼ਗਾਰ ਦੇ ਰਹੇ ਹਨ। ਉਨ੍ਹਾਂ ਭਾਜਪਾ ਸਰਕਾਰ ਆਉਣ 'ਤੇ ਅਫ਼ਸਰਸ਼ਾਹੀ ਨੂੰ ਨਕੇਲ ਪਾ ਕੇ ਵਪਾਰੀਆਂ ਨੂੰ ਕੋਈ ਮੁਸ਼ਕਿਲ ਨਾ ਆਉਣ ਦਾ ਭਰੋਸਾ ਦਿੱਤਾ। ਉਨ੍ਹਾਂ ਸ੍ਰੀ ਟੌਹੜਾ ਦੇ ਦਫ਼ਤਰ ਦਾ ਵੀ ਉਦਘਾਟਨ ਕੀਤਾ ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਕਿਹਾ। ਇਸ ਮੌਕੇ ਅਮਰੀਕ ਸਿੰਘ ਮੰਡੇਰ, ਸਾਬਕਾ ਸਰਪੰਚ ਅਮਰੀਕ ਸਿੰਘ, ਨਿਰਮਲ ਸਿੰਘ ਸ਼ੇਰਪੁਰ, ਪ੍ਰਦੀਪ ਕਟਾਰੀਆ, ਜਗਮੋਹਨ ਸਿੰਘ, ਗੁਰਤੇਜ ਸਿੰਘ, ਸੋਨੂੰ ਧੀਮਾਨ, ਜਗਜੀਤ ਸਿੰਘ, ਚੇਤਨ ਵਰਮਾ, ਗਰਗਦੀਪ ਗੋਲਡੀ, ਸੁਖਦੇਵ ਰਾਮ, ਰਜੇਸ਼ ਮਦਾਨ, ਚਰਨਜੀਤ ਸਿੰਘ ਚੀਮਾ, ਰਾਜ ਕੁਮਾਰ ਖੁੱਲਰ, ਭੂਸ਼ਨ ਵਰਮਾ, ਆਲੋਕ ਰਾਜਪੂਤ, ਦਿਨੇਸ਼ ਸ਼ਰਮਾ, ਰਣਜੀਤ ਸਿੰਘ, ਭੁਪਿੰਦਰ ਸਿੰਘ, ਗੁਰਪ੍ਰੀਤ ਸਿੰਘ ਤੇ ਸਿਕੰਦਰ ਸਿੰਘ ਆਦਿ ਨੇ ਭਾਜਪਾ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ।

ਕੁਲਜੀਤ ਸਿੰਘ ਬੇਦੀ ਵੱਲੋਂ ਮੋਹਾਲੀ ਤੋਂ ਟਿਕਟ ਲਈ ਦਾਅਵੇਦਾਰੀ ਪੇਸ਼

ਮੋਹਾਲੀ, 3 ਮਈ (ਚ.ਨ.ਸ): ਸਾਬਕਾ ਡਿਪਟੀ ਮੇਅਰ ਤੇ ਕਾਂਗਰਸੀ ਆਗੂ ਕੁਲਜੀਤ ਸਿੰਘ ਬੇਦੀ ਨੇ ਆਪਣੇ ਰਾਜਨੀਤਿਕ ਇਰਾਦਿਆਂ ਨੂੰ ਸਪੱਸ਼ਟ ਕਰਦਿਆਂ ਐਲਾਨ ਕੀਤਾ ਕਿ ਵਿਧਾਨ ਸਭਾ ਹਲਕੇ ਤੋਂ ਕਾਂਗਰਸ ਪਾਰਟੀ ਵੱਲੋਂ ਟਿਕਟ ਲਈ ਦਾਅਵੇਦਾਰੀ ਪੇਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਉਹ ਲਗਾਤਾਰ ਪਿੰਡਾਂ ਵਿੱਚ ਜਾ ਕੇ ਲੋਕਾਂ ਨਾਲ ਸੰਪਰਕ ਕਰ ਰਹੇ ਹਨ ਤੇ ਉਨ੍ਹਾਂ ਦੇ ਮਸਲੇ ਸੁਣ ਰਹੇ ਹਨ ਤੇ ਲੋਕ ਉਨ੍ਹਾਂ ਨੂੰ ਪੂਰਾ ਯਮਰਥਨ ਦੇ ਰਹੇ ਹਨ। ਉਨ੍ਹਾਂ ਦੱਸਿਆ ਕਿ ਗੋਬਿੰਦਗੜ੍ਹ ਸਮੇਤ ਕਈ ਪਿੰਡਾਂ ਵਿੱਚ



ਉਨ੍ਹਾਂ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ, ਜਿਸ ਨਾਲ ਉਨ੍ਹਾਂ ਨੂੰ ਹੌਸਲਾ ਮਿਲਿਆ ਹੈ। ਬੇਦੀ ਨੇ ਕਿਹਾ ਕਿ ਲੋਕਾਂ ਦਾ ਪਿਆਰ ਤੇ ਆਸ਼ੀਰਵਾਦ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ ਤੇ ਇਹੀ ਤਾਕਤ ਉਨ੍ਹਾਂ ਨੂੰ ਮੋਹਾਲੀ ਹਲਕੇ ਦੇ ਵਿਕਾਸ ਲਈ ਕੰਮ ਕਰਨ ਲਈ ਪ੍ਰੇਰਿਤ ਕਰਦੀ ਹੈ। ਉਨ੍ਹਾਂ ਵਾਅਦਾ ਕੀਤਾ ਕਿ ਜੇਕਰ ਕਾਂਗਰਸ ਪਾਰਟੀ ਦੀ ਸਰਕਾਰ ਬਣਦੀ ਹੈ ਤਾਂ ਪਿੰਡਾਂ ਦੇ ਮੂਲ ਮਸਲਿਆਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।

ਅਮਰੀਕਾ ਦੀ ਸਪਿਰਿਟ ਏਅਰਲਾਈਨਜ਼ ਈਰਾਨ ਯੁੱਧ ਦੇ ਭੇਟ ਚੜ੍ਹੀ

ਵਾਸ਼ਿੰਗਟਨ, 3 ਮਈ (ਚ.ਨ.ਸ): ਅਮਰੀਕਾ ਦੀ ਸਪਿਰਿਟ ਏਅਰਲਾਈਨਜ਼ ਈਰਾਨ ਯੁੱਧ ਦੇ ਭੇਟ ਚੜ੍ਹ ਗਈ ਹੈ। ਕਿਫਾਇਤੀ ਕਿਰਾਇਆਂ ਲਈ ਮਸ਼ਹੂਰ ਸਪਿਰਿਟ ਏਅਰਲਾਈਨਜ਼ ਨੇ ਐਲਾਨ ਕੀਤਾ ਕਿ ਪੱਛਮੀ ਏਸ਼ੀਆ 'ਚ ਚੱਲ ਰਹੇ ਸੰਘਰਸ਼ ਵਿਚਾਲੇ ਵਿੱਤੀ ਮੁਸ਼ਕਿਲਾਂ ਤੇ ਈਂਧਣ ਦੀ ਅਸਮਾਨ ਛੂਹਣ ਵਾਲੀ ਕੀਮਤਾਂ ਕਾਰਨ ਉਹ ਤੁਰੰਤ ਪ੍ਰਭਾਵ ਨਾਲ ਆਪਣਾ ਸੰਚਾਲਨ ਬੰਦ ਕਰ ਰਹੀ ਹੈ। ਏਅਰਲਾਈਨ ਦੇ ਅਚਾਨਕ ਬੰਦ ਹੋਣ ਨਾਲ ਅਮਰੀਕਾ ਦੇ ਹਵਾਈ ਯਾਤਰਾ ਉਦਯੋਗ ਨੂੰ ਵੱਡਾ ਝਟਕਾ ਲੱਗਾ ਹੈ। ਇਹ ਏਅਰਲਾਈਨ ਲੰਬੇ ਸਮੇਂ ਤੋਂ ਯਾਤਰੀਆਂ ਨੂੰ ਘੱਟ ਲਾਗਤ ਵਾਲੀਆਂ ਹਵਾਈ ਯਾਤਰਾਵਾਂ ਪ੍ਰਦਾਨ ਕਰਨ ਲਈ ਜਾਣੀ ਜਾਂਦੀ ਸੀ ਤੇ ਮਾਰਕੀਟ 'ਚ ਇੱਕ ਪ੍ਰਮੁੱਖ ਖਿਡਾਰੀ ਸੀ। ਏਅਰਲਾਈਨ ਨੇ ਪੁਸ਼ਟੀ ਕੀਤੀ ਹੈ ਕਿ ਸਾਰੀਆਂ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ ਤੇ ਗ੍ਰਾਹਕ ਸੇਵਾ ਹੁਣ ਉਪਲਬਧ ਨਹੀਂ ਹੈ। ਇਸਦੇ ਨਾਲ ਹੀ, ਇਸ ਨੇ ਕਿਹਾ ਕਿ ਪਿਛਲੇ 34 ਸਾਲਾਂ 'ਚ ਅਲਟਰਾ-ਲੋ-ਕਾਸਟ ਮਾਡਲ ਨੂੰ ਲਾਗੂ ਕਰਨ 'ਤੇ ਉਸ ਨੂੰ ਮਾਣ ਹੈ। ਸੀਐਨਐਨ ਅਨੁਸਾਰ ਈਰਾਨ ਯੁੱਧ ਤੋਂ ਪਹਿਲਾਂ ਹੀ ਏਅਰਲਾਈਨ ਗੰਭੀਰ ਵਿੱਤੀ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਸੀ। ਯੁੱਧ ਸ਼ੁਰੂ ਹੋਣ ਤੋਂ ਬਾਅਦ ਜੈਟ ਈਂਧਣ ਦੀਆਂ ਕੀਮਤਾਂ 'ਚ ਦੁੱਗਣਾ ਵਾਧਾ ਹੋਣ ਕਾਰਨ ਏਅਰਲਾਈਨਜ਼ ਨੂੰ ਬੰਦ ਕਰਨ ਦਾ ਫੈਸਲਾ ਲਿਆ ਗਿਆ। ਇਸ ਕਾਰਨ 17,000 ਮੁਲਾਜ਼ਮ ਬੇਰੁਜ਼ਗਾਰ ਹੋ ਜਾਣਗੇ। ਇਹ ਪ੍ਰਧਾਨ ਮੰਤਰੀ ਡੋਨਾਲਡ ਟਰੰਪ ਲਈ ਇੱਕ ਵੱਡਾ ਝਟਕਾ ਹੈ, ਜਿਸ ਨੇ ਆਪਣੇ ਕੁਝ ਨੇੜੇ ਦੇ ਸਲਾਹਕਾਰਾਂ ਤੇ ਕਾਂਗਰਸ 'ਚ ਕਈ ਗਣਤੰਤਰ ਪਾਰਟੀ ਦੇ ਮੈਂਬਰਾਂ ਦੇ ਵਿਰੋਧ ਦੇ ਬਾਵਜੂਦ ਸਪਿਰਿਟ ਨੂੰ ਬਚਾਉਣ ਲਈ 500 ਮਿਲੀਅਨ ਡਾਲਰ ਦਾ ਪ੍ਰਸਤਾਵ ਦਿੱਤਾ ਸੀ। ਸੂਤਰਾਂ ਅਨੁਸਾਰ ਕੰਪਨੀ ਨੂੰ ਬਚਾਉਣ ਲਈ ਬੋਰਡ ਦੀ ਬੈਠਕ ਬਿਨਾਂ ਕਿਸੇ ਸਮਝੌਤੇ ਦੇ ਖ਼ਤਮ ਹੋ ਗਈ।

ਪੰਜਾਬ ਤੇ ਹਿਮਾਚਲ ਵਿਚਾਲੇ ਚੱਲ ਰਹੇ ਐਂਟਰੀ ਟੈਕਸ ਮਸਲੇ 'ਤੇ ਹੁਣ ਮਾਹੌਲ ਹੋਰ ਗਰਮਾਇਆ

ਸ੍ਰੀ ਕੀਰਤਪੁਰ ਸਾਹਿਬ, 3 ਮਈ (ਚ.ਨ.ਸ): ਪੰਜਾਬ ਤੇ ਹਿਮਾਚਲ ਵਿਚਾਲੇ ਚੱਲ ਰਹੇ ਐਂਟਰੀ ਟੈਕਸ ਮਸਲੇ 'ਤੇ ਹੁਣ ਮਾਹੌਲ ਹੋਰ ਗਰਮ ਹੋ ਗਿਆ ਹੈ। ਇਲਾਕਾ ਸੰਘਰਸ਼ ਕਮੇਟੀ, ਕਿਰਤੀ ਕਿਸਾਨ ਮੋਰਚਾ, ਆਜ਼ਾਦ ਟੈਕਸੀ ਯੂਨੀਅਨ, ਸਰਹੱਦ ਦੇ ਇਲਾਕੇ ਦੇ ਲੋਕ ਤੇ ਨਿਹੰਗ ਸਿੰਘ ਫੌਜਾਂ ਵੱਲੋਂ ਹਿਮਾਚਲ ਪ੍ਰਦੇਸ਼ ਸਰਕਾਰ ਨੂੰ ਸਿੱਧਾ ਅਲਟੀਮੇਟਮ ਦੇ ਦਿੱਤਾ ਗਿਆ ਹੈ ਕਿ ਹਿਮਾਚਲ ਪ੍ਰਦੇਸ਼ ਸਰਹੱਦਾਂ 'ਤੇ ਲਗਾਏ ਐਂਟਰੀ ਟੈਕਸਾਂ ਨੂੰ ਤੁਰੰਤ ਬੰਦ ਕੀਤਾ ਜਾਵੇ। ਪੰਜਾਬ ਮੋਰਚਾ ਦੇ ਕਨਵੀਨਰ ਗੌਰਵ ਰਾਣਾ ਨੇ ਕਿਹਾ ਕਿ ਇਸ ਮਾਮਲੇ ਵਿੱਚ ਦੋਵੇਂ ਸਰਕਾਰਾਂ ਸ਼ੱਕ ਦੇ ਘੇਰੇ ਵਿੱਚ ਹਨ। ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਲਗਾਇਆ ਗਿਆ ਜਜ਼ੀਆ ਟੈਕਸ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ, ਕਿਉਂਕਿ ਮਾਣਯੋਗ ਸੁਪਰੀਮ ਕੋਰਟ ਦੀਆਂ ਹਦਾਇਤਾਂ ਅਨੁਸਾਰ ਕੋਈ ਵੀ ਸਰਕਾਰ ਨੈਸ਼ਨਲ ਹਾਈਵੇ 'ਤੇ



ਐਂਟਰੀ ਟੈਕਸ ਨਹੀਂ ਲਗਾ ਸਕਦੀ। ਉਨ੍ਹਾਂ ਕਿਹਾ ਕਿ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਸੜਕਾਂ ਬਣਾਈਆਂ, ਸੁਰੰਗਾਂ ਬਣਾਈਆਂ, ਲੋਕਾਂ ਨੂੰ ਸਹੂਲਤ ਦਿੱਤੀ ਇਸ ਲਈ ਲੋਕ ਟੋਲ ਕਟਵਾ ਰਹੇ ਹਨ ਪਰ ਨਾਲ ਹੀ ਇੱਕ ਕਿਲੋਮੀਟਰ ਦੇ ਘੇਰੇ ਅੰਦਰ ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਲਗਾਇਆ ਜਜ਼ੀਆ ਟੈਕਸ ਨਾਜਾਇਜ਼ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਐਂਟਰੀ ਟੈਕਸ ਬੰਦ ਨਹੀਂ ਕੀਤਾ ਜਾਂਦਾ ਉਦੋਂ ਤੱਕ ਗਰਾਂ ਮੋੜਾ ਟੋਲ ਕਰ ਮੁਕਤ ਹੋਵੇਗਾ। ਕੁਝ ਸਮਾਂ ਪਹਿਲਾਂ ਸਰਕਾਰ ਵੱਲੋਂ 30 ਰੁਪਏ ਕਾਰ ਐਂਟਰੀ ਟੈਕਸ ਲਿਆ ਜਾਂਦਾ ਸੀ ਫਿਰ ਵਧਾ ਕੇ 70 ਰੁਪਏ ਕੀਤੇ ਗਏ ਤੇ ਇੱਕ ਅਪ੍ਰੈਲ ਤੋਂ 170 ਰੁਪਏ ਦਾ ਫਰਮਾਨ ਜਾਰੀ ਕੀਤਾ ਗਿਆ, ਜੋ ਕਿ ਸੰਘਰਸ਼ ਨੂੰ ਦੇਖਦੇ ਹੋਏ 100 ਰੁਪਏ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਸਬੰਧੀ ਮਾਣਯੋਗ ਹਾਈਕੋਰਟ ਵਿੱਚ ਕੇਸ ਦਾਇਰ ਕੀਤਾ ਗਿਆ ਹੈ ਲੋੜ ਪਈ ਤਾਂ ਸੁਪਰੀਮ ਕੋਰਟ ਵੀ ਜਾਵਾਂਗੇ। ਲੋਕਾਂ ਦੀ ਮੰਗ ਹੈ ਕਿ ਹਿਮਾਚਲ ਨੰਬਰ ਗੱਡੀਆਂ ਤੋਂ ਉਨਾ ਹੀ ਟੈਕਸ ਵਸੂਲਿਆ ਜਾਵੇਗਾ ਜਿੰਨਾ ਕਿ ਹਿਮਾਚਲ ਸਰਕਾਰ ਪੰਜਾਬ ਦੀ ਗੱਡੀਆਂ 'ਚੋਂ ਵਸੂਲ ਰਹੀ ਹੈ।

ਏਕੇਐਮ ਪੰਜਾਬ ਵੱਲੋਂ ਅੱਜ ਪੰਜਾਬ ਦੇ ਸਾਰੇ ਟੋਲ ਪਲਾਜ਼ੇ ਅਣਮਿੱਥੇ ਸਮੇਂ ਲਈ ਬੰਦ

ਲੁਧਿਆਣਾ, 3 ਮਈ (ਚ.ਨ.ਸ): ਪੰਜਾਬ ਸਰਕਾਰ ਵੱਲੋਂ 30 ਅਪ੍ਰੈਲ ਤੱਕ ਅਬਾਦਕਾਰ ਕਿਸਾਨਾਂ ਨੂੰ ਮੁਆਵਜ਼ਾ ਦੇਣ ਦਾ ਭਰੋਸਾ ਦਿੱਤਾ ਗਿਆ ਸੀ ਪਰ ਅਜੇ ਤੱਕ ਕਿਸਾਨਾਂ ਨੂੰ ਕੋਈ ਰਾਹਤ ਨਹੀਂ ਮਿਲੀ, ਜਿਸ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਰੋਸ ਵਜੋਂ ਏਕੇਐਮ ਪੰਜਾਬ ਵੱਲੋਂ 4 ਮਈ ਨੂੰ ਪੰਜਾਬ ਦੇ ਸਾਰੇ ਟੋਲ ਪਲਾਜ਼ੇ ਸਵੇਰੇ 11 ਵਜੇ ਤੋਂ ਅਣਮਿੱਥੇ ਸਮੇਂ ਲਈ ਬੰਦ ਕਰ ਦਿੱਤੇ ਜਾਣਗੇ। ਇਹ ਪ੍ਰਗਟਾਵਾ ਏਕੇਐਮ ਪੰਜਾਬ ਦੇ ਸੀਨੀਅਰ ਆਗੂ ਤੇ ਅੰਨਦਾਤਾ ਕਿਸਾਨ-ਮਜ਼ਦੂਰ ਯੂਨੀਅਨ ਦੇ ਕੌਮੀ ਪ੍ਰਧਾਨ ਜਥੇ. ਤਰਨਜੀਤ ਸਿੰਘ ਨਿਮਾਣਾ ਨੇ ਕੀਤਾ। ਨਿਮਾਣਾ ਨੇ ਦੋਸ਼ ਲਗਾਇਆ ਕਿ ਹੜ੍ਹਾਂ ਕਾਰਨ ਝੋਨੇ ਦੀ ਫ਼ਸਲ ਬਰਬਾਦ ਹੋਈ ਸੀ, ਅਬਾਦਕਾਰ ਕਿਸਾਨਾਂ ਨੂੰ ਕੱਚੀਆਂ ਪੈਲੀਆਂ ਦਾ ਮੁਆਵਜ਼ਾ ਨਹੀਂ ਦਿੱਤਾ ਗਿਆ, ਬੇਮੌਸਮੀ ਮੀਂਹ ਤੇ ਹੋਰ ਕੁਦਰਤੀ ਆਫ਼ਤਾਂ ਕਾਰਨ ਫ਼ਸਲਾਂ ਦਾ ਵੱਡਾ ਨੁਕਸਾਨ ਹੋਇਆ ਸੀ। ਸਰਕਾਰ ਨੇ



ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਦੇਣ ਵਿੱਚ ਗੰਭੀਰਤਾ ਨਹੀਂ ਦਿਖਾਈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਤੁਰੰਤ ਕਿਸਾਨਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ, ਏਕੇਐਮ ਪੰਜਾਬ ਨੇ ਸਾਰੇ ਕਿਸਾਨਾਂ ਤੇ ਆਮ ਲੋਕਾਂ ਨੂੰ 4 ਮਈ ਦੇ ਟੋਲ ਪਲਾਜ਼ਾ ਬੰਦ ਕਰਨ 'ਤੇ ਅੰਦੋਲਨ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਇਸ ਮੌਕੇ ਅਮਰਜੀਤ ਸਿੰਘ ਭੱਟੀ ਸੀਨੀਅਰ ਮੀਤ ਪ੍ਰਧਾਨ, ਗੁਰਦੀਪ ਸਿੰਘ ਗਰੇਵਾਲ ਪ੍ਰਚਾਰ ਸਕੱਤਰ, ਪ੍ਰਭਦੀਪ ਸਿੰਘ ਸੇਖੋਂ ਜ਼ਿਲ੍ਹਾ ਦਿਹਾਤੀ ਪ੍ਰਧਾਨ, ਕੁਲਦੀਪ ਸਿੰਘ ਸੈਣੀ, ਕੰਵਲਜੀਤ ਸਿੰਘ ਢਿੱਲੋਂ, ਕੁਲਦੀਪ ਸਿੰਘ ਖ਼ਾਲਸਾ ਸੀ. ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਹਸਨਪੁਰ, ਗੁਰਵਿੰਦਰ ਸਿੰਘ, ਪਰਮਜੀਤ ਸਿੰਘ, ਸੁਰਜੀਤ ਸਿੰਘ, ਰਣਧੀਰ ਸਿੰਘ ਧੀਰਾ ਹਾਜ਼ਰ ਸਨ।

ਦੇਸ਼ ਭਗਤ ਯੂਨੀਵਰਸਿਟੀ ਨੇ ਵਿਸ਼ਵ ਰਚ

ਹਰਿਆਣਾ ਦੇ ਮੁੱਖ ਮੰਤਰੀ ਸੈਣੀ ਦਾ 'ਆਪ' ਵੱਲੋਂ ਕਾਲੇ ਝੰਡਿਆਂ ਨਾਲ ਵਿਰੋਧ



ਲੁਧਿਆਣਾ, 3 ਮਈ (ਵਿਸ਼ਾਲ ਸ਼ਰਮਾ): ਆਮ ਆਦਮੀ ਪਾਰਟੀ ਲੁਧਿਆਣਾ ਸ਼ਹਿਰੀ ਵੱਲੋਂ ਅੱਜ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਲੁਧਿਆਣਾ ਫੇਰੀ ਦਾ ਕਾਲੇ ਝੰਡਿਆਂ ਨਾਲ ਤਿੱਖਾ ਵਿਰੋਧ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਜਤਿੰਦਰ ਖੰਗੂੜਾ ਦੀ ਅਗਵਾਈ ਵਿੱਚ ਆਪ ਆਗੂਆਂ ਨੇ ਮੁੱਖ ਮੰਤਰੀ ਦਾ ਵਿਰੋਧ ਪ੍ਰਦਰਸ਼ਨ ਕੀਤਾ ਅਤੇ ਪੰਜਾਬ ਪ੍ਰਤੀ ਭਾਜਪਾ ਸਰਕਾਰ ਦੀਆਂ ਮਾੜੂ ਨੀਤੀਆਂ ਦੀ ਨਿਖੇਧੀ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਖੰਗੂੜਾ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੰਜਾਬ ਵਿੱਚ ਆਏ ਵਿਨਾਸ਼ਕਾਰੀ ਹੜ੍ਹਾਂ ਲਈ ਅਜੇ ਤੱਕ ਇੱਕ ਵੀ ਰੁਪਏ ਦਾ ਮੁਆਵਜ਼ਾ ਨਹੀਂ ਦਿੱਤਾ ਗਿਆ। ਭਾਜਪਾ ਹਮੇਸ਼ਾ ਪੰਜਾਬ ਨਾਲ ਮਤਰੇਈ ਮਾਂ ਵਾਲਾ ਵਿਵਹਾਰ ਕਰਦੀ ਆਈ ਹੈ। ਇੱਕ ਮਈ ਨੂੰ ਹੀ ਭਾਜਪਾ ਸਰਕਾਰ ਨੇ ਰਸੋਈ ਗੈਸ ਸਿਲੰਡਰ ਦੀ ਕੀਮਤ ਵਿੱਚ 993 ਰੁਪਏ ਦਾ ਵਾਧਾ ਕੀਤਾ ਹੈ, ਜਿਸ ਕਾਰਨ ਢਾਬਾ-ਹੋਟਲ ਵਾਲੇ ਆਪਣਾ ਕਾਰੋਬਾਰ ਬੰਦ ਕਰਨ ਲਈ ਮਜਬੂਰ ਹੋ ਰਹੇ ਹਨ। ਭਾਜਪਾ ਪੰਜਾਬ ਵਿੱਚ ਆਪਣੀ ਸਰਕਾਰ ਬਣਾਉਣ ਦੀਆਂ ਭਰਪੂਰ ਕੋਸ਼ਿਸ਼ਾਂ ਕਰ ਰਹੀ ਹੈ, ਫਿਰ ਵੀ ਪੰਜਾਬ ਨੂੰ ਕੋਈ ਆਰਥਿਕ ਪੈਕੇਜ ਨਾ ਦੇ ਕੇ ਆਪਣੀ ਨਫ਼ਰਤ ਸਾਫ਼ ਜ਼ਾਹਰ ਕਰ ਰਹੀ ਹੈ।

ਇਸ ਮੌਕੇ ਪ੍ਰਮੁੱਖ ਸ਼ਖਸੀਅਤਾਂ ਜਿਨ੍ਹਾਂ ਵਿੱਚ ਲੁਧਿਆਣਾ ਲੋਕ ਸਭਾ ਇੰਚਾਰਜ ਅਤੇ ਚੇਅਰਮੈਨ ਸ਼ਰਨਪਾਲ ਸਿੰਘ ਮੱਕੜ, ਸੀਨੀਅਰ ਡਿਪਟੀ ਮੇਅਰ ਰਕੇਸ਼ ਪ੍ਰੈਸ਼ਰ ਲੁਧਿਆਣਾ ਦੀ ਸਕੱਤਰ ਨਿਧੀ ਗੁਪਤਾ, ਮੀਡੀਆ ਇੰਚਾਰਜ ਪੁਨੀਤ ਸਾਹਨੀ, ਸੋਸ਼ਲ ਮੀਡੀਆ ਇੰਚਾਰਜ ਗੁਰਪ੍ਰੀਤ ਸਿੰਘ ਰਾਜਾ, ਯੂਥ ਵਿੰਗ ਦੇ ਪ੍ਰਧਾਨ ਅਮਰਿੰਦਰ ਸਿੰਘ ਐਮਪੀ ਜਵੱਦੀ, ਸੁਖਵਿੰਦਰ ਸਿੰਘ, ਹਨੀ ਬੇਦੀ, ਸੰਦੀਪ ਬੈਂਸ, ਦਵਿੰਦਰ ਸ਼ੇਰਪੁਰੀ, ਪਰਮਵੀਰ ਸਿੰਘ, ਪ੍ਰਸ਼ਾਦ ਸਤਨਾਮ ਸਿੰਘ ਸਨੀ ਮਾਸਟਰ, ਮਨਪ੍ਰੀਤ ਕੌਰ, ਬਲਜਿੰਦਰ ਕੌਰ, ਜਸਪ੍ਰੀਤ ਕੌਰ, ਕੌਂਸਲਰ ਮਨਿੰਦਰ ਘੁੰਮਣ, ਚੇਅਰਮੈਨ ਬਲਜਿੰਦਰ ਬੰਟੀ, ਪਰਮਿੰਦਰ ਸੰਧੂ, ਰਾਜੂ ਕੋਨੇਜੀਆ, ਪ੍ਰਦੀਪ ਅੱਪੂ, ਦਸਮੇਸ਼ ਸਿੰਘ, ਮਨਪ੍ਰੀਤ ਸਿੰਘ, ਦਵਿੰਦਰ ਵਰਮਾ, ਚਰਨਜੀਤ ਸਿੰਘ, ਬਿੱਟੂ ਭੁੱਲਰ, ਰਾਜਕੁਮਾਰ ਅਗਰਵਾਲ ਚਰਨਪ੍ਰੀਤ ਲਾਂਬਾ ਅਤੇ ਆਪ ਦੇ ਹੋਰ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਮੌਜੂਦ ਸਨ।

ਐਸ.ਐਸ.ਪੀ. ਡਾ. ਆਹਲੂਵਾਲੀਆ ਨੇ ਕੌਮੀ ਖਿਡਾਰਨਾਂ ਦਾ ਕੀਤਾ ਸਨਮਾਨ



ਲੁਧਿਆਣਾ, 3 ਮਈ (ਵਿਸ਼ਾਲ ਸ਼ਰਮਾ) : ਖੰਨਾ ਦੇ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਡਾ. ਦਰਪਣ ਆਹਲੂਵਾਲੀਆ ਨੇ ਸਮਾਜ ਵਿੱਚ ਧੀਆਂ ਦੀ ਉੱਚੀ ਥਾਂ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਸਲਾਮ ਕਰਦਿਆਂ ਕਿਹਾ ਕਿ ਅੱਜ ਦੀਆਂ ਧੀਆਂ ਹਰ ਖੇਤਰ ਵਿੱਚ ਨਵੇਂ ਕੀਰਤੀਮਾਨ ਸਥਾਪਿਤ ਕਰ ਰਹੀਆਂ ਹਨ, ਜੋ ਸਾਡੇ ਲਈ ਮਾਣ ਦੀ ਗੱਲ ਹੈ। ਉਹ ਪਿੰਡ ਦਾਊਮਾਜਰਾ (ਪਾਇਲ) ਵਿਖੇ ਰਾਊਂਡ ਗਲਾਸ ਸੰਸਥਾ ਵੱਲੋਂ ਕਰਵਾਏ ਗਏ ਅਸਮਿਤਾ ਫੁੱਟਬਾਲ ਲੀਗ ਮੁਕਾਬਲਿਆਂ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਨੇ ਜੇਤੂ ਖਿਡਾਰਨ ਧੀਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਰਾਸ਼ਟਰੀ ਪੱਧਰ 'ਤੇ ਆਪਣਾ ਨਾਮ ਰੌਸ਼ਨ ਕਰਨ ਵਾਲੀਆਂ ਖਿਡਾਰਨ ਅਮਨਦੀਪ ਕੌਰ ਅਤੇ ਹੁਸਨਪ੍ਰੀਤ ਕੌਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ। ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਧੀਆਂ ਕਿਸੇ ਵੀ ਤਰ੍ਹਾਂ ਲੜਕਿਆਂ ਤੋਂ ਘੱਟ ਨਹੀਂ ਹਨ। ਜੇ ਉਨ੍ਹਾਂ ਨੂੰ ਬਰਾਬਰ ਦੇ ਮੌਕੇ ਦਿੱਤੇ ਜਾਣ, ਤਾਂ ਉਹ ਹਰ ਮੈਦਾਨ ਵਿੱਚ ਆਪਣੀ ਕਾਬਲੀਅਤ ਸਾਬਤ ਕਰ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਸਮਾਜ ਵਿੱਚ ਲੜਕਾ-ਲੜਕੀ ਵਿੱਚ ਭੇਦਭਾਵ 100 ਫੀਸਦੀ ਖਤਮ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਧੀਆਂ ਨੂੰ ਖੇਡਾਂ ਅਤੇ ਸਿੱਖਿਆ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਨ ਅਤੇ ਉਨ੍ਹਾਂ ਦਾ ਹੌਸਲਾ ਵਧਾਉਣ। ਅੰਤ ਵਿੱਚ ਉਨ੍ਹਾਂ ਨੇ ਜੇਤੂ ਟੀਮਾਂ ਅਤੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਅਤੇ ਹੋਰ ਉੱਚਾਈਆਂ ਨੂੰ ਛੂਹਣ। ਸਮਾਗਮ ਦੌਰਾਨ ਪਿੰਡ ਵਾਸੀਆਂ ਅਤੇ ਖਿਡਾਰੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

ਮੰਤਰੀ ਅਰੋੜਾ ਨੇ ਵੱਡੇ ਸੜਕ ਨਿਰਮਾਣ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ

ਲੁਧਿਆਣਾ, 3 ਮਈ (ਵਿਸ਼ਾਲ ਸ਼ਰਮਾ) : ਰਾਜ ਭਰ ਵਿੱਚ ਮਿਆਰੀ ਸੜਕੀ ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ ਦੇ ਟੀਚੇ ਨਾਲ ਅੱਗੇ ਵਧਦੇ ਹੋਏ, ਸਥਾਨਕ ਸਰਕਾਰਾਂ, ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਐਤਵਾਰ ਨੂੰ ਬੀਆਰਐਸ ਨਗਰ, ਪ੍ਰੇਮ ਨਗਰ, ਹਕੀਕਤ ਨਗਰ ਅਤੇ ਨਿਊ ਪਟੇਲ ਨਗਰ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ 2.53 ਕਰੋੜ ਰੁਪਏ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ। ਕੈਬਨਿਟ ਮੰਤਰੀ ਅਰੋੜਾ ਨੇ ਕਿਹਾ ਕਿ ਇੱਕ ਵਿਸ਼ਾਲ ਦ੍ਰਿਸ਼ਟੀਕੋਣ ਨਾਲ ਕੰਮ ਕਰਦੇ ਹੋਏ, ਉਹ ਰਾਜ ਭਰ ਵਿੱਚ ਗੁਣਵੱਤਾ ਵਾਲੇ ਸੜਕੀ ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ ਲਈ ਕੰਮ ਕਰ ਰਹੇ ਹਨ। ਰਾਜ ਭਰ ਵਿੱਚ ਲੱਗਭੱਗ 1300 ਕਰੋੜ ਰੁਪਏ ਦੀ ਲਾਗਤ ਨਾਲ ਲੱਗਭੱਗ 2120 ਕਿਲੋਮੀਟਰ ਸ਼ਹਿਰੀ ਸੜਕਾਂ ਬਣਾਈਆਂ ਜਾ ਰਹੀਆਂ ਹਨ। ਇਹ ਪ੍ਰੋਜੈਕਟ ਮਈ ਦੇ ਅੰਤ ਤੱਕ ਪੂਰੇ ਹੋ ਜਾਣਗੇ। ਕੈਬਿਨਟ ਮੰਤਰੀ ਅਰੋੜਾ ਨੇ ਕਿਹਾ ਕਿ ਉਹ ਨਿਯਮਿਤ ਤੌਰ 'ਤੇ ਪ੍ਰੋਜੈਕਟਾਂ ਦੀ ਨਿਗਰਾਨੀ ਕਰ ਰਹੇ ਹਨ।ਅਧਿਕਾਰੀਆਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਪ੍ਰੋਜੈਕਟਾਂ ਨੂੰ ਪੂਰਾ ਕਰਨ ਨੂੰ ਯਕੀਨੀ ਬਣਾਉਣ ਲਈ ਸਖ਼ਤ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਉਨ੍ਹਾਂ ਨੂੰ ਇਹ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਕੰਮਾਂ ਦੀ ਗੁਣਵੱਤਾ ਦੇ ਸੰਦਰਭ ਵਿੱਚ ਕੋਈ ਵੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਮੇਅਰ ਇੰਦਰਜੀਤ ਕੌਰ, ਨਗਰ ਨਿਗਮ ਕਮਿਸ਼ਨਰ ਡਾ: ਨੀਰੂ ਕਤਿਆਲ ਗੁਪਤਾ, ਸੰਯੁਕਤ ਕਮਿਸ਼ਨਰ ਵਿਨੀਤ ਕੁਮਾਰ, ਕੌਂਸਲਰ ਅੰਮ੍ਰਿਤ ਵਰਸ਼ਾ ਰਾਮਪਾਲ, ਬੀ.ਕੇ ਰਾਮਪਾਲ, ਮਨੀ ਸਾਈਂ, ਕੌਂਸਲਰ ਗੁਰਪ੍ਰੀਤ ਸਿੰਘ ਬੱਬਲ, ਕੌਂਸਲਰ ਸਤਨਾਮ ਸਿੰਘ ਸੰਨੀ ਮਾਸਟਰ, ਕੌਂਸਲਰ ਕਪਿਲ ਸੋਨੂੰ, ਕੌਂਸਲਰ ਮਨਿੰਦਰ ਘੁੰਮਣ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜਤਿੰਦਰ ਖਾਂ, ਗੁਰਿੰਦਰ ਖਾਨ, ਗੁਰਿੰਦਰ ਖਾਂ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।



ਪਿੰਡ ਕੋਠੇ ਅੱਠ ਚੱਕ 'ਚ ਵਿਧਾਇਕਾ ਮਾਨੂੰਕੇ ਨੂੰ ਝਟਕਾ

ਸਾਬਕਾ ਬਲਾਕ ਪ੍ਰਧਾਨ ਸਮੇਤ ਵੱਡੀ ਗਿਣਤੀ 'ਚ ਪਰਿਵਾਰ ਅਕਾਲੀ ਦਲ 'ਚ ਸ਼ਾਮਲ

ਜਗਰਾਓਂ 3 ਮਈ (ਵਿਸ਼ਾਲ ਅੱਤਰੇ ਆਰੀਅਨ ਅੱਤਰੇ) : ਪਿੰਡ ਕੋਠੇ ਅੱਠ ਚੱਕ ਦਾ ਨਾਂ ਬਦਲਣ ਖ਼ਿਲਾਫ਼ ਸੰਘਰਸ਼ ਵਿੱਚ ਜਿੱਤਣ ਤੋਂ ਬਾਅਦ ਆਮ ਆਦਮੀ ਪਾਰਟੀ ਨਾਲ ਸਬੰਧਿਤ ਪਰਿਵਾਰਾਂ ਨੇ ਆਪ ਨਾਲੋਂ ਸਦਾ ਲਈ ਨਾਤਾ ਤੋੜ ਲਿਆ ਤੇ ਪਿੰਡ ਕੋਠੇ ਅੱਠ ਚੱਕ ਅੱਜ ਅਕਾਲੀ ਰੰਗਾਂ 'ਚ ਰੰਗਿਆ ਗਿਆ। ਆਮ ਆਦਮੀ ਪਾਰਟੀ ਦੇ ਸਾਬਕਾ ਬਲਾਕ ਪ੍ਰਧਾਨ ਜਗਰੂਪ ਸਿੰਘ ਦੀ ਅਗਵਾਈ ਹੇਠ ਵੱਡੀ ਗਿਣਤੀ 'ਚ ਆਪ ਸਮੱਰਥਕਾਂ ਨੇ ਝਾੜੂ ਦਾ ਸਾਥ ਛੱਡਕੇ ਐਸ.ਆਰ.ਕਲੇਰ ਨਾਲ ਡਟਕੇ ਚੱਲਣ ਦਾ ਫੈਸਲਾ ਲੈ ਲਿਆ। ਇਸ ਮੌਕੇ ਕਰਵਾਏ ਗਏ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਬਜ਼ੁਰਗ, ਨੌਜਵਾਨ ਅਤੇ ਮਹਿਲਾਵਾਂ ਹਾਜ਼ਰ ਹੋਏ ਜਿਨ੍ਹਾਂ ਐਸ ਆਰ ਕਲੇਰ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਆਪਦੇ ਸਾਬਕਾ ਬਲਾਕ ਪ੍ਰਧਾਨ ਜਗਰੂਪ ਸਿੰਘ ਨੇ ਕਿਹਾ ਕਿ ਸੱਤਾਧਾਰੀ ਧਿਰ ਵਲੋਂ ਪਿੰਡ ਦੇ ਇਕ ਪਰਿਵਾਰ ਦਾ ਸਿਆਸੀ ਉਭਾਰ ਕਰਨ ਲਈ ਪਿੰਡ ਦਾ ਨਾਮ ਕੋਠੇ ਅੱਠ ਚੱਕ ਤੋਂ ਬਦਲਕੇ ਕੋਠੇ ਅੱਠ ਚੱਕ ਬਲਦੇਵ ਸਿੰਘ ਵਾਲਾ ਕਰਨ ਦੀ ਜੋ ਸ਼ਾਜਿਸ਼ ਰਚੀ ਗਈ ਸੀ, ਉਸਨੇ ਉਨ੍ਹਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੇ ਫਾਊਂਡਰ ਮੈਬਰ ਸਨ, ਪ੍ਰੰਤੂ ਹਲਕਾ ਵਿਧਾਇਕ ਸਰਵਜੀਤ ਕੌਰ ਮਾਨੂੰਕੇ ਨੇ ਉਨ੍ਹਾਂ ਨੂੰ ਧੋਖੇ 'ਚ ਰੱਖਕੇ ਇਹ ਸਿਆਸੀ ਬੁਣਤੀ ਬੁਣੀ ਪ੍ਰੰਤੂ ਸਾਬਕਾ ਵਿਧਾਇਕ ਐਸ.ਆਰ.ਕਲੇਰ ਦੀ ਅਗਵਾਈ ਹੇਠ ਪਿੰਡ ਦੀ ਹੋਂਦ ਇਤਿਹਾਸ ਅਤੇ ਪਛਾਣ ਨੂੰ ਬਚਾਉਣ ਲਈ ਜੋ ਲੜਾਈ ਲੜੀ ਗਈ, ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਮਿਸਾਲ ਬਣੇਗੀ। ਇਸ ਮੌਕੇ ਸੀਨੀਅਰ ਅਕਾਲੀ ਆਗੂ ਸਿਵਰਾਜ ਸਿੰਘ ਨੇ ਆਖਿਆ ਕਿ ਕਿ ਆਮ ਆਦਮੀ ਦੇ ਲੀਡਰ ਨਿੱਜੀ ਹਿੱਤਾਂ ਲਈ ਪਾਰਟੀ ਵਰਕਰਾਂ ਦੀਆਂ ਭਾਵਨਾਵਾਂ ਦੀ ਕਿੰਨ੍ਹੀ ਕੁ ਕਦਰ ਕਰਦੇ ਹਨ ਇਸ ਘਟਨਾ ਨੇ ਜੱਗ ਜਾਹਿਰ ਕਰ ਦਿੱਤਾ ਹੈ। ਇਸ ਮੌਕੇ ਐਸ ਆਰ ਕਲੇਰ ਨੇ ਆਖਿਆ ਕਿ ਕਿਸੇ ਵੀ ਪਿੰਡ ਦਾ ਨਾਂ ਸਿਰਫ਼ ਸ਼ਬਦ ਨਹੀਂ ਹੁੰਦਾ, ਸਗੋਂ ਉਸ ਨਾਲ ਪਿੰਡ ਦਾ ਇਤਿਹਾਸ, ਵਿਰਾਸਤ, ਸਭਿਆਚਾਰ ਅਤੇ ਲੋਕਾਂ ਦੀਆਂ ਯਾਦਾਂ ਜੁੜੀਆਂ ਹੁੰਦੀਆਂ ਹਨ।



ਸੰ: ਕਿ: ਮੋ: ਗ਼ੈਰ ਸਿਆਸੀ ਦੀ ਮੀਟਿੰਗ 'ਚ ਪਸ਼ੂਪਾਲਕ ਕਿਸਾਨਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਚਰਚਾ



ਲੁਧਿਆਣਾ, 3 ਮਈ (ਰਵਿੰਦਰ ਸਿੰਘ ਨਿੱਝਰ): ਬੀਕੇਈ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਔਲਖ ਨੇ ਦੱਸਿਆ ਕਿ ਬੀਤੇ ਦਿਨ ਕਿਸਾਨ ਭਵਨ ਵਿੱਚ ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਭਾਰਤ ਦੀ ਮੀਟਿੰਗ ਹੋਈ। ਇਸ ਵਿੱਚ ਕਿਸਾਨਾਂ-ਮਜ਼ਦੂਰਾਂ ਦੀਆਂ ਲੰਬਿਤ ਮੰਗਾਂ ਅਤੇ ਮੌਜੂਦਾ ਸਮੇਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਲੜੀਵਾਰ ਟੋਲ ਪਲਾਜ਼ਿਆਂ ਨੂੰ ਪਰਚੀ ਮੁਕਤ ਕਰਨ ਦਾ ਐਲਾਨ ਕੀਤਾ ਗਿਆ। ਇਸ ਤਹਿਤ 11 ਮਈ ਨੂੰ ਫਿਰੋਜ਼ਸ਼ਾਹ ਟੋਲ ਪਲਾਜ਼ਾ ਫਿਰੋਜ਼ਪੁਰ, 18 ਮਈ ਨੂੰ ਸੋਲਖੀਆਂ ਟੋਲ ਪਲਾਜ਼ਾ ਰੋਪੜ ਅਤੇ 29 ਮਈ ਨੂੰ ਖੁਈਆਂ ਟੋਲ ਪਲਾਜ਼ਾ ਡਬਵਾਲੀ (ਸਿਰਸਾ) ਸਵੇਰੇ 11:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਪਰਚੀ ਮੁਕਤ ਕੀਤੇ ਜਾਣਗੇ।

ਮੀਟਿੰਗ ਵਿੱਚ ਔਲਖ ਨੇ ਪਸ਼ੂਪਾਲਕ ਕਿਸਾਨਾਂ ਦਾ ਪ੍ਰਾਈਵੇਟ ਦੁੱਧ ਖਰੀਦ ਕੰਪਨੀਆਂ ਵੱਲੋਂ ਹੋ ਰਹੇ ਸ਼ੋਸ਼ਣ ਦਾ ਮਾਮਲਾ ਵੀ ਰੱਖਿਆ। ਔਲਖ ਨੇ ਕਿਹਾ ਕਿ ਨੇਸਲੇ ਇੰਡੀਆ ਲਿਮਿਟੇਡ ਕੰਪਨੀ ਦੇ ਕਹਿਣ 'ਤੇ ਹਰਿਆਣਾ, ਪੰਜਾਬ ਅਤੇ ਰਾਜਸਥਾਨ ਦੇ ਪਸ਼ੂਪਾਲਕ ਕਿਸਾਨਾਂ ਨੇ ਕਰੋੜਾਂ ਰੁਪਏ ਦੇ ਪਸ਼ੂ ਖਰੀਦੇ ਅਤੇ ਸ਼ੈੱਡ ਬਣਾਏ, ਪਰ ਹੁਣ ਕੰਪਨੀ ਵਿੱਚ ਭ੍ਰਿਸ਼ਟਾਚਾਰ ਚਰਮ ਸੀਮਾ 'ਤੇ ਹੈ। ਛੋਟੇ ਅਤੇ ਵੱਡੇ ਕਿਸਾਨਾਂ ਤੋਂ ਦੁੱਧ ਨਾ ਖਰੀਦ ਕੇ ਠੇਕੇਦਾਰਾਂ ਤੋਂ ਕਮਿਸ਼ਨ ਦੇ ਚੱਕਰ ਵਿੱਚ ਲੱਖਾਂ ਲੀਟਰ ਦੁੱਧ ਖਰੀਦਿਆ ਜਾ ਰਿਹਾ ਹੈ। ਇਸ ਮਾਮਲੇ ਸਬੰਧੀ ਭਾਰਤੀ ਕਿਸਾਨ ਏਕਤਾ ਵੱਲੋਂ ਕੰਪਨੀ ਦੇ ਦੇਸ਼-ਵਿਦੇਸ਼ ਦੇ ਉੱਚ ਅਧਿਕਾਰੀਆਂ ਨੂੰ ਈ-ਮੇਲ ਰਾਹੀਂ ਸ਼ਿਕਾਇਤਾਂ ਭੇਜੀਆਂ ਗਈਆਂ ਹਨ, ਪਰ ਅੱਜ ਤੱਕ ਨਾ ਕੋਈ ਜਵਾਬ ਆਇਆ ਹੈ ਅਤੇ ਨਾ ਹੀ ਕਿਸਾਨਾਂ ਦੀ ਸਮੱਸਿਆ ਦਾ ਹੱਲ ਹੋਇਆ ਹੈ। ਮੌਜੂਦਾ ਨੇਸਲੇ ਪਲਾਂਟ ਮੋਗਾ ਵਿੱਚ ਉੱਚ ਅਹੁਦਿਆਂ 'ਤੇ ਬੈਠੇ ਡਾ. ਸੁਮਿਤ ਧੀਮਾਨ, ਡਾ. ਚੇਤਨ ਸ਼ਰਮਾ, ਡਾ. ਅਰਵਿੰਦ ਮਲਿਕ ਸਮੇਤ ਕਈ ਹੋਰ ਅਧਿਕਾਰੀਆਂ ਦੇ ਭ੍ਰਿਸ਼ਟਾਚਾਰ ਸਬੰਧੀ ਸਬੂਤ ਵੀ ਈ-ਮੇਲ ਰਾਹੀਂ ਕੰਪਨੀ ਨੂੰ ਭੇਜੇ ਗਏ ਹਨ ਕਿ ਕਿਸ ਤਰ੍ਹਾਂ ਠੇਕੇਦਾਰਾਂ ਤੋਂ ਕਮਿਸ਼ਨ ਲੈ ਕੇ ਦੁੱਧ ਖਰੀਦਿਆ ਜਾ ਰਿਹਾ ਹੈ। ਉਹਨਾਂ ਦੋਸ਼ ਲਾਇਆ ਕਿ ਨੈਸਲੇ ਦੇ ਭਰਿਸ਼ਟ ਅਧਿਕਾਰੀ ਨਿਜੀ ਥਾਵਾਂ ਤੋਂ ਦੁੱਧ ਪਾਊਡਰ ਖਰੀਦ ਕੇ ਕਥੇ ਤੌਰ ਤੇ ਆਪਣਾ ਮਾਰਕਾ ਲਾ ਕੇ ਵੇਚ ਰਹੇ ਹਨ।

ਉਨ੍ਹਾਂ ਪੰਜਾਬ ਦੇ ਕਿਸਾਨ ਆਗੂਆਂ ਨੂੰ ਕਿਹਾ ਕਿ ਸਾਨੂੰ ਸਭ ਨੂੰ ਮਿਲ ਕੇ ਨੇਸਲੇ ਖ਼ਿਲਾਫ਼ ਸੰਘਰਸ਼ ਕਰਨਾ ਪਵੇਗਾ, ਤਾਂ ਜੋ ਪਸ਼ੂਪਾਲਕ ਕਿਸਾਨਾਂ ਨੂੰ ਬਚਾਇਆ ਜਾ ਸਕੇ ਅਤੇ ਭ੍ਰਿਸ਼ਟ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਹੋ ਸਕੇ। ਇਸ 'ਤੇ ਸਭ ਨੇ ਸਹਿਮਤੀ ਜਤਾਈ।

ਵਧਾਈ ਪੋਸਟਰਾਂ 'ਤੇ ਧਾਰਮਿਕ ਤਸਵੀਰਾਂ ਛਾਪਣ 'ਤੇ ਰੋਕ ਦੀ ਮੰਗ



ਸਾਹਨੇਵਾਲ ਕੁਹਾੜਾ, 3 ਮਈ (ਕੁਲਦੀਪ ਸਿੰਘ ਕੁਹਾੜਾ) : ਕੁਹਾੜਾ ਵਿਖੇ ਆਏ ਤਿੱਖੇ ਝੱਖੜ ਅਤੇ ਮੀਂਹ ਕਾਰਨ ਇਲਾਕੇ ਵਿੱਚ ਲੱਗੇ ਕਈ ਸਿਆਸੀ ਫਲੈਕਸ ਅਤੇ ਪੋਸਟਰ ਫੱਟ ਕੇ ਸੜਕਾਂ 'ਤੇ ਰੁੱਲਦੇ ਨਜ਼ਰ ਆਏ। ਇਨ੍ਹਾਂ ਵਿੱਚੋਂ ਇੱਕ ਪੋਸਟਰ 'ਤੇ ਗੁਰੂ ਸਾਹਿਬਾਨ ਦੀ ਤਸਵੀਰ ਛਪੀ ਹੋਈ ਸੀ, ਜੋ ਸੜਕ ਵਿਚਕਾਰ ਪੈ ਕੇ ਵਾਹਨਾਂ ਅਤੇ ਰਾਹਗੀਰਾਂ ਦੇ ਆਵਾਜਾਈ ਦੌਰਾਨ ਰੁਲਦਾ ਰਿਹਾ।

ਸਥਾਨਕ ਲੋਕਾਂ

ਸਿਰਲੇਖਵਾਰ ਇਸ਼ਤਿਹਾਰ /Classified Advertisement

In the court of Sh. Sukhmandeep Singh
Judicial Magistrate First Class-3 Abohar
CNR No.PPBFZE1-0047872025
Next Date: 09.06.2026
NACT/1553/2025
Cholamandlam Investment Finance
Versus
Raju
Detail of offence:- U/s138 NAACT
Notice to: Raju S/O Balram R/O Khippanwali Nr Water Works Tehsil And Distt Fazilka
In above titled case the accused could not be served. It is orderded that accused should appear in person or through counsel on 09.06.2026 at 10:00 A.M.
For details logon to https://highcourtchd.gov.in/?mod=district_notice &district=mogacourt
Dated this day of 27-04-2026
Sd/- Judicial Magistrate First Class-3 Abohar

In The Court of Sh. Sukhmandeep Singh
Judicial Magistrate First Class-3 Abohar
CNR No.PPBFZE1-00429322025
Next Date:09.06.2026
NACT/1383/2025
Gourav Bajaj
Versus
Ram Chand
Detail of offence:- 138 NIACT
Notice to : Ram Chander S/O Sh Thakar Ram R/O Stno 1 Near Church Ghar Jammu Basti Abohar Distt Fazilka\
in the above titled case the accused could not be served. it is ordered that the accused should appear in person or through counsel on 09.06.2026 at 10:00 am.
for details logon to https://highcourtchd.gov.in/?mod=district_notice &district=mogacourt
Dated this day of 27.04.2026.
Sd/- Judicial Magistrate First Class-3 Abohar

(U/o 5 Rule 20 CPC)
In The Court of Sh. Rajinder Singh-1
Additional Civil Judge (Senior Division), Samrala
CNR NO. PBLDC0-000069-2026
Next Date: 16.05.2026
Resham Kaur Widow Of Gurpal Singh Son Of Surjit Singh Resident Of Village Khera Via Machhiwara, Tehsil Samrala, District Ludhiana
Versus
General Public
Notice to: General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 16.05.2026 at 10:00 A.M.
for details logon to https://highcourtchd.gov.in/?mod=district_notice &district=ludhianacourt
Dated this day of 02-05-2026
Sd/- Additional Civil Judge (Senior Division), Samrala

In The Court of Sh. Sukhmandeep Singh
Judicial Magistrate First Class-3 Abohar
CNR No.PPBFZE1-0036922025
Next Date: 09.06.2026
NACT/1167/2025
Cholamandlam Investment Finance
Versus
Manpreet Singh
Detail of offence:- 138 NIACT
Notice to: Manpreet Singh S/O Satpal Singh R/O Villbadal Nr Gurughar Tehsil Malout Distt Sh Mukhtsar Sahib
In the above titled case the accused could not be served. it is ordered that the accused should appear in person or through counsel on 09.06.2026 at 10:00 am.
For details logon to https://highcourtchd.gov.in/?mod=district_notice&district=mogacourt
Dated this day of 27.04.2026
Sd/- Judicial Magistrate First Class-3 Abohar

In The Court of Sh. Sukhmandeep Singh
Judicial Magistrate First Class-3 Abohar
CNR No.PPBFZE1-0042422025
Next Date: 09.06.2026
NACT/1351/2025
Sh Ram Finance Ltd
Versus
Deepak Kumar
Detail of offence:- 138 NIACT
Notice to: Deepak Kumar S/O Nikku Ram R/O Stno 10 Radha Swami Colony Fazilka tehsil And Distt Fazilka
In above titled case the accused could not be served. It is ordered that accused should appear in person or through counsel on **09.**06.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 28-04-2026
Sd/- Judicial Magistrate First Class-3 Abohar

In The Court of Sh. Sukhmandeep Singh
Judicial Magistrate First Class-3 Abohar
CNR No.PPBFZE1-0042922025
Next Date: 09.06.2026
NACT/1382/2025
Gaurav Bajaj
Versus
Ranjit Singh
Detail of offence:- 138 NIACT
Notice to: Ranjit Singh S/O Sh Kulwant Singh R/O St No7 Near Gandhi Petrolpump Gurukirpa Colony Abohar Distt Fazilka
In above titled case the accused could not be served. It is ordered that accused should appear in person or through counsel on **09.**06.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 27-04-2026
Sd/- Judicial Magistrate First Class-3 Abohar

(U/o 5 Rule 20 CPC)
In The Court of Hon'ble Amit Malhan
Principal Judge Family Court, Amritsar
CNR No.PBAS01-006320-2025
Next Date: 26.05.2026
Sahil
Versus
Jyoti
Notice to: Jyoti :- W/O Sahil D/O Deepak R/O A-53, First Floor, Nathu Colony, Chowk, Delhi-53
In above titled case the defendant(s)/respondent(s) could not be served. It is ordered that defendant(s)/respondent(s)should appear in person or through counsel on **26.**05.2026 at 10:00 A.M.
For details logon to https://highcourtchd.gov.in/?trs=district_notice&district=Amritsar
Dated, this day of 27-04-2026
Sd/- Principal Judge Family Court, Amritsar

(U/o 5 Rule 20 CPC)
(Under Guardian and Ward Act)
In the court of Ms. Parminder Kaur Bains
Civil Judge (Senior Division), Amritsar
CNR No.PBAS02-002165-2026
Next Date: 26.05.2026
1. Muskan Soni W/O Lt Munish Kumar Soni R/O Patti Mansor Di, Sultanwind Pind, Amritsar Natural Guardian Of Shreya Soni Being The Mother Of Shreya Soni Has No Interest Adverse To Her. 2. Saksham Soni Aged 18y S/O Lt. Munish Kumar Soni S/O Mohinderjit Soni, R/O Patti Mansoor Di, Sultanwind, Amritsar 3. Shreya Soni Aged 11y D/O Lt. Munish Kumar Soni S/O Mohinderjit Soni, R/o Patti Mansoor Di, Sultanwind, Amritsar Through Her Natural Guardian And Next Friend Muskan Soni Who Has No Interest Adverse To Her
Versus
General Public
Application U/s 8 of Hindu Minority and Guardianship Act
Notice to: General Public:- To Whom It may Concern
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 26.05.2026 at 10:00 A.M.
For details logon to https://highcourtchd.gov.in/?trs=district_notice &district=Amritsar
Dated this day of 30-04-2026
Sd/- Civil Judge (Senior Division), Amritsar

(U/o 5 Rule 20 CPC)
In The Court of Hon'ble Gaurav Mittal
Civil Judge (Junior Division), Gidderbaha
CNR No.PBSMA0-000077-2026
Next Date:30.05.2026
Davya
Versus
Vipan Kumar & Ors.
Notice to: General Public Son::- Punjab India
in the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 30.05.2026 at 10:00 am.
for details logon to https://highcourtchd.gov.in/?mod=district_notice &district=mogacourt
Dated this day of 01.05.2026.
Sd/- Civil Judge (Junior Division)

(U/o 5 Rule 20 CPC)
In The Court of Hon'ble Gaurav Mittal
Civil Judge (Junior Division), Gidderbaha
CNR NO. PBSMA0-000169-2025
Next Date: 30.05.2026
Ravinder Kaur
Versus
Sukhwinder Kaur & Ors.
Notice to: 3. Rajvir Kaurd/O Lakhwinder Singh S/O Narian Singh R/O Badian, Teh. Gidderbaha
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 30.05.2026 at 10:00 A.M.
for details logon to https://highcourtchd.gov.in/?mod=district_notice &district=mogacourt
Dated this day of 01-05-2026
Sd/- Civil Judge (Junior Division)

(U/o 5 Rule 20 CPC)
In The Court of Ms. Parminder Kaur
Additional District and Sessions Judge, Ludhiana
CNR No.PBLD01-009345-2024
Next Date: 19.05.2026
CM-287-2024
Bobby Bhagat
Versus
Sudarshna
Notice to: Sudarshna Wife Of: S. Darshan Singh Resident Of House No. 2402, Street No. 8, Amarpura, Ludhiana
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 19.05.2026 at 10:00 am.
For details logon to https://highcourtchd.gov.in/?mod=district_notice&district=mogacourt
Dated this day of 17.02.2026
Sd/- Additional District and Sessions Judge, Ludhiana

(U/o 5 Rule 20 CPC)
In The Court of Ms. Simran Chalana
Civil Judge (Junior Division),
CNR No.PBSB02-001123-2023
Next Date: 18.05.2026
Soma
Versus
Pritam Singh
Suit for Declaration
Notice to: 1. Gurdeep Singh S/O Pritam Singh R/O Vill Saloh, Tehsil Nawanshahr, Distt SBS Nagar 2. Ajit Singh S/O Sadhu Singh S/O Jalour Singh R/O Vill Mirzapur, Teh Nawanshahr, Distt SBS Nagar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **18.**05.2026 at 10:00 A.M.
For details logon to https://highcourtchd.gov.in/?mod=district_notice&district=sbsnagar
Dated, this day of 21-04-2026
Sd/- Civil Judge (Junior Division),

(U/o 5 Rule 20 CPC)
In The Court of Ms. Ravneet Kaur Bedi
Civil Judge (Junior Division), Pathankot
CNR No.PBPO02-001363-2025
Next Date: 15.05.2026
Kanwar deep Singh
Versus
Ashok Kumar
A. Suit For Possession And B. Permanent Injunction
Notice to: Defendant No.- 2. Sham Kumar 4. Prem Kumar Both R/O Gali Number 1, Nehru Nagar, Backside Guru Ravidass Dhramshala, Near Hotel Opulence, Dalhousie Road, Pathankot, Tehsil And District Pathankot. 19. Mukund Lal R/O Nehru Nagar, Dalhousie Road, Pathankot, Tehsil And District Pathankot.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **15.**05.2026 at 10:00 A.M.
For details logon to https://highcourtchd.gov.in/?mod=district_notice&district=Pathankot
Dated, this day of 24-04-2026
Sd/- Civil Judge (Junior Division), Pathankot

ਬੇਦਖਲੀ ਸੂਚਨਾ

ਮੈਂ, ਮੇਜਰ ਸਿੰਘ ਪੁੱਤਰ ਗੁਰਦੀਪ ਸਿੰਘ, ਵਾਸੀ ਸ਼ਮਸ਼ੇਰ ਨਗਰ, ਸਰਹਿੰਦ, ਤਹਿਸੀਲ ਅਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਸ਼ਬੀਰ ਸਿੰਘ ਸੇਖੋਂ ਅਤੇ ਮੇਰੀ ਨੂੰਹ ਅਮਨਪ੍ਰੀਤ ਕੌਰ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ । ਇਸ ਲਈ ਮੈਂ ਆਪਣੇ ਲੜਕੇ ਅਤੇ ਆਪਣੀ ਨੂੰਹ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਉਕਤ ਹਰਸ਼ਬੀਰ ਸਿੰਘ ਸੇਖੋਂ ਅਤੇ ਅਮਨਪ੍ਰੀਤ ਕੌਰ ਨਾਲ ਕੋਈ ਵੀ ਕਿਸੇ ਤਰ੍ਹਾਂ ਦਾ ਲੈਣ ਦੇਣ ਕਰਨ ਵਾਲਾ ਵਿਅਕਤੀ ਆਪ ਖੁਦ ਜ਼ੁੰਮੇਵਾਰ ਹੋਵੇਗਾ ਅਤੇ ਮੇਰੀ ਇਸ ਸਬੰਧੀ ਕਿਸੇ ਕਿਸਮ ਦੀ ਕੋਈ ਵੀ ਜ਼ੁੰਮੇਵਾਰੀ ਨਹੀਂ ਹੋਵੇਗੀ।

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

(U/o 5 Rule 20 CPC)
In The Court of Sh. Jaswinder Pal
Civil Judge Jr. Division, Hoshiarpur
Next Date, Purpose of case, Order and Judgments as well as other case information is available on https://districts.ecourts.gov.in/hoshiarpur
CNR No.PBHO02001661-2022
Next Date: 21.05.2026
Veena gupta w/o Satish Kumar Gupta r/o B-12 MCH-366/3, Billa House, Premgarh road, New Jagatpura, Hoshiarpur through her attorney Sh. Amit gupta s/o Satish Kumar Gupta r/o B-12 MCH-366/3, Billa House, Premgarh road, New Jagatpura, Hoshiarpur
..... Plaintiff
Versus
Lalit s/o Dhanesh Chander r/o Village Kotla Gonspur, Tehsil and district Hoshiarpur and Others.
.....Defendants
Suit for Separate Possession of 8 Kanal of Land bearing shares of the plaintiff
Notice to: Def.: 46 Charan Kaur w/o Mehanga Ram 47. Chemeli Devi w/o Jaswant Singh 48. Daljit Singh S/o Santokh Singh 51. Des Raj s/o Bhagat Ram 52. Dilbagh Singh son of Swaran Singh 53. Dinesh Grover D/o Vijay Kumar 56. Gagan Goyal S/o Ashok Kumar 57. Garima W/o Kapil Dev 59. Gopal Dass S/o Sai Dass 60. Gourav Diwan S/o Tilak Raj 61. Gurmeet Singh S/o Taar Singh 62. Gurminder Pal S/o Harkrishan Lal 63. Gurmit Singh S/o Harnam Singh 64. Hari Chand S/o Jagdish Lal 66. Hari Mittar S/o Jaggu Lal 67. Harmesh Kaur W/o Gurdeep Singh 68. Harmesh Kaur W/o Gurdeep Singh 69. Harmesh Kumari W/o Onkar Dutt 70. Harnam Singh S/o Beli Ram 71. Harvinder Singh S/o Jagjit singh 72. Indu Luthra W/o Suresh Luthra 73. Indu Sood W/o Sunny Sood 76. Jagmohan S/o Narinder Dev 77. Jarnail Singh S/o Gurbhachan Singh 79. Jaspal S/o Dev Raj 80. Jasvir Kaur D/o Dhanna Singh 82. Jaswant Singh S/o Gurdev Singh 83. Jiwan Bala W/o Rajidner Kumar 84. Jiwan Lal S/o Dev Raj 85. Jugal Kishore S/o Kashmiri Lal 86. Jyoti Bala W/o Amit Verma 87. Kailash Rani W/o Ashok Kumar 88. Kailash Rani widow Kewal Kishan 89. Kalgidhar Trust 90. Kamalawati D/o Lal Bahadur 91. Kamla Sharma W/o Ramesh Chand 92. Kamla Sharma W/o Ramesh Chand 93. Kanta Devi W/o Madan Lal 94. Kanta W/o Kamaljit 95. Karamjit Kaur w/o Tarsem Singh 98. Kishan Kumar S/o Anand Kumar 99. Kishore Kumar S/o Rattan Chand 100. Krishan Gopal S/o Anand Kumar 101. Kuldeep Kumar S/o Hans Raj 102. Kuldip Singh S/o Hans Raj 103. Kulwinder Singh S/o Harbans Singh 104. Kundan Kaur W/o Harbhajan Singh 105. Kundan Lal Husband of Baljinder Kaur 106. Lahori Ram S/o Barkat Ram 107. Lajpat Rai S/o Girdhari Lal 108. Lakhbir Chand S/o Gian Chand 109. Lakhbir Chand S/o Gian chand 110. Leela Wati W/o Des Raj 111. Mahesh Sehgal S/o Parshotam Lal 112. Mangal Hussain S/o noor Mohammad 113. Manjit Kaur W/o Paramjit Singh 114. Manjit Kaur W/o Parminder Singh 115. Manjit Singh S/o Baldev Singh 116. Manju Devi W/o Onkar Chand 117. Manju Devi W/o Onkar Chand 118. Maju Jain W/o Naresh 119. Maju Vig W/o Ajay Kumar 120. Manmohan Sharma S/o Bishanmbar Dutt 121. manmohan Singh S/o Kashmir Singh 122. Meena Kumari D/o Manmohan Singh 123. meenu Kaushal W/o Vinod Kumar 124. Mohinder Singh s/o Anant Ram 125. Mohinder Singh s/o Anant Ram 126. Mohinder Singh s/o Anant Ram 127. Mohinder Singh s/o Anant Singh 128. Mohit Jain s/o Subhash Chander 129. Monika D/o Sudan Kumar 130. Monika W/o Naveen 131 Monu Kondal s/o Ramesh Chand 132. Munish Sharma s/o Pritam Chand 133. Nanak Chand S/o Brij Lal 134. naresh Kumar s/o Gurcharan Dass 135. Naresh Kumar s/o Gurdial Singh 136. Naresh Kumar son of Munni Lal 138. Narinder Kaur W/o Anil Kumar 139. Nariyan Saroop S/o Babbu Ram 140. natha Singh son of Heera Singh 141. Naveen Sharma son of Pran Nath 142. Neelam Ohri w/o Pankaj Chadha 143. neelam W/o Naresh Kumar 145. Neeraj Gupta s/o Arun Gupta 146. neeraj gupta son of Ramesh Kumar Gupta 147. Neeraj W/o Vijay Kumar 148. Neetu Kumari w/o Jaswinder Singh 149. neetu W/o Jaswinder Singh 150. Neha D/o Rakesh Kumar 151. Nirmal Kaur W/o Tarlok singh 152. Nitish Aery S/o Anil Kumar 154. Onkar Nath son of Laxman Dass 155. Pammi w/o Ishar Dass 158. Parminder Singh s/o Balwinder Singh 160. Parshotam Lal S/o Jagdish Lal 161. Parveen Kumar S/o Jagdish Ram 162. Parveen Kumari D/o Baljinder 163. Parveen Kumari W/o Chaman Lal 164. Parveen Sharma S/o Mohinder Partap 166. Pawan Kumar S/o Rikhi Ram 167. Pooja W/o Kamaldeep Singh 168. Prem Lata W/o Prem Sagar169. Prince Babbar S/o Tarsem Babbar 172. Pushpa Tiwari W/o Des Raj 173. Raghav Jain S/o Rajnish Kumar Jain 174. Raj Kumar S/o Balwant Rai 175. Raj Kumar S/o Lal Bahadur 176. Raj Kumar S/o Prem Chand 177. Raj Kumar S/o Rattan Chand 178. Raj Kumar S/o Rattan Chand 179. Raj Kumar S/o Ruldu Ram 180. Raj Kumari D/o Murti Lal 181. Raj Kumari W/o Satish Kumar 182. Rajesh Kalia s/o Ranbir Singh 183. Rajesh Kumar S/o Kailash Chander 184. Rajesh Kumar S/o Ranvir chand 185. Rajesh Kumar S/o Ved Parkash 186. Rajinder Kumar S/o Ram Kishan 191. Rajni Bala W/o Ajay Ohri 192. Rajnish Kumar S/o Jugal Kishore 193. Rakesh Kumar Husband of Anju Kumari 194. Rakesh Kumar S/o Jagdish Lal 195. Rakesh Kumar son of Rattan Chand 196. Rakesh Verma S/o Roop Lal 197. Ram S/o Pritpal Singh 198. Rama W/o Raghvir Chand 199. Ramesh Chand S/o Kirpa Ram 200. Ramesh Kumar S/o Durga Dass 201. Ramesh Kumar S/o Kala Ram 202. Raminder Kaur W/o Jasmeet Singh 203. Ranbir Chand S/o Balak Ram 204. Rani W/o Madan Lal 205. Ranjit Singh S/o Kirpal Singh 206. Ranjit Singh S/o Kirpal Singh 207. Rashid Begum W/o Roshan Mohammad 208. Ravi Kumar S/o Ruldu Ram 209. Reena Bhatia W/o Ramesh Bhatia 210. Reena W/o Ramesh 211. Rewa Gupta W/o Rajesh Kumar 212. Ritnesh Kumar S/o Sudan Kumar 213. Ritu Kaul W/o Parveen Kumar 214. Rohit Kaurshal son of Jagdutt Kaushal 215. Rohit Kumar S/o Ashok Kumar 219. Sadhu Ram S/o Karam Chand 220. Sandeep kumar S/o Ramesh Chand 221. Sangita Rani W/o Sham Sunder 222. Sangita Rani W/o Sham Sunder 223. Sanjay Sharma W/o Ramesh Chander 224. Sanjeev Kumar W/o Ramesh Chander 225. Sanjeev Kumar S/o Surinder Pal 226. Sanjiv Nayyar S/o Krishan Kumar Nayyar 227. Saraswati Devi Wd/o Lal Bahadur 228.Saroj Devi W/o Raj Kumar 229. Saroj Devi W/o Raj Kumar 230. Satnam Singh s/o Jit Ram 231. Saurav Diwan S/o Tilak Raj 233. Savita Kumari w/o Tarsem Lal 234. Savita Sharma W/o Vinod Kumar 235. Savita Sharma W/o Vinod Kumar 236. Seema Prashar Wd/o Narayan Saroop 237. Shakti Kumar S/o Bansi Lal 238. Shambhu Dutt Sharma s/o Ram Sharma 239. Sharanjit Kaur W/o Jagjit Singh 241. Shashi Bala W/o Yashpal 242. Shivali Mehta D/o Shakti Kumar 243. Shrutti Sharma D/o Mukesh Sharma 244.Shubh Rani W/o Lakhbir Chand 245. Shweta Prashar D/o Narayan Saroop 246. Sita W/o Baldev Singh 247. Sonia Arora W/o Puneet Arora 249. Sudarshana Devi W/o Surinder Singh 250. Sudesh Rani W/o Raj Kumar 251. Sudhir Kumar S/o Lashkari Ram 252. Sukhwinder Kaur W/o Surjit Singh 253. Sukhwinder Kaur W/o Surjit Singh 254. Sukhwinder Singh S/o Rajinder Singh 261. Suman Suri W/o Sham Murari 263. Sunil Parmar S/o Nariyan Saroop 264. Sunil Sharma S/o Pritam Chand 265. Sunita D/o Manohar Lal 266. Sunita Rani W/o Mukesh Kumar 267. Sunita Sharma W/o Raj Kumar 268. Sunita Sharma W/o Raj Kumar 269. Sunny Sood S/o Mohinder Pal 270. Surinder Kaur W/o Baldev Singh 271. Surinder Kumar S/o Jaswant Singh 272. Surinder Kumar S/o Ram Lok 273. Surinder Pal Kaur W/o Nirmal Singh 274. Surinder Pal S/o Ram Piara 275. Surinder Singh s/o Punjab singh 277. Sushil Kumar S/o Jagdish Ram 278. Swaran Kaur W/o Jagan Lal 279. Swaran Kaur W/o jagir Lal 282. tarsem Signh S/o joginder Singh 286. Vandana D/o Rakesh Kumar 287. Vandana Kumari W/o ajay Kumar 288. Veena Rani W/o Charan Dass 290. Vijay Kumar S/o Durga Dass 291. Vijay Kumar S/o Jagat Ram 292. Vijay Kumar s/o Jit Ram 293. Vijay Kumar S/o Rajesh Kumar 294. Vijay Kumar S/o Sham Lal 295. Vijay Luxmi W/o Sushil Kumar 296. Vinod Kumar S/o Faquir chand 297. Vinod Kumari D/o Madan Mohan 298. Vishal Bansal S/o Gautam Kumar 299. Vivek S/o Rakesh Kumar all r/o village Kotla Gonspur, Tehsil and district Hoshiarpur.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 21.05.2026 at 10:00 A.M.

For details logon to https://highcourtchd.gov.in/?trs=district_ notice &district=Hoshiarpur
Dated this day of 01-05-2026
Sd/- Civil Judge Jr. Division, Hoshiarpur

ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੀ ਪੰਜਾਬ ਇਕਾਈ ਦੀ ਚੋਣ ਇੱਕ ਜੂਨ ਨੂੰ : ਦਲਵੀਰ ਸਿੱਧੂਪੁਰ

ਫਤਿਹਗੜ੍ਹ ਸਾਹਿਬ, 3 ਮਈ (ਹਰਪ੍ਰੀਤ ਕੌਰ ਟਿਵਾਣਾ): ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਸ਼੍ਰੀ ਫਤਿਹਗੜ੍ਹ ਸਾਹਿਬ ਵਿਖੇ ਦਲਵੀਰ ਸਿੰਘ ਸਿੱਧੂਪੁਰ ਸੂਬਾ ਕਨਵੀਨਰ ਬੀਕੇਯੂ (ਸਿੱਧੂਪੁਰ)ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਜਥੇਬੰਦੀ ਦੇ ਜਥੇਬੰਦਕ ਢਾਂਚੇ ਅਤੇ ਕਿਸਾਨੀ ਮੰਗਾਂ ਸਬੰਧੀ ਚਰਚਾ ਹੋਈ। ਮੀਟਿੰਗ ਦੌਰਾਨ ਫ਼ੈਸਲਾ ਲਿਆ ਗਿਆ ਕਿ ਮਈ ਮਹੀਨੇ ਵਿੱਚ ਬੀਕੇਯੂ ਸਿੱਧੂਪੁਰ ਦੇ ਸਾਰੇ ਜ਼ਿਲ੍ਹਾ ਪ੍ਰਧਾਨਾਂ ਦੀ ਚੋਣ ਅਤੇ 1 ਜੂਨ ਨੂੰ ਪੰਜਾਬ ਬਾਡੀ ਦੀ ਚੋਣ ਕੀਤੀ ਜਾਵੇਗੀ। ਇਸ ਤੋਂ ਇਲਾਵਾ ਲੈਡ ਮਾਰਗੇਜ ਬੈਂਕ ਵੱਲੋਂ ਕੁਰਕੀਆਂ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ ਅਤੇ ਕਿਸੇ ਵੀ ਕਿਸਾਨ ਮਜ਼ਦੂਰ ਦੀ ਕੁਰਕੀ/ਕਬਜ਼ਾ ਨਹੀਂ ਹੋਣ ਦਿੱਤਾ ਜਾਵੇਗਾ। ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬੇਮੌਸਮੀ ਬਾਰਿਸ਼ ਅਤੇ ਗੜ੍ਹੇਮਾਰੀ ਕਾਰਨ ਹੋਏ ਫਸਲਾਂ ਦੇ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇ, ਝੋਨੇ ਦੇ ਸੀਜ਼ਨ ਲਈ ਯੂਰੀਆ ਖਾਦ ਦਾ ਪ੍ਰਬੰਧ ਕੀਤਾ ਜਾਵੇ ਅਤੇ ਖੇਤੀ ਟਿਊਬਵੈੱਲ ਲਈ ਨਵੇਂ ਬਿਜਲੀ ਕੁਨੈਕਸ਼ਨ ਦਿੱਤੇ ਜਾਣ ਦੀ ਮੰਗ ਕੀਤੀ।ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਬੋਗ ਸਿੰਘ ਮਾਨਸਾ ਨੇ ਕਿਸਾਨਾਂ ਦੇ ਮਸਲਿਆਂ ਬਾਰੇ ਗੱਲਬਾਤ ਕਰਦਿਆਂ ਕਿਸਾਨਾਂ ਨੂੰ ਵੱਡੇ ਸੰਘਰਸ਼ ਲਈ ਲਾਮਬੰਦ ਹੋਣ ਦਾ ਸੱਦਾ ਦਿੱਤਾ ਤਾਂ ਜੋ ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਕਿਸਾਨ ਵਿਰੋਧੀ ਸਮਝੌਤੇ ਰੱਦ ਕਰਵਾਏ ਜਾ ਸਕਣ ।ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਮੇਹਰ ਸਿੰਘ ਥੇੜ੍ਹੀ ਨੇ ਜਥੇਬੰਦੀ ਦੀਆਂ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ।

ਆਦਮਪੁਰ ਆਉਣ 'ਤੇ ਮੁੱਖ ਮੰਤਰੀ ਨੂੰ ਕਰਾਂਗੇ ਸਨਮਾਨਤ, ਟੀਨੂ

ਆਦਮਪੁਰ, 3 ਮਈ (ਜੰਡੀਰ ਸੈਣੀ): ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਦੀ ਅਗਵਾਈ ਹੇਠ ਅੱਜ ਆਮ ਆਦਮੀ ਪਾਰਟੀ ਦੇ ਦਫਤਰ ਆਦਮਪੁਰ ਵਿਖੇ ਭਰਮੀ ਮੀਟਿੰਗ ਕੀਤੀ ਗਈ, ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਬਲਾਕ ਪ੍ਰਧਾਨ ਕੁਆਡੀਨੇਟਰ ਅਤੇ ਹੋਰ ਵੀ ਆਗੂ ਸ਼ਾਮਲ ਹੋਏ। ਆਪਣੇ ਆਪਣੇ ਵਿਚਾਰ ਸਾਂਝੇ ਕੀਤੇ, ਇਸ ਮੌਕੇ 'ਤੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਜੋ ਸਖਤ ਕਾਨੂੰਨ ਬਣਾਏ ਗਏ ਹਨ, ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਬੇਅਦਬੀਆਂ ਕਰਨ ਵਾਲੇ ਲੋਕ ਆਪਣੇ ਆਪ ਨੂੰ ਮਨ ਬੁੱਧੀ ਬੋਲ ਕੇ ਕਾਨੂੰਨ ਤੋਂ ਬਚ ਜਾਂਦੇ ਸਨ,ਅਤੇ ਹੁਣ ਜੋ ਵੀ ਬੇਅਦਬੀ ਕਰੇਗਾ ਆਪਣੇ ਆਪ ਨੂੰ ਮਨ ਬੁੱਧੀ ਦੱਸੇਗਾ ਤਾਂ ਉਸਦੇ ਪਰਿਵਾਰ ਨੂੰ ਵੀ ਸਜ਼ਾ ਮਿਲੇਗੀ। ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਨੇ ਕਿਹਾ ਕਿ ਸਤਿਗੁਰਾਂ ਦੇ ਸ਼ੁਕਰਾਨੇ ਵਜੋਂ 7 ਮਈ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਬਾਬਾ ਬਕਾਲਾ ਵਿਖੇ ਪਹੁੰਚ ਰਹੇ ਹਨ।

ਆਮ ਆਦਮੀ ਪਾਰਟੀ ਵੱਲੋਂ ਮਜੀਠੇ ਹਲਕੇ ਵਿੱਚ ਕੀਤੇ ਜਾ ਰਹੇ ਕੰਮ ਬੋਲ ਰਹੇ ਨੇ ਤਲਬੀਰ ਸਿੰਘ ਗਿੱਲ

ਤਰਸੇਮ ਸਿੰਘ ਦੇ ਗ੍ਰਹਿ ਵਿਖੇ ਬਾਰ ਪ੍ਰਵਾਰ ਨਾਲ ਕੀਤੀ ਮੀਟਿੰਗ

ਚੌਕ ਮਹਿਤਾ, 3 ਮਈ (ਬਲਜਿੰਦਰ ਸਿੰਘ ਰੰਧਾਵਾ):ਮਜੀਠਾ ਵਿਧਾਨ ਸਭਾ ਹਲਕਾ ਜਿਸ ਨੂੰ ਕਿ ਪਿਛਲੀਆਂ ਸਰਕਾਰਾਂ ਨੇ ਵਿਕਾਸ ਪੱਖ ਤੋਂ ਫਾਡੀ ਰੱਖਿਆ ਸੀ ਦਾ ਵਿਕਾਸ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜੰਗੀ ਪੱਧਰ 'ਤੇ ਚੱਲ ਰਿਹਾ ਹੈ ਅਤੇ ਅੱਜ ਜਿਸ ਪਾਸੇ ਵੀ ਜਾ ਕੇ

ਆਜ਼ਾਦ ਪ੍ਰੈੱਸ ਕਲੱਬ ਦੀ ਮੀਟਿੰਗ, ਮਾਲਵਿੰਦਰ ਸਿੰਘ ਸਿੱਧੂ ਲਗਾਤਾਰ 15ਵੀਂ ਵਾਰ ਚੁਣੇ ਗਏ ਪ੍ਰਧਾਨ



ਕੌਹਰੀਆਂ, 3 ਮਈ (ਅਵਤਾਰ ਸਿੰਘ ਜਟਾਣਾ) : ਅੱਜ ਕੌਹਰੀਆ ਆਜ਼ਾਦ ਪ੍ਰੈੱਸ ਕਲੱਬ ਦੀ ਇਕ ਅਹਿਮ ਮੀਟਿੰਗ ਕਲੱਬ ਦੇ ਦਫ਼ਤਰ ਵਿਖੇ ਹੋਈ, ਜਿਸ ਵਿੱਚ ਸਮੂਹ ਮੈਂਬਰਾਂ ਨੇ ਸਰਬਸੰਮਤੀ ਨਾਲ ਕਲੱਬ ਦੀ ਨਵੀਂ ਕਾਰਜਕਾਰਨੀ ਦੀ ਚੋਣ ਕੀਤੀ। ਵਿਸ਼ਵ ਪ੍ਰੈੱਸ ਦਿਵਸ ਦੇ ਸ਼ੁਭ ਅਵਸਰ 'ਤੇ ਕਰਵਾਈ ਗਈ ਇਸ ਚੋਣ ਦੌਰਾਨ ਸੀਨੀਅਰ ਪੱਤਰਕਾਰ ਮਾਲਵਿੰਦਰ ਸਿੰਘ ਸਿੱਧੂ ਦੀਆਂ ਨਿਰਪੱਖ ਤੇ ਸ਼ਲਾਘਾਯੋਗ ਸੇਵਾਵਾਂ ਨੂੰ ਦੇਖਦੇ ਹੋਏ, ਉਨ੍ਹਾਂ ਨੂੰ ਲਗਾਤਾਰ 15ਵੀਂ ਵਾਰ ਕਲੱਬ ਦਾ ਪ੍ਰਧਾਨ ਚੁਣ ਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਗਿਆ ਹੈ। ਇਸ ਮੌਕੇ ਕਲੱਬ ਦੇ ਹੋਰ ਅਹੁਦੇਦਾਰਾਂ ਦੀ ਚੋਣ ਵੀ ਸਾਂਝੇ ਸਹਿਯੋਗ ਨਾਲ ਕੀਤੀ ਗਈ, ਜਿਸ ਵਿੱਚ ਰਾਜਿੰਦਰ ਕੁਮਾਰ ਸ਼ਰਮਾ ਨੂੰ ਖਜ਼ਾਨਚੀ ਅਤੇ ਕੁਲਸੀਰ ਸਿੰਘ ਅੰਜਲਾ ਨੂੰ ਸੁਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸ ਤੋਂ ਇਲਾਵਾ ਕਲੱਬ ਦੇ ਕੰਮਕਾਜ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਅਵਤਾਰ ਸਿੰਘ ਜਟਾਣਾ, ਜਸਵੀਰ ਸਿੰਘ ਅੰਜਲਾ ਅਤੇ ਸੁਨੀਲ ਕੁਮਾਰ ਗਰਗ ਨੂੰ ਕਾਰਜਕਾਰੀ ਮੈਂਬਰਾਂ ਵਜੋਂ ਨਿਯੁਕਤ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਨਵ-ਨਿਯੁਕਤ ਪ੍ਰਧਾਨ ਮਾਲਵਿੰਦਰ ਸਿੰਘ ਸਿੱਧੂ ਨੇ ਸਮੂਹ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੱਤਰਕਾਰ ਭਾਈਚਾਰੇ ਦੇ ਹਿੱਤਾਂ ਲਈ ਹਮੇਸ਼ਾ ਤਤਪਰ ਰਹਿਣਗੇ ਅਤੇ ਪ੍ਰੈੱਸ ਦੀ ਆਜ਼ਾਦੀ ਤੇ ਸਮਾਜਿਕ ਮੁੱਦਿਆਂ ਨੂੰ ਬਿਨਾਂ ਕਿਸੇ ਡਰ ਤੋਂ ਉਠਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ। ਚੋਣ ਤੋਂ ਬਾਅਦ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਗਈ ਅਤੇ ਉਮੀਦ ਜਤਾਈ ਗਈ ਕਿ ਇਹ ਕਲੱਬ ਲੋਕਤੰਤਰ ਦੇ ਚੌਥੇ ਸਤੰਭ ਵਜੋਂ ਆਪਣੀ ਭੂਮਿਕਾ ਪੂਰੀ ਇਮਾਨਦਾਰੀ ਨਾਲ ਨਿਭਾਉਂਦਾ ਰਹੇਗਾ।

ਕਾਓ-ਸੱਸ ਦੇ ਨਾਂ ਤੇ ਵਸੂਲੇ ਕਰੋੜਾਂ ਪਰ ਹਿਸਾਬ ਮੰਗਣ 'ਤੇ ਨਿਗਮ ਨੇ ਧਾਰੀ ਚੁੱਪ



ਬਠਿੰਡਾ, 3 ਮਈ (ਦੀਪਕ ਸ਼ਰਮਾ) :ਕੀ ਜਨਤਾ ਵੱਲੋਂ ਦਿੱਤੇ ਟੈਕਸ ਦਾ ਹਿਸਾਬ ਮੰਗਣਾ ਜਨਹਿਤ ਨਹੀਂ ਹੈ ? ਬਠਿੰਡਾ ਨਗਰ ਨਿਗਮ ਦੇ ਤਾਜ਼ਾ ਜਵਾਬ ਤਾਂ ਕੁਝ ਅਜਿਹਾ ਹੀ ਇਸ਼ਾਰਾ ਕਰ ਰਹੇ ਹਨ। ਕਾਊ-ਸੱਸ ਫੰਡ ਦੀ ਜਾਣਕਾਰੀ ਸਾਂਝੀ ਕਰਨ ਤੋਂ ਇਨਕਾਰ ਕਰਕੇ ਨਿਗਮ ਨੇ ਇੱਕ ਵੱਡੇ ਵਿਵਾਦ ਨੂੰ ਜਨਮ ਦੇ ਦਿੱਤਾ ਹੈ। 'ਗ੍ਰਾਹਕ ਜਾਗੋ' ਸੰਗਠਨ ਦੇ ਸਕੱਤਰ ਸੰਜੀਵ ਗੋਇਲ ਨੇ ਦੋਸ਼ ਲਾਇਆ ਹੈ ਕਿ ਨਿਗਮ ਦੇ ਵਿੱਤ ਸ਼ਾਖਾ ਦੇ ਅਧਿਕਾਰੀ ਜਾਣਬੁੱਝ ਕੇ ਫੰਡਾਂ ਦੇ ਵੇਰਵੇ ਲੁਕਾ ਰਹੇ ਹਨ।ਪੂਰਾ ਮਾਮਲਾ ਉਦੋਂ ਸ਼ੁਰੂ ਹੋਇਆ, ਜਦੋਂ ਗੋਇਲ ਨੇ ਸਾਲ 2013 ਤੋਂ 2026 ਤੱਕ ਇਕੱਠੇ ਹੋਏ ਕਾਊ-ਸੱਸ ਅਤੇ ਉਸ ਦੇ ਬੈਲੇਂਸ ਬਾਰੇ ਜਾਣਕਾਰੀ ਮੰਗੀ। ਲਗਭਗ 120 ਦਿਨਾਂ ਬਾਅਦ ਨਿਗਮ ਨੇ ਜਵਾਬ ਦਿੱਤਾ ਕਿ ਇਹ ਜਾਣਕਾਰੀ ਦੇਣਾ ਜਨਹਿਤ ਵਿੱਚ ਨਹੀਂ ਹੈ। ਦੂਜੀ ਵਾਰ ਜਦੋਂ ਸਾਲ 2025-26 ਦਾ ਵੇਰਵਾ ਮੰਗਿਆ ਗਿਆ ਤਾਂ ਨਿਗਮ ਨੇ ਦੱਸਿਆ ਕਿ 1.98 ਕਰੋੜ ਰੁਪਏ ਇਕੱਠੇ ਹੋਏ ਅਤੇ 1.85 ਕਰੋੜ ਖਰਚ ਹੋਏ। ਪਰ ਇਸ ਵਾਰ ਵੀ ਬਾਕੀ ਬਚੀ ਰਾਸ਼ੀ ਦਾ ਜ਼ਿਕਰ ਕਰਨ ਤੋਂ ਅਧਿਕਾਰੀਆਂ ਨੇ ਪੈਰ ਪਿੱਛੇ ਖਿੱਚ ਲਏ।ਸੰਜੀਵ ਗੋਇਲ ਦਾ ਕਹਿਣਾ ਹੈ ਕਿ ਜਦੋਂ ਲੋਕ ਸੜਕਾਂ 'ਤੇ ਬੇਸਹਾਰਾ ਪਸ਼ੂਆਂ ਕਾਰਨ ਆਪਣੀਆਂ ਜਾਨਾਂ ਗੁਆ ਰਹੇ ਹਨ, ਤਾਂ ਅਜਿਹੇ ਸਮੇਂ ਫੰਡਾਂ ਦਾ ਹਿਸਾਬ ਲੁਕਾਉਣਾ ਸ਼ੱਕ ਪੈਦਾ ਕਰਦਾ ਹੈ। ਨਿਗਮ ਕੋਲ ਨਾ ਤਾਂ ਪਸ਼ੂਆਂ ਨੂੰ ਹਸਪਤਾਲ ਪਹੁੰਚਾਉਣ ਦੀ ਵਿਵਸਥਾ ਹੈ ਅਤੇ ਨਾ ਹੀ ਉਨ੍ਹਾਂ ਦੇ ਸਹੀ ਪ੍ਰਬੰਧਨ ਦੀ। ਲੋਕਾਂ ਨੂੰ ਆਪਣੀ ਜੇਬ ਵਿੱਚੋਂ ਜਾਂ ਸਮਾਜ ਸੇਵੀ ਸੰਸਥਾਵਾਂ ਦੀ ਮਦਦ ਲੈਣੀ ਪੈਂਦੀ ਹੈ। ਨਿਗਮ ਦੀ ਇਸ ਟਾਲ-ਮਟੋਲ ਵਾਲੀ ਨੀਤੀ ਦੇ ਖਿਲਾਫ ਹੁਣ ਚੰਡੀਗੜ੍ਹ ਸਥਿਤ ਸੂਚਨਾ ਕਮਿਸ਼ਨ ਵਿੱਚ ਅਪੀਲ ਦਰਜ ਕੀਤੀ ਜਾਵੇਗੀ।

15 ਮਈ ਨੂੰ ਕਿਸਾਨ ਰਾਜਪਾਲ ਨੂੰ ਦੇਣਗੇ ਮੰਗ ਪੱਤਰ



ਭਵਾਨੀਗੜ, 3 ਮਈ (ਅਮਨਦੀਪ ਸਿੰਘ ਮਾਝਾ) : ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਦੀ ਪ੍ਰਧਾਨਗੀ ਹੇਠ, ਜਿਸ ਵਿੱਚ ਵੱਖ-ਵੱਖ ਪਿੰਡਾਂ ਤੋ ਕਿਸਾਨ ਆਗੂ ਸ਼ਾਮਲ ਹੋਏ ਮੀਟਿੰਗ ਵਿੱਚ ਕਿਸਾਨੀ ਮੁੱਦਿਆਂ 'ਤੇ ਵਿਚਾਰਾਂ ਕਰਦਿਆਂ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ 15 ਮਈ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਨੁਮਾਇੰਦਗੀ ਖੋਹਣ ਦੇ ਖਿਲਾਫ ਅਤੇ ਪੰਜਾਬ ਦੀਆਂ ਹੋਰ ਕਿਸਾਨ ਮਜ਼ਦੂਰਾਂ ਦੀਆਂ ਮੰਗਾਂ ਸਬੰਧੀ ਸ਼ਹੀਦ ਭਗਤ ਸਿੰਘ ਨੇਚਰ ਪਾਰਕ ਮੋਹਾਲੀ ਵਿਖੇ ਇਕੱਠੇ ਹੋ ਕੇ ਰਾਜ ਭਵਨ ਵੱਲ ਮਾਰਚ ਕੀਤਾ ਜਾਵੇਗਾ ਤੇ ਪੰਜਾਬ ਦੇ ਗਵਰਨਰ ਨੂੰ ਮੰਗ ਪੱਤਰ ਸੌਪਿਆ ਜਾਵੇਗਾ। ਇਸ ਮਾਰਚ ਵਿੱਚ ਆਪਾਂ ਸਾਰਿਆਂ ਨੇ ਵੱਡੇ ਵੱਡੇ ਕਿਸਾਨ ਭਰਾਵਾਂ ਦੇ ਕਾਫਲਿਆਂ ਨਾਲ ਸ਼ਾਮਲ ਹੋਣਾ ਹੈ। ਮੀਟਿੰਗ ਵਿੱਚ ਬੁਲਾਰਿਆ ਵੱਲੋਂ ਮੰਗ ਕੀਤੀ ਗਈ ਕੀ ਝੋਨੇ ਦੇ ਸੀਜ਼ਨ ਤੋਂ ਪਹਿਲਾ ਖੇਤਾਂ ਦੀ ਬਿਜਲੀ ਦੀਆਂ ਲਾਈਨਾਂ ਦੀ ਰਪੇਅਰ ਕੀਤੀ ਜਾਵੇ, ਨਹਿਰੀ ਪਾਣੀ ਦਿਆਂ ਅਧੂਰੀਆ ਰਹਿੰਦੀਆਂ ਅੰਡਰ ਗਰਾਊਂਡ ਪਾਈਪਾਂ ਝੋਨੇ ਸੀਜ਼ਨ ਤੋਂ ਪਹਿਲਾਂ ਮੁਕੰਬਲ ਕੀਤੀਆਂ ਜਾਣਾ, ਕੋਪਰੇਟ ਸੁਸਾਇਟੀਆ ਦੇ ਹੱਦ ਕਜੇ ਦਾ ਮਸਲਾ ਜਲਦੀ ਤੋਂ ਜਲਦੀ ਹੱਲ ਕਰੇ ਪੰਜਾਬ ਸਰਕਾਰਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਲਕੀਤ ਸਿੰਘ ਲੱਖਮੀਰਵਾਲਾ,ਕਸਮੀਰ ਸਿੰਘ ਘਰਾਚੋਂ,ਰੋਹੀ ਸਿੰਘ ਮੰਗਵਾਲ,ਗੁਰਜੀਤ ਸਿੰਘ ਭੜੀ, ਬਲਵਿੰਦਰ ਸਿੰਘ ਜੱਖਲਾ,ਜਸਪਾਲ ਸਿੰਘ ਘਰਾਚੋਂ,ਗੁਰਮੇਲ ਸਿੰਘ ਗਿਦੜਿਆਣੀ,ਦਰਸਨ ਕੁਮਾਰ ਲਿਦੜਾ,ਪ੍ਰੀਤਮ ਸਿੰਘ ਬਡਰੁੱਖਾਂ,ਮਨਜਿੰਦਰ ਸਿੰਘ ਘਾਬਦਾਂ ,ਪ੍ਰੀਤਮ ਸਿੰਘ ਬਾਦਸ਼ਾਹਪੁਰ,ਅਮਰਜੀਤ ਸਿੰਘ ਖਨਾਲ ਕਲਾ ,ਬਲਵਿੰਦਰ ਸਿੰਘ ਘੋੜੇਨਾਵ, ਜਸਵਿੰਦਰ ਸਿੰਘ ਚੰਗਾਲ, ਪ੍ਰੀਤਇੰਦਰ ਸਿੰਘ ਗਰੇਵਾਲ, ਭਰਭੂਰ ਸਿੰਘ ਬਡਰੁੱਖਾਂ,ਕੁਲਤਾਰ ਸਿੰਘ ਘਰਾਚੋਂ, ਆਦਿ ਨੇ ਸਬੋਧਨ ਕੀਤਾ।

ਕਿਸਾਨ ਆਗੂ ਜਸਵੀਰ ਸਿੰਘ ਨਹੀਂ ਰਹੇ



ਤਲਵੰਡੀ ਸਾਬੋ, 3 ਮਈ (ਰਾਮ ਜਿੰਦਲ ਜੱਗਾ): ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਦੇ ਪਿੰਡ ਇਕਾਈ ਜੋਗੇਵਾਲਾ ਦੇ ਸਾਬਕਾ ਮੀਤ ਪ੍ਰਧਾਨ ਜਸਵੀਰ ਸਿੰਘ ਪੁੱਤਰ ਅਜੀਤ ਸਿੰਘ,ਜੋ ਕਿ ਬਲਾਕ ਆਗੂ ਬਿੰਦਰ ਸਿੰਘ ਜੋਗੇਵਾਲਾ ਦੇ ਚਾਚਾ ਹਨ, ਅਚਾਨਕ ਅਕਾਲ ਚਲਾਣਾ ਕਰ ਗਏ ਹਨ । ਟਰਾਈਡੈਂਟ ਕੰਪਨੀ ਸੰਘਰਸ਼ ਦੌਰਾਨ ਉਨ੍ਹਾਂ ਦਾ ਯੋਗਦਾਨ ਮਹੱਤਵਪੂਰਨ ਹੈ, ਕਿਉਂਕਿ ਜਦੋਂ ਪ੍ਰਸ਼ਾਸਨ ਵੱਲੋਂ ਗੋਲੀ ਚਲਾਈ ਗਈ ਤਾਂ ਉਸ ਸਮੇਂ ਅਗਲੀ ਕਤਾਰ ਵਿਚ ਸਨ ਤੇ ਇਸ ਸਮੇਂ ਇਕ ਮਹੀਨਾ ਜੇਲ ਵੀ ਕੱਟੀ ਸੀ, ਜਥੇਬੰਦੀ ਦੇ ਘੋਲਾਂ ਵਿਚ ਅੱਗੇ ਰਹਿਣ ਵਾਲੇ ਇਸ ਤਰ੍ਹਾਂ ਦੇ ਸਮਰਪਿਤ ਆਗੂ ਜਥੇਬੰਦੀਆਂ ਦਾ ਸਰਮਾਇਆ ਹੁੰਦੇ ਹਨ ਇਨ੍ਹਾਂ ਦਾ ਇਸ ਤਰ੍ਹਾਂ ਚਲੇ ਜਾਣਾ ਪਰਿਵਾਰ ਤੇ ਜਥੇਬੰਦੀ ਲਈ ਵੱਡਾ ਘਾਟਾ ਹੈ।ਇਸ ਸਮੇਂ ਬਲਾਕ ਤਲਵੰਡੀ ਸਾਬੋ ਦੇ ਪ੍ਰਧਾਨ ਬਹੱਤਰ ਸਿੰਘ ਨੰਗਲਾ, ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਸਮੇਂਤ ਪਿੰਡ ਕਮੇਟੀ ਦੇ ਪ੍ਰਧਾਨ ਭੋਲਾ ਸਿੰਘ,ਲੱਖਾ ਸਿੰਘ ਸਮੇਤ ਪੂਰੀ ਕਮੇਟੀ ਵੱਲੋਂ ਸਾਥੀ ਨੂੰ ਝੰਡੇ ਦੀ ਰਸਮ ਨਾਲ ਅੰਤਿਮ ਵਿਦਾਈ ਦਿੱਤੀ ਗਈ।

'ਆਪ' ਦੇ ਟਰੇਡ ਵਿੰਗ ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ 'ਚ ਵਾਧੇ ਖ਼ਿਲਾਫ਼ ਵਿਸ਼ਾਲ ਰੋਸ ਪ੍ਰਦਰਸ਼ਨ

ਕੇਂਦਰ ਦੀ ਮੋਦੀ ਸਰਕਾਰ 'ਤੇ ਵਰ੍ਹਦਿਆਂ ਤਿੱਖੇ ਨਿਸ਼ਾਨੇ ਸਾਧੇ



ਬਠਿੰਡਾ, 3 ਮਈ (ਜਗਸੀਰ ਭੁੱਲਰ) :ਆਮ ਆਦਮੀ ਪਾਰਟੀ ਦੀ ਟਰੇਡ ਵਿੰਗ ਵੱਲੋਂ ਅੱਜ ਬਠਿੰਡਾ ਦੇ ਫਾਇਰ ਬ੍ਰਿਗੇਡ ਚੌਕ ਮੋਦੀ ਸਰਕਾਰ ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੀਤੇ ਬੇਹਿਸਾਬ ਵਾਧੇ ਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕਰਦਿਆਂ ਭਾਜਪਾ 'ਤੇ ਤਿੱਖੇ ਨਿਸ਼ਾਨੇ ਸਾਧੇ ਗਏ।ਇਸ ਮੌਕੇ ਟਰੇਡ ਵਿੰਗ ਦੇ ਚੇਅਰਮੈਨ ਸ੍ਰੀ ਅਨੀਲ ਠਾਕੁਰ ਜੀ, ਸਟੇਟ ਸੈਕਟਰੀ ਡਾ. ਤਰਸੇਮ ਗਰਗ ਜੀ, ਮਿਡੀਅਮ ਇੰਡਸਟਰੀ ਤੋਂ ਚੇਅਰਮੈਨ ਸ੍ਰੀ ਨੀਲ ਗਰਗ ਜੀ, ਲੋਕ ਸਭਾ ਇੰਚਾਰਜ ਸ੍ਰੀ ਨਵਦੀਪ ਸਿੰਘ ਜੀੜਾ ਜੀ, ਚੇਅਰਮੈਨ ਸ੍ਰੀ ਰਾਕੇਸ਼ ਪੁਰੀ ਜੀ, ਚੇਅਰਮੈਨ ਸ੍ਰੀ ਗੁਰਜੰਟ ਸਿੱਬੀਆ ਜੀ, ਬਠਿੰਡਾ ਅਰਬਨ ਤੋਂ ਸ੍ਰੀ ਰਾਕੇਸ਼ ਗੁਪਤਾ ਜੀ, ਬਠਿੰਡਾ ਦੇਹਾਤੀ ਤੋਂ ਸ੍ਰੀ ਨਰੇਸ਼ ਗੌਇਲ ਜੀ, ਬੁੱਚੋ ਮੰਡੀ ਤੋਂ ਸ੍ਰੀ ਦਰਸ਼ਨ ਕੁਮਾਰ ਜੀ, ਰਾਮਪੁਰਾ ਫੂਲ ਤੋਂ ਸ੍ਰੀ ਵਿਕਰਮਜੀਤ ਸਿੰਘਲਾ ਜੀ, ਮੌੜ ਮੰਡੀ ਤੋਂ ਸ੍ਰੀ ਰੋਹਿਤ ਜੀ ਅਤੇ ਸ੍ਰੀ ਹਰਮੰਦਰ ਸਿੰਘ ਜੀ ਅਤੇ ਚੇਅਰਮੈਨ ਸੁਰਿੰਦਰ ਬਿੱਟੂ ਜੀ ਹਾਜ਼ਰ ਰਹੇ ਦੇ ਨਾਲ ਨਾਲ ਹੋਰ ਸਾਰੇ ਵਿੰਗਾਂ ਦੇ ਪ੍ਰਧਾਨ ਅਤੇ ਵਲੰਟੀਅਰ ਵੀ ਮੌਜੂਦ ਰਹੇ।ਉਨ੍ਹਾਂ ਇੱਕ ਸੁਰ ਵਿੱਚ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਆਮ ਆਦਮੀ ਲਈ ਲਾਚਾਰ ਅਤੇ ਰਸੋਈ ਲਈ ਗੁਨਾਹਗਾਰ ਸਿੱਧ ਹੋਈ ਹੈ।ਕਾਬਿਲੇਗੌਰ ਹੈ ਕਿ ਵਪਾਰਕ ਐੱਲ ਪੀ ਜੀ ਸਿਲੰਡਰ ਹੁਣ 993 ਰੁਪਏ ਮਹਿੰਗਾ ਹੋ ਗਿਆ ਹੈ। ਪੱਛਮੀ ਏਸ਼ੀਆ ਸੰਕਟ ਕਰ ਕੇ ਆਲਮੀ ਪੱਧਰ ਉੱਤੇ ਊਰਜਾ ਕੀਮਤਾਂ ਵਿੱਚ ਉਛਾਲ ਨਾਲ ਇਹ ਹੁਣ ਤੱਕ ਦਾ ਸਭ ਤੋਂ ਵੱਡਾ ਤੇ ਲਗਾਤਾਰ ਤੀਜਾ ਮਾਸਿਕ ਵਾਧਾ ਹੈ। 19 ਕਿਲੋ ਵਜ਼ਨੀ ਵਪਾਰਕ ਐੱਲ ਪੀ ਜੀ ਸਿਲੰਡਰ ਆਮ ਕਰ ਕੇ ਹੋਟਲਾਂ ਤੇ ਰੈਸਟੋਰੈਂਟਾਂ 'ਚ ਵਰਤਿਆ ਜਾਂਦਾ ਹੈ।ਇਸ ਤੋਂ ਪਹਿਲਾਂ ਕੀਮਤਾਂ ਵਿੱਚ ਪਹਿਲੀ ਅਪਰੈਲ ਨੂੰ 195.50 ਰੁਪਏ ਪ੍ਰਤੀ ਸਿਲੰਡਰ ਤੇ ਪਹਿਲੀ ਮਾਰਚ ਨੂੰ 114.5 ਰੁਪਏ ਪ੍ਰਤੀ ਸਿਲੰਡਰ ਦਾ ਵਾਧਾ ਹੋਇਆ ਸੀ। ਇਨ੍ਹਾਂ ਤਿੰਨ ਵਾਧਿਆਂ ਨਾਲ ਕੁੱਲ ਮਿਲਾ ਕੇ ਕਮਰਸ਼ੀਅਲ ਐੱਲ ਪੀ ਜੀ ਦੀਆਂ ਦਰਾਂ 'ਚ 1303 ਰੁਪਏ ਦਾ ਇਜ਼ਾਫ਼ਾ ਹੋਇਆ ਹੈ। ਉਂਜ ਘਰੇਲੂ ਰਸੋਈ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਕੋਈ ਫੇਰਬਦਲ ਨਹੀਂ ਕੀਤਾ ਗਿਆ। ਸੱਤ ਮਾਰਚ ਨੂੰ 14.2 ਕਿਲੋ ਵਜ਼ਨੀ ਸਿਲੰਡਰ ਦੀਆਂ ਦਰਾਂ 'ਚ 60 ਰੁਪਏ ਦਾ ਵਾਧਾ ਹੋਇਆ ਸੀ। ਦਿੱਲੀ ਵਿੱਚ ਘਰੇਲੂ ਐੱਲ ਪੀ ਜੀ ਸਿਲੰਡਰ 913 ਰੁਪਏ ਨੂੰ ਪੈਂਦਾ ਹੈ। ਸਰਕਾਰੀ ਮਾਲਕੀ ਵਾਲੀਆਂ ਤੇਲ ਕੰਪਨੀਆਂ ਇੰਡੀਅਨ ਆਇਲ ਕਾਰਪੋਰੇਸ਼ਨ (ਆਈ ਓ ਸੀ), ਭਾਰਤ ਪੈਟਰੋਲੀਅਮ ਤੇ ਹਿੰਦੁਸਤਾਨ ਪੈਟਰੋਲੀਅਮ ਹਰੇਕ ਮਹੀਨੇ ਦੀ ਪਹਿਲੀ ਤਰੀਕ ਨੂੰ ਕੌਮਾਂਤਰੀ ਬੈਂਚਮਾਰਕ ਤੇ ਐਕਸਚੇਂਜ ਦਰਾਂ ਦੇ ਆਧਾਰ ਉੱਤੇ ਏ ਟੀ ਐੱਫ ਤੇ ਐੱਲ ਪੀ ਜੀ ਕੀਮਤਾਂ 'ਤੇ ਨਜ਼ਰਸਾਨੀ ਕਰਦੀਆਂ ਹਨ। ਪੱਛਮੀ ਏਸ਼ੀਆ ਜੰਗ ਕਰ ਕੇ ਊਰਜਾ ਸਪਲਾਈ ਚੇਨਾਂ ਵਿੱਚ ਅੜਿੱਕੇ ਆਉਣ ਕਾਰਨ ਆਲਮੀ ਪੱਧਰ 'ਤੇ ਤੇਲ ਕੀਮਤਾਂ ਕਰੀਬ 50 ਫ਼ੀਸਦ ਸ਼ੂਟ ਵਟ ਗਈਆਂ ਹਨ।'ਆਪ' ਆਗੂਆਂ ਨੇ ਭਾਰਤੀ ਜਨਤਾ ਪਾਰਟੀ ਨੂੰ ਘੇਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਚੋਣਾਂ ਮੌਕੇ ਹੀ ਆਮ ਭਾਰਤੀਆਂ ਨੂੰ ਦਰਪੇਸ਼ ਦੁੱਖ ਤਕਲੀਫ਼ਾਂ ਦੀ ਫ਼ਿਕਰ ਹੁੰਦੀ ਹੈ ਤੇ ਮਗਰੋਂ ਉਨ੍ਹਾਂ ਨੂੰ ਆਪਣੇ ਹਾਲ ਉੱਤੇ ਛੱਡ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਰਾਨ ਜੰਗ ਲੱਗੇ ਨੂੰ ਤਿੰਨ ਮਹੀਨੇ ਹੋ ਚੁੱਕੇ ਹਨ ਅਤੇ ਸਰਕਾਰ ਨੂੰ ਵਿੱਤੀ ਬੋਝ ਆਮ ਲੋਕਾਂ ਉੱਤੇ ਪਾਉਣ ਦੀ ਥਾਂ ਉਨ੍ਹਾਂ ਨੂੰ ਬਚਾਉਣ ਲਈ ਕੋਈ ਠੋਸ ਯੋਜਨਾ ਤਿਆਰ ਕਰਨੀ ਚਾਹੀਦੀ ਸੀ ਜਦਕਿ ਕਿ ਸਿਲੰਡਰਾਂ ਦੀ ਕੀਮਤ ਵਿੱਚ ਭਾਰੀ ਇਜਾਫਾ ਕਰਕੇ ਲੋਕਾਂ ਦੀ ਹੋਰ ਕਮਰ ਤੋੜ ਦਿੱਤੀ ਹੈ।

ਟਰੈਕਟਰ ਮੰਡੀ ਕਾਰਨ ਆਵਾਜਾਈ ਖਤਰੇ 'ਚ, ਪ੍ਰਸ਼ਾਸਨ ਮੌਨ



ਮਲੋਟ, 3 ਮਈ (ਅਮਨਦੀਪ ਸਿੰਘ ਮਹਿਰਾ):ਮਲੋਟ-ਬਠਿੰਡਾ ਨੈਸ਼ਨਲ ਹਾਈਵੇ ਨੰਬਰ 7 'ਤੇ ਆਵਾਜਾਈ ਨਿਯਮਾਂ ਦੀਆਂ ਖੁੱਲ੍ਹੇਆਮ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਹਾਈਵੇ ਦੇ ਕਿਨਾਰੇ ਅਤੇ ਕਈ ਥਾਵਾਂ 'ਤੇ ਸੜਕ ਦੇ ਹਿੱਸੇ 'ਤੇ ਹੀ ਟਰੈਕਟਰ ਮੰਡੀ ਲਗਾਈ ਜਾ ਰਹੀ ਹੈ, ਜਿਸ ਕਾਰਨ ਇਥੋਂ ਲੰਘਣ ਵਾਲੇ ਵਾਹਨ ਚਾਲਕਾਂ ਅਤੇ ਯਾਤਰੀਆਂ ਦੀ ਜਾਨ ਨੂੰ ਹਰ ਵੇਲੇ ਖਤਰਾ ਬਣਿਆ ਰਹਿੰਦਾ ਹੈ।ਸਥਾਨਕ ਲੋਕਾਂ ਅਤੇ ਵਪਾਰੀਆਂ ਦੇ ਅਨੁਸਾਰ, ਇਹ ਟਰੈਕਟਰ ਮੰਡੀ ਪਿਛਲੇ ਲੰਮੇ ਸਮੇਂ ਤੋਂ ਲੱਗ ਰਹੀ ਹੈ ਅਤੇ ਦਿਨੋਂ-ਦਿਨ ਇਸਦਾ ਫੈਲਾਅ ਵਧਦਾ ਜਾ ਰਿਹਾ ਹੈ। ਟਰੈਕਟਰਾਂ ਦੀ ਲੰਬੀ ਕਤਾਰਾਂ ਸੜਕ ਦੇ ਕਿਨਾਰੇ ਹੀ ਨਹੀਂ, ਸਗੋਂ ਕਈ ਵਾਰ ਹਾਈਵੇ ਦੇ ਮੱਧ ਤੱਕ ਵੀ ਪਹੁੰਚ ਜਾਂਦੀਆਂ ਹਨ, ਜਿਸ ਨਾਲ ਟ੍ਰੈਫਿਕ ਜਾਮ ਅਤੇ ਹਾਦਸਿਆਂ ਦਾ ਖਤਰਾ ਕਈ ਗੁਣਾ ਵੱਧ ਜਾਂਦਾ ਹੈ।ਇਸ ਸਬੰਧੀ ਕਈ ਵਾਰ ਅਤੇ ਸਥਾਨਕ ਪ੍ਰਸ਼ਾਸਨ ਨੂੰ ਲਿਖਤੀ ਤੇ ਮੌਖਿਕ ਸ਼ਿਕਾਇਤਾਂ ਦਿੱਤੀਆਂ ਜਾ ਚੁੱਕੀਆਂ ਹਨ, ਪਰ ਹਾਲਾਤਾਂ ਵਿੱਚ ਕੋਈ ਵੱਡਾ ਸੁਧਾਰ ਨਹੀਂ ਆਇਆ। ਲੋਕਾਂ ਦਾ ਕਹਿਣਾ ਹੈ ਕਿ



ਬੰਗਲਾਦੇਸ਼ ਦੇ ਗੁਰਦੁਆਰਿਆਂ ਦੇ ਦਰਸ਼ਨਾਂ ਉਪਰੰਤ ਸ਼ਰਧਾਲੂਆਂ ਦਾ ਜਥਾ ਵਾਪਸ ਪਰਤਿਆ



ਚੋਹਲਾ ਸਾਹਿਬ, 3 ਮਈ (ਭਗਤ ਸਿੰਘ ਸੰਧੂ) : ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਅਤੇ ਸੰਤ ਬਾਬਾ ਹਾਕਮ ਸਿੰਘ ਜੀ ਵੱਲੋਂ ਬੰਗਲਾਦੇਸ਼ ਦੇ ਗੁਰਦੁਆਰਿਆਂ ਦੀ ਕਾਰ ਸੇਵਾ ਸਾਲ 2004 ਤੋਂ ਚਲ ਰਹੀ ਹੈ। ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਬੰਗਲਾਦੇਸ਼ ਦੇ ਗ੍ਰਹਿ ਮੰਤਰਾਲੇ ਦੇ ਸਹਿਯੋਗ ਨਾਲ ਸਾਲ ਵਿਚ ਦੋ ਵਾਰ ਸਿੱਖ ਸੰਗਤਾਂ ਨੂੰ ਬੰਗਲਾਦੇਸ਼ ਦੇ ਗੁਰਦੁਆਰਿਆਂ ਦੇ ਦਰਸ਼ਨ ਕਰਵਾਉਣ ਦਾ ਉਪਰਾਲਾ ਕੀਤਾ ਜਾਂਦਾ ਹੈ। ਇਸ ਸਾਲ ਇਹ ਯਾਤਰਾ 20 ਅਪ੍ਰੈਲ ਤੋਂ 2 ਮਈ ਤਕ ਕਰਵਾਈ ਗਈ , ਜਿਸ ਵਿਚ 40 ਸਿੱਖ ਸ਼ਰਧਾਲੂਆਂ ਦਾ ਜੱਥਾ ਖਾਲਸਾ ਸਾਜਨਾ ਦਿਹਾੜਾ ਵੈਸਾਖੀ ਦੇ ਸੰਬੰਧ ਵਿਚ ਬੰਗਲਾਦੇਸ਼ ਗੁਰਦੁਆਰਾ ਨਾਨਕਸ਼ਾਹੀ ਢਾਕਾ ਵਿਖੇ 24 ਅਪ੍ਰੈਲ ਨੂੰ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਮਤ ਸਮਾਗ ਹੋਇਆ ਜਿਸ ਵਿੱਚ ਸਹਿਜ ਪਾਠ ਦੇ ਭੋਗ ਤੋਂ ਉਪਰੰਤ ਸਾਰਾ ਦਿਨ ਦੀਵਾਨ ਸੱਜਿਆ ਅਤੇ ਗੁਰੂ ਕੇ ਲੰਗਰ ਅਤੁੱਟ ਵਰਤੇ। ਇਸ ਉਪਰੰਤ ਸੰਗਤਾਂ ਨੇ ਅਗਲੇ ਦਿਨਾਂ ਵਿੱਚ ਗੁਰਦੁਆਰਾ ਸੰਗਤ ਟੋਲਾ ਪਾ:ੲ (ਢਾਕਾ), , ਗੁਰਦੁਆਰਾ ਸਿੱਖ ਟੈਂਪਲ ਅਸਟੇਟ (ਚਾਟੋਗ੍ਰਾਮ), ਗੁਰਦੁਆਰਾ ਸਾਹਿਬ (ਪਹਾੜਤਲੀ), ਗੁਰਦੁਆਰਾ ਗੁਰੂ ਨਾਨਕ ਮੰਦਰ (ਮਾਇਮਨ ਸਿੰਘ) ਆਦਿ ਗੁ ਰ ਦੁ ਆ ਰਿਆਂ ਦੀ ਯਾਤਰਾ ਕੀਤੀ। ਇਸ ਜਥੇ ਦੀ ਅਗਵਾਈ ਸੰਪਰਦਾਇ ਕਾਰ ਸੇਵਾ ਸਕੱਤਰ ਹਰਭਜਨ ਸਿੰਘ ਸੰਧੂ ਵੱਲੋਂ ਕੀਤੀ ਗਈ। ਅੱਜ ਵਾਪਸ ਅੰਮ੍ਰਿਤਸਰ ਪਹੁੰਚਣ ਤੇ ਸਿੱਖ ਯਾਤਰੀ ਜਥੇ ਨੇ ਸੰਤ ਬਾਬਾ ਸੁੱਖਾ ਸਿੰਘ ਜੀ ਅਤੇ ਗੁਰਦੁਆਰਾ ਮੈਨੇਜਮੈਂਟ ਬੋਰਡ ਕੋਲਕੱਤਾ ਦਾ ਧੰਨਵਾਦ ਕੀਤਾ, ਜਥੇ ਵਿਚ ਸ. ਸੁਰਿੰਦਰ ਸਿੰਘ ਸੋਹਲ, ਅਵਤਾਰ ਸਿੰਘ ਮੁੱਛਲ , ਸੰਤੋਖ ਸਿੰਘ ਸੰਧੂ , ਗੁਰਿੰਦਰਜੀਤ ਸਿੰਘ, ਹਰਚਰਨ ਸਿੰਘ, ਬੀਬੀ ਪਰਮਿੰਦਰ ਕੌਰ, ਬੀਬੀ ਜਸਬੀਰ ਕੌਰ, ਗੁਰਮੀਤ ਕੌਰ ਅਤੇ ਕਈ ਹੋਰ ਗੁਰਸਿੱਖ ਹਾਜ਼ਰ ਸਨ।

ਸਰਦਾਰ ਹਰੀ ਸਿੰਘ ਨਲੂਆ 'ਤੇ ਫ਼ਿਲਮ ਰੋਕਣ ਦੇ ਫ਼ੈਸਲੇ 'ਤੇ ਪ੍ਰੋ. ਸਰਚਾਂਦ ਸਿੰਘ ਖਿਆਲਾ ਦਾ ਤਿੱਖਾ ਸਵਾਲ

ਜਥੇਦਾਰ ਗੜਗੱਜ ਆਪਣੇ ਫ਼ੈਸਲੇ ਦੀ ਸਪਸ਼ਟਤਾ ਸੰਗਤ ਸਾਹਮਣੇ ਰੱਖਣ: ਪ੍ਰੋ. ਖਿਆਲਾ

ਅੰਮ੍ਰਿਤਸਰ, 3 ਮਈ: (ਗੁਰਦਿਆਲ ਸਿੰਘ) :ਸਿੱਖ ਚਿੰਤਕ ਅਤੇ ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਿੱਖ ਜਰਨੈਲ ਸਰਦਾਰ ਹਰੀ ਸਿੰਘ ਨਲੂਆ ਦੀ ਜੀਵਨੀ 'ਤੇ ਫ਼ਿਲਮ ਬਣਾਉਣ ਦੇ ਪ੍ਰਸਤਾਵ ਨੂੰ ਰੱਦ ਕਰਨ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਫ਼ੈਸਲੇ 'ਤੇ ਹੈਰਾਨੀ ਜਤਾਉਂਦਿਆਂ ਕਿਹਾ ਹੈ ਕਿ ਇਸ ਦੇ ਪਿੱਛੇ ਸਿਧਾਂਤਕ ਸਪੱਸ਼ਟਤਾ ਸੰਗਤ ਦੇ ਸਾਹਮਣੇ ਰੱਖੀ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਧਾਰਮਿਕ ਮਰਯਾਦਾ ਦੀ ਰੱਖਿਆ ਮੁੱਖ ਉਦੇਸ਼ ਹੈ, ਤਾਂ ਫ਼ਿਲਮਾਂ ਲਈ ਸਪੱਸ਼ਟ ਮਾਪਦੰਡ ਤੈਅ ਕਰਕੇ ਨਿਰਦੇਸ਼ ਜਾਰੀ ਕਰਨੇ ਚਾਹੀਦੇ ਸਨ, ਨਾ ਕਿ ਸਾਰਿਆਂ ਉੱਤੇ ਇਕਸਾਰ ਰੋਕ ਲਗਾ ਕੇ ਸੰਦੇਹ ਪੈਦਾ ਕੀਤਾ ਜਾਵੇ।ਪ੍ਰੋ. ਖਿਆਲਾ ਨੇ ਗਿਆਨੀ ਗੜਗੱਜ ਦੇ ਫ਼ੈਸਲੇ ਵਿੱਚ ਦੋਹਰੇ ਮਾਪਦੰਡਾਂ ਉੱਤੇ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਜੇਕਰ ਸਿੱਖ ਯੋਧਿਆਂ ਉੱਤੇ ਫ਼ਿਲਮਾਂ ਬਣਾਉਣ ਦੀ ਮਨਾਹੀ ਹੈ, ਤਾਂ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਲਈ ਤਿਆਰ ਕੀਤੀਆਂ ਜਾਂ ਖ਼ਰੀਦੀਆਂ ਗਈਆਂ ਫ਼ਿਲਮਾਂ—ਜਿਵੇਂ ਚਾਰ ਸਾਹਿਬਜ਼ਾਦੇ, ਬਾਬਾ ਬੰਦਾ ਸਿੰਘ ਬਹਾਦਰ, ਸੁਖਾ ਸਿੰਘ-ਮਹਿਤਾਬ ਸਿੰਘ, ਬੋਤਾ ਸਿੰਘ-ਗਰਜਾ ਸਿੰਘ—ਅਤੇ ਦਮਦਮਾ ਸਾਹਿਬ ਵਿਖੇ ਮੌਜੂਦ ਸ. ਨਲੂਆ ਦੇ ਅਧਾਰਿਤ ਨਾਟਕ ਮੰਡਲੀਆਂ ਬਾਰੇ ਕੀ ਰਵੱਈਆ



ਹੋਵੇਗਾ ? ਕੀ ਇਹਨਾਂ ਨੂੰ ਵੀ ਉਸੇ ਕਸੌਟੀ 'ਤੇ ਪਰਖਿਆ ਜਾਵੇਗਾ ? ਇਸ ਦੇ ਲਈ ਸ਼੍ਰੋਮਣੀ ਕਮੇਟੀ ਨੂੰ ਕਟਹਿਰੇ 'ਚ ਕਦੋਂ ਖੜ੍ਹਾ ਕਰੇਗਾ ? ਉਨ੍ਹਾਂ ਇਤਿਹਾਸਕ ਸੰਦਰਭ ਦਿੰਦਿਆਂ ਕਿਹਾ ਕਿ ਬੇਸ਼ੱਕ ਗੁਰੂ ਸਾਹਿਬਾਨ ਨੇ ਸਾਨੂੰ ਸਾਖੀ ਪਰੰਪਰਾ ਨਾਲ ਜੋੜਿਆ ਹੈ, ਨਾ ਕਿ ਝਾਕੀ ਨਾਲ। ਗੁਰਮਤ ਅਨੁਸਾਰ ਸਵਾਂਗ ਦੀ ਮਨਾਹੀ ਹੈ, ਜਿਸ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਕਮੇਟੀ ਦੀ ਧਾਰਮਿਕ ਸਲਾਹਕਾਰ ਕਮੇਟੀ ਨੇ 20 ਫਰਵਰੀ 1934 ਨੂੰ ਗੁਰੂ ਸਾਹਿਬਾਨ ਅਤੇ ਸਿੱਖ ਸ਼ਹੀਦਾਂ ਦੇ ਮਾਨਵੀ ਚਿਤਰਨ ਨੂੰ ਅਸੂਲਾਂ ਦੇ ਖ਼ਿਲਾਫ਼ ਕਰਾਰ ਦਿੱਤਾ ਸੀ। ਇਸ ਤੋਂ ਬਾਅਦ 7 ਅਗਸਤ 1940 ਦੇ ਮਤੇ ਅਤੇ 10 ਜੁਲਾਈ 2003 ਦੀ ਪੁਸ਼ਟੀ ਅਤੇ ਫਿਰ 13 ਦਸੰਬਰ 2022 ਨੂੰ ਵੀ ਧਰਮ ਪ੍ਰਚਾਰ ਕਮੇਟੀ ਦੁਆਰਾ ਵੀ ਇਹ ਮਨਾਹੀ ਗੁਰੂ ਸਾਹਿਬਾਨ, ਉਹਨਾਂ ਦੇ ਪਰਿਵਾਰਕ ਮੈਂਬਰਾਂ ਅਤੇ ਪੰਜ ਪਿਆਰਿਆਂ ਤੱਕ ਸੀਮਿਤ ਰਹੀ ਹੈ। ਜਿਸ 'ਚ ਗਿਆਨੀ ਗੜਗੱਜ ਦੁਆਰਾ 2025 'ਚ ਸਿੱਖ ਯੋਧਿਆਂ ਨੂੰ ਵੀ ਜੋੜ ਦਿਤਾ ਗਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 2025 ਤੋਂ ਪਹਿਲਾਂ ਕਿਸੇ ਵੀ ਫ਼ੈਸਲੇ ਵਿੱਚ ਸਿੱਖ ਯੋਧਿਆਂ ਨੂੰ ਇਸ ਮਨਾਹੀ ਵਿੱਚ ਸ਼ਾਮਲ ਨਹੀਂ ਕੀਤਾ ਗਿਆ ਸੀ, ਜਦਕਿ ਹੁਣ ਇਸ ਦੀ ਵਿਸਥਾਰਿਤ ਵਿਆਖਿਆ ਕਰਕੇ ਯੋਧਿਆਂ ਨੂੰ ਵੀ ਇਸ ਵਿੱਚ ਜੋੜ ਦਿੱਤਾ ਗਿਆ ਹੈ, ਜੋ ਸਿਧਾਂਤਕ ਤੌਰ 'ਤੇ ਗੁੰਝਲਦਾਰ ਅਤੇ ਸੰਦੇਹਪੂਰਨ ਹੈ।ਪ੍ਰੋ. ਖਿਆਲਾ ਨੇ ਕਿਹਾ ਕਿ ਗਿਆਨੀ ਗੜਗੱਜ ਵੱਲੋਂ ਭਾਨੂਸ਼ਾਲੀ ਸਟੂਡੀਓ ਨੂੰ ਦਿੱਤੇ ਗਏ ਜਵਾਬ ਵਿੱਚ ਸਰਦਾਰ ਨਲੂਆ ਨੂੰ ਪੁਰਾਤਨ ਸਿੱਖ ਯੋਧਾ ਦੱਸ ਕੇ ਰੋਕ ਦਾ ਜਸਟਿਫਿਕੇਸ਼ਨ ਦੇਣਾ ਆਪਣੇ ਹੀ ਫ਼ੈਸਲੇ ਦੀ ਗਲਤ ਵਿਆਖਿਆ ਹੈ, ਕਿਉਂਕਿ 28 ਦਸੰਬਰ 2025 ਦੇ ਹੁਕਮਨਾਮੇ ਵਿੱਚ ਸਿੱਖ ਯੋਧਿਆਂ ਦੀ ਕੋਈ ਵੱਖਰੀ ਵਰਗੀਕਰਨ ਨਹੀਂ ਕੀਤੀ ਗਈ।ਉਨ੍ਹਾਂ ਇਸ ਮਾਮਲੇ ਵਿੱਚ ਹੋਰ ਤਿੱਖਾ ਸਵਾਲ ਖੜ੍ਹਾ ਕਰਦਿਆਂ ਕਿਹਾ ਕਿ ਜੇਕਰ ਸਿੱਖ ਯੋਧਿਆਂ 'ਤੇ ਫ਼ਿਲਮ ਬਣਾਉਣ ਦਾ ਵਿਰੋਧ ਕੀਤਾ ਜਾ ਰਿਹਾ ਹੈ, ਤਾਂ ਫਿਰ ਦਲਜੀਤ ਸਿੰਘ ਦੁਸਾਂਝ ਵੱਲੋਂ ਸ੍ਰੀ ਜਸਵੰਤ ਸਿੰਘ ਖਾਲੜਾ 'ਤੇ ਬਣਾਈ ਗਈ ਫ਼ਿਲਮ 'ਪੰਜਾਬ 95' ਦੀ ਵਕਾਲਤ ਕਿਵੇਂ ਕੀਤੀ ਜਾ ਸਕਦੀ ਹੈ ? ਕੀ ਗਿਆਨੀ ਗੜਗੱਜ ਦੇ ਨਜ਼ਰੀਏ ਅਨੁਸਾਰ ਸ੍ਰੀ ਖਾਲੜਾ ਸਿੱਖ ਯੋਧਾ ਨਹੀਂ ਮੰਨੇ ਜਾਂਦੇ ?ਉਨ੍ਹਾਂ 22 ਮਈ 2018 ਨੂੰ ਬਣਾਏ ਗਏ 21 ਮੈਂਬਰੀ ਸਿੱਖ ਸੈਂਸਰ ਬੋਰਡ ਦਾ ਹਵਾਲਾ ਦਿੰਦਿਆਂ ਕਿਹਾ ਕਿ ਜੇਕਰ ਫ਼ਿਲਮਾਂ 'ਤੇ ਪੂਰੀ ਪਾਬੰਦੀ ਹੀ ਲਗਾਉਣੀ ਸੀ, ਤਾਂ ਅਕਾਲ ਤਖ਼ਤ ਸਾਹਿਬ ਤੋਂ ਇਸ ਬੋਰਡ ਦੀ ਸਥਾਪਨਾ ਦਾ ਮਕਸਦ ਕੀ ਸੀ ? ਇਸ ਨਾਲ ਸਪਸ਼ਟ ਹੁੰਦਾ ਹੈ ਕਿ ਪਹਿਲਾਂ ਨਿਯਮਿਤ ਕਰਨ ਦੀ ਸੋਚ ਸੀ, ਨਾ ਕਿ ਪੂਰੀ ਮਨਾਹੀ।ਪ੍ਰੋ. ਖਿਆਲਾ ਨੇ ਅਜੋਕੇ ਸਮੇਂ ਵਿੱਚ ਇਤਿਹਾਸਕ ਫ਼ਿਲਮਾਂ ਦੀ ਮਹੱਤਤਾ ਉਜਾਗਰ ਕਰਦਿਆਂ ਕਿਹਾ ਕਿ ਇਹ ਕੇਵਲ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਕੌਮੀ ਚੇਤਨਾ ਨੂੰ ਜਾਗਰੂਕ ਕਰਨ, ਸਭਿਆਚਾਰਕ ਵਿਰਾਸਤ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਨੂੰ ਆਪਣੇ ਮੂਲ ਅਤੇ ਮੁੱਲਾਂ ਨਾਲ ਜੋੜਨ ਦਾ ਬਹੁਤ ਪ੍ਰਭਾਵਸ਼ਾਲੀ ਮਾਧਿਅਮ ਹਨ। ਡਿਜ਼ੀਟਲ ਯੁੱਗ ਵਿੱਚ, ਜਿੱਥੇ ਕਿਤਾਬਾਂ ਨਾਲ ਦੂਰੀ ਵਧਦੀ ਜਾ ਰਹੀ ਹੈ, ਉੱਥੇ ਫ਼ਿਲਮਾਂ ਇਤਿਹਾਸ ਨੂੰ ਸਿਰਫ਼ ਪੜ੍ਹਨ ਯੋਗ ਨਹੀਂ, ਸਗੋਂ ਮਹਿਸੂਸ ਕਰਨ ਯੋਗ ਜੀਵੰਤ ਅਨੁਭਵ ਵਿੱਚ ਤਬਦੀਲ ਕਰਦੀਆਂ ਹਨ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਤੇਜਾ ਸਿੰਘ ਸਮੁੰਦਰੀ ਉੱਤੇ ਪੁਸਤਕ ਰਿਲੀਜ਼ ਸਮਾਰੋਹ ਤੇ ਕੌਮੀ ਸੈਮੀਨਾਰ

ਅੰਮ੍ਰਿਤਸਰ, 3 ਮਈ (ਚ.ਨ.ਸ.) ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ 4 ਮਈ 2026 ਨੂੰ ਸਰਦਾਰ ਤੇਜਾ ਸਿੰਘ ਸਮੁੰਦਰੀ ਦੀ ਜੀਵਨ ਯਾਤਰਾ ਤੇ ਯੋਗਦਾਨ ਵਿਸ਼ੇ 'ਤੇ ਪੁਸਤਕ ਰਿਲੀਜ਼ ਸਮਾਰੋਹ ਅਤੇ ਰਾਸ਼ਟਰੀ ਸੈਮੀਨਾਰ ਕਰਵਾਇਆ ਜਾ ਰਿਹਾ ਹੈ।ਇਹ ਸਮਾਰੋਹ ਗੁਰੂ ਨਾਨਕ ਭਵਨ ਸਥਿਤ ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿਖੇ ਸਵੇਰੇ 10:30 ਵਜੇ ਸ਼ੁਰੂ ਹੋਵੇਗਾ।ਉਪ-ਕੁਲਪਤੀ ਪ੍ਰੋ. ਕਰਮਜੀਤ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਪੰਜਾਬ ਦੇ ਰਾਜਪਾਲ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਚਾਂਸਲਰ ਸ਼੍ਰੀ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ, ਜਦਕਿ ਦਿੱਲੀ ਦੇ ਉਪ-ਰਾਜਪਾਲ ਸ. ਤਰਨਜੀਤ ਸਿੰਘ ਸੰਧੂ ਵਿਸ਼ੇਸ਼ ਮਹਿਮਾਨ ਹੋਣਗੇ।ਇਸ ਸੈਮੀਨਾਰ ਦਾ ਮਕਸਦ ਸਿੱਖ ਇਤਿਹਾਸ ਅਤੇ ਸੁਧਾਰ ਅੰਦੋਲਨਾਂ ਦੇ ਪ੍ਰਮੁੱਖ ਚਿਹਰੇ ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਜੀਵਨ, ਵਿਰਾਸਤ ਅਤੇ ਯੋਗਦਾਨਾਂ 'ਤੇ ਰੋਸ਼ਨੀ ਪਾਉਣਾ ਹੈ। ਸਮਾਗਮ ਦੌਰਾਨ ਉਨ੍ਹਾਂ ਦੇ ਯੋਗਦਾਨਾਂ 'ਤੇ ਆਧਾਰਿਤ ਪੁਸਤਕ ਜਾਰੀ ਕੀਤੀ ਜਾਵੇਗੀ। ਪ੍ਰੋਗਰਾਮ ਦੇ ਆਰੰਭ ਵਿੱਚ ਯੂਨੀਵਰਸਿਟੀ ਦੇ ਉਪਕੁਲਪਤੀ ਪ੍ਰੋ. ਕਰਮਜੀਤ ਸਿੰਘ ਵੱਲੋਂ ਸਵਾਗਤੀ ਸੰਬੋਧਨ ਕੀਤਾ ਜਾਵੇਗਾ। ਇਸ ਮੌਕੇ ਪ੍ਰਿੰਸੀਪਲ ਇੰਦਰਜੀਤ ਸਿੰਘ ਗੋਗੋਆਣੀ ਵੱਲੋਂ ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਯੋਗਦਾਨ 'ਤੇ ਵਿਸਥਾਰਪੂਰਵਕ ਵਿਅਖਿਆਨ ਪੇਸ਼ ਕੀਤਾ ਜਾਵੇਗਾ, ਜਦਕਿ ਡਾ. ਅਮਰਜੀਤ ਸਿੰਘ, ਡਾਇਰੈਕਟਰ, ਸਿੱਖ ਅਧਿਐਨ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਪੁਸਤਕ ਦੀ ਸਮੀਖਿਆ ਕੀਤੀ ਜਾਵੇਗੀ।ਇਸ ਤੋਂ ਇਲਾਵਾ ਵਿਦਵਾਨਾਂ ਵੱਲੋਂ ਵਿਆਖਿਆਨ, ਮਹਿਮਾਨਾਂ ਦਾ ਸਨਮਾਨ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਦੇ ਸੰਬੋਧਨ ਵੀ ਹੋਣਗੇ।

ਕਰਮਜੀਤ ਸਿੰਘ ਰਿੰਟੂ ਨੇ ਪ੍ਰੀਮਿਕਸ ਸੜਕਾਂ ਦੀ ਉਸਾਰੀ ਸ਼ੁਰੂ ਕਰਵਾਈ



ਅੰਮ੍ਰਿਤਸਰ, 3 ਮਈ (ਬਬਲੂ ਮਹਾਜਨ) : ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਉੱਤਰੀ ਵਿਧਾਨ ਸਭਾ ਹਲਕੇ ਲਈ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਜੋਸ਼ੀ ਕਲੋਨੀ ਵਿੱਚ ਪ੍ਰੀਮਿਕਸ ਸੜਕਾਂ ਦੀ ਉਸਾਰੀ ਸ਼ੁਰੂ ਕਰਵਾਈ।ਰਿੰਟੂ ਉੱਤਰੀ ਵਿਧਾਨ ਸਭਾ ਹਲਕੇ ਵਿੱਚ ਤੇਜ਼ੀ ਨਾਲ ਵਿਕਾਸ ਕਾਰਜ ਕਰਵਾ ਰਹੇ ਹਨ।ਰਿੰਟੂ ਨੇ ਕਿਹਾ ਕਿ ਇਹ ਪਹਿਲ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰੇਗੀ ਅਤੇ ਖੇਤਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਤੋਂ ਸਕਾਰਾਤਮਕ ਫੀਡਬੈਕ ਮਿਲਣ ਨਾਲ ਸਾਨੂੰ ਹੋਰ ਵੀ ਬਿਹਤਰ ਕੰਮ ਕਰਨ ਲਈ ਪ੍ਰੇਰਿਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਪੰਜ ਮਹੀਨਿਆਂ ਤੋਂ, ਉੱਤਰੀ ਵਿਧਾਨ ਸਭਾ ਹਲਕੇ ਦੇ ਸਾਰੇ ਵਾਰਡਾਂ ਅਤੇ ਸਮੂਹ ਪੰਚਾਇਤਾਂ ਵਿੱਚ ਸੀਵਰੇਜ ਸਿਸਟਮ ਨੂੰ ਬਿਹਤਰ ਬਣਾਉਣ ਅਤੇ ਗਲੀਆਂ ਬਣਾਉਣ ਲਈ ਕੰਮ ਲਗਾਤਾਰ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਮਹੀਨੇ ਸੜਕ ਨਿਰਮਾਣ ਦੇ ਕੰਮ ਵਿੱਚ ਤੇਜ਼ੀ ਆਈ ਹੈ ਅਤੇ ਜਾਰੀ ਰਹੇਗੀ।ਕਰਮਜੀਤ ਸਿੰਘ ਰਿੰਟੂ ਨੇ ਦੱਸਿਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ ਲੋਕ ਭਲਾਈ ਸਕੀਮਾਂ ਦਾ ਲਾਭ ਉੱਤਰੀ ਵਿਧਾਨ ਸਭਾ ਹਲਕੇ ਦੇ ਲੋਕਾਂ ਤੱਕ ਲਗਾਤਾਰ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਜਾਰੀ ਕਰਨ ਲਈ ਨਿਯਮਿਤ ਤੌਰ ਤੇ ਕੈਂਪ ਲਗਾਏ ਜਾ ਰਹੇ ਹਨ। ਇਸ ਤੋਂ ਇਲਾਵਾ, ਪੰਜਾਬ ਰਾਜ ਵਪਾਰ ਕਮਿਸ਼ਨ ਅਧੀਨ ਸਬੰਧਤ ਅਧਿਕਾਰੀਆਂ ਨੂੰ ਮੌਕੇ ਤੇ ਹਦਾਇਤਾਂ ਦੇ ਕੇ ਵਪਾਰੀਆਂ ਦੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਦਾ ਮੌਕੇ ਤੇ ਹੱਲ ਕਰਨ ਲਈ ਕੈਂਪ ਲਗਾਏ ਜਾ ਰਹੇ ਹਨ।ਰਿੰਟੂ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ, ਉੱਤਰੀ ਵਿਧਾਨ ਸਭਾ ਹਲਕੇ ਤੋਂ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ ਬੱਸਾਂ ਨੂੰ ਨਿਯਮਿਤ ਤੌਰ ਤੇ ਧਾਰਮਿਕ ਸਥਾਨਾਂ ਤੇ ਭੇਜਿਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਦੀ ਮਾਂ-ਧੀ ਸਵਾਗਤ ਯੋਜਨਾ ਸ਼ੁਰੂ ਹੋਣ ਵਾਲੀ ਹੈ, ਜਿਸ ਨਾਲ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਹੈ। ਉਨ੍ਹਾਂ ਕਿਹਾ ਕਿ ਉਹ ਰੋਜ਼ਾਨਾ ਲੋਕਾਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦਾ ਹੱਲ ਕਰਨ ਲਈ ਜਾਂਦੇ ਹਨ। ਉਨ੍ਹਾਂ ਦਾ ਉਦੇਸ਼ ਨਾ ਸਿਰਫ਼ ਵਿਕਾਸ ਕਾਰਜ ਕਰਨਾ ਹੈ, ਸਗੋਂ ਹਰ ਘਰ ਨੂੰ ਸਾਫ਼, ਸੁਰੱਖਿਅਤ ਅਤੇ ਆਰਾਮਦਾਇਕ ਵਾਤਾਵਰਣ ਪ੍ਰਦਾਨ ਕਰਨਾ ਵੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਉੱਤਰੀ ਵਿਧਾਨ ਸਭਾ ਹਲਕੇ ਦੇ ਲੋਕਾਂ ਨੂੰ ਦਰਪੇਸ਼ ਹਰ ਸਮੱਸਿਆ ਨੂੰ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਜਲਦੀ ਤੋਂ ਜਲਦੀ ਹੱਲ ਕੀਤਾ ਜਾਵੇਗਾ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਿਯੰਕਾ ਸ਼ਰਮਾ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

ਐਲੀਮੈਂਟਰੀ ਸਕੂਲ ਜਵੰਧਪੁਰ ਨੂੰ ਪੰਚਾਇਤ ਵੱਲੋਂ ਆਰਓ ਅਤੇ ਠੰਡੇ ਪਾਣੀ ਦੀਆਂ ਕੈਂਡੀਆਂ ਭੇਟ




ਖੰਡੂਰ ਸਾਹਿਬ, 3 ਮਈ (ਚ.ਨ.ਸ



ਰੋਜ਼ਾਨਾ ਚੜ੍ਹਦੀਕਲਾ

ਸਿਹਤ ਖ਼ਬਰਨਾਮਾ



ਮੋਟਾਪੇ ਨੂੰ ਕਹੋ ਅਲਵਿਦਾ, ਰੋਜ਼ ਸਵੇਰੇ ਖਾਲੀ ਪੇਟ ਪੀਓ ਤਾਜ਼ਾ ਔਲੇ ਦਾ ਜੂਸ, ਦਿਨਾਂ ਵਿੱਚ ਘਟੇਗਾ ਭਾਰ

ਅੱਜਕੱਲ੍ਹ, ਬਦਲਦੀ ਜੀਵਨ ਸ਼ੈਲੀ ਅਤੇ ਗੈਰ-ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਦੇ ਕਾਰਨ, ਲੋਕਾਂ ਨੂੰ ਅਕਸਰ ਥਕਾਵਟ, ਕਮਜ਼ੋਰੀ ਅਤੇ ਪਾਚਨ ਸੰਬੰਧੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਨਤੀਜੇ ਵਜੋਂ, ਲੋਕ ਕੁਦਰਤੀ ਅਤੇ ਆਯੁਰਵੈਦਿਕ ਉਪਚਾਰਾਂ ਵੱਲ ਵੱਧ ਰਹੇ ਹਨ। ਇਨ੍ਹਾਂ ਕੁਦਰਤੀ ਉਪਚਾਰਾਂ ਵਿੱਚੋਂ ਆਂਵਲਾ ਇੱਕ ਪ੍ਰਮੁੱਖ ਸਥਾਨ ਰੱਖਦਾ ਹੈ, ਜੋ ਸਰੀਰ ਲਈ ਬਹੁਤ ਫਾਇਦੇਮੰਦ ਮੰਨਿਆ ਜਾਂਦਾ ਹੈ। ਕਿਹਾ ਜਾਂਦਾ ਹੈ ਕਿ ਸਹੀ ਮਾਤਰਾ ਵਿੱਚ ਆਂਵਲੇ ਦੇ ਜੂਸ ਦਾ ਸੇਵਨ ਨਾ ਸਿਰਫ ਸਰੀਰ ਨੂੰ ਅੰਦਰੋਂ ਮਜ਼ਬੂਤ ਬਣਾਉਂਦਾ ਹੈ, ਬਲਕਿ ਕਈ ਸਿਹਤ ਸਮੱਸਿਆਵਾਂ ਨੂੰ ਦੂਰ ਕਰਨ ਵਿੱਚ ਵੀ ਮਦਦ ਕਰ ਸਕਦਾ ਹੈ। ਇਸੇ ਲਈ ਸਿਹਤ ਮਾਹਿਰ ਇਸਨੂੰ ਸੰਤੁਲਿਤ ਖੁਰਾਕ ਦੇ ਹਿੱਸੇ ਵਜੋਂ ਸ਼ਾਮਲ ਕਰਨ ਦੀ ਸਿਫਾਰਸ਼ ਕਰਦੇ ਹਨ।



ਭਾਰ ਘਟਾਉਣ ਵਿੱਚ ਮਦਦਗਾਰ: ਮੰਨਿਆ ਜਾਂਦਾ ਹੈ ਕਿ ਆਂਵਲੇ ਦਾ ਰਸ ਮੈਟਾਬੋਲਿਜ਼ਮ ਨੂੰ ਤੇਜ਼ ਕਰਦਾ ਹੈ। ਇਸੇ ਕਰਕੇ ਭਾਰ ਘਟਾਉਣ ਦੀ ਕੋਸ਼ਿਸ਼ ਕਰ ਰਹੇ ਲੋਕ ਇਸਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਵਿੱਚ ਸ਼ਾਮਲ ਕਰਦੇ ਹਨ। ਆਮ ਤੌਰ 'ਤੇ ਵਧੀਆ ਨਤੀਜਿਆਂ ਲਈ ਸਵੇਰੇ ਖਾਲੀ ਪੇਟ ਕੋਸੇ ਪਾਣੀ ਦੇ ਨਾਲ ਲਗਭਗ 10 ਤੋਂ 20 ਮਿਲੀਲੀਟਰ ਆਂਵਲੇ ਦਾ ਰਸ ਪੀਣ ਦੀ ਸਿਫਾਰਸ਼ ਕੀਤੀ ਜਾਂਦੀ ਹੈ।

ਇਮਿਊਨਿਟੀ ਵਧਾਉਣ ਵਿੱਚ ਮਦਦਗਾਰ: ਆਂਵਲੇ ਵਿੱਚ ਵਿਟਾਮਿਨ ਸੀ ਦੀ ਚੰਗੀ ਮਾਤਰਾ ਹੁੰਦੀ ਹੈ, ਜੋ ਸਰੀਰ ਦੀ ਇਮਿਊਨਿਟੀ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰ ਸਕਦੀ ਹੈ। ਇਹ ਸਰੀਰ ਨੂੰ ਮੌਸਮੀ ਬਿਮਾਰੀਆਂ ਅਤੇ ਇਨਫੈਕਸ਼ਨਾਂ ਨਾਲ ਬਿਹਤਰ ਢੰਗ ਨਾਲ ਲੜਨ ਵਿੱਚ ਮਦਦ ਕਰਦੀ ਹੈ। ਇਸਨੂੰ ਪਾਚਨ ਪ੍ਰਣਾਲੀ ਨੂੰ ਬਿਹਤਰ ਬਣਾਉਣ ਵਿੱਚ ਵੀ ਮਦਦਗਾਰ ਮੰਨਿਆ ਜਾਂਦਾ ਹੈ।

ਹੋਰ ਸਿਹਤ ਲਾਭ: ਆਂਵਲੇ ਦਾ ਰਸ ਦਿਲ ਦੀ ਸਿਹਤ ਲਈ ਵੀ ਚੰਗਾ ਮੰਨਿਆ ਜਾਂਦਾ ਹੈ। ਇਹ ਕੋਲੈਸਟ੍ਰੋਲ ਦੇ ਪੱਧਰ ਨੂੰ ਬਣਾਈ ਰੱਖਣ ਵਿੱਚ ਮਦਦ ਕਰ ਸਕਦਾ ਹੈ। ਇਸ ਤੋਂ ਇਲਾਵਾ, ਕੁਝ ਅਧਿਐਨਾਂ ਅਤੇ ਰਵਾਇਤੀ ਵਿਸ਼ਵਾਸਾਂ ਤੋਂ ਪਤਾ ਚੱਲਦਾ ਹੈ ਕਿ ਇਹ ਬਲੱਡ ਸ਼ੂਗਰ ਨੂੰ ਨਿਯਮਤ ਕਰਨ ਵਿੱਚ ਵੀ ਮਦਦ ਕਰ ਸਕਦਾ ਹੈ, ਜੋ ਸ਼ੂਗਰ ਰੋਗੀਆਂ ਨੂੰ ਲਾਭ ਪਹੁੰਚਾ ਸਕਦਾ ਹੈ।

ਸ੍ਰੀ ਗੁਰੂ ਤੇਗ਼ ਬਹਾਦੁਰ ਜੀ ਦੇ ਜੀਵਨ ਅਤੇ ਸਿੱਖਿਆਵਾਂ ਵਿਸ਼ੇ 'ਤੇ ਇੱਕ ਗੌਰਵਮਈ ਰਾਸ਼ਟਰੀ ਸੈਮੀਨਾਰ

ਪਟਨਾ ਸਾਹਿਬ, 3 ਮਈ (ਚ.ਨ.ਸ.) : ਪਟਨਾ ਸਾਹਿਬ ਦੀ ਪਵਿੱਤਰ ਧਰਤੀ 'ਤੇ ਸ੍ਰੀ ਗੁਰੂ ਤੇਗ ਬਹਾਦੁਰ ਜੀ: ਜੀਵਨ ਅਤੇ ਸਿੱਖਿਆਵਾਂ ਵਿਸ਼ੇ 'ਤੇ ਇੱਕ ਗੌਰਵਮਈ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਭਾਰਤ ਸਰਕਾਰ ਦੇ ਸੰਸਕ੍ਰਿਤੀ ਮੰਤਰਾਲੇ, ਸਾਹਿਤ ਅਕਾਦਮੀ, ਨਵੀਂ ਦਿੱਲੀ ਅਤੇ ਤਖ਼ਤ ਸ੍ਰੀ ਹਰਿਮੰਦਰ ਜੀ, ਪਟਨਾ ਸਾਹਿਬ ਦੇ ਸਾਂਝੇ ਤੱਤਵਾਧਾਨ ਹੇਠ ਕੀਤਾ ਗਿਆ। ਇਹ ਸਮਾਗਮ ਗੁਰੂ ਤੇਗ ਬਹਾਦੁਰ ਜੀ ਦੀ 350ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਦੇਸ਼-ਪੱਧਰੀ ਕਾਰਜਕ੍ਰਮਾਂ ਦੀ ਲੜੀ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਇਸ ਸਮਾਗਮ ਦੇ ਮੁੱਖ ਅਤਿਥੀ ਬਿਹਾਰ ਦੇ ਮਾਣਯੋਗ ਰਾਜਪਾਲ ਲੈਫ਼ਟਿਨੈਂਟ ਜਨਰਲ ਸਈਦ ਅਤਾ ਹਸਨੈਨ ਸਨ, ਜਦਕਿ ਵਿਸ਼ੇਸ਼ ਅਤਿਥੀ ਵਜੋਂ ਬਿਹਾਰ ਵਿਧਾਨ ਪਰਿਸ਼ਦ ਦੇ ਉਪ-ਅਧਯਕਸ਼ ਪ੍ਰੋ. ਰਾਮਵਚਨ ਰਾਇ ਹਾਜ਼ਰ ਰਹੇ। ਸਮਾਗਮ ਦੀ ਅਧਯਕਸ਼ਤਾ ਸਾਹਿਤ ਅਕਾਦਮੀ ਦੇ ਅਧਯਕਸ਼ ਡਾ. ਮਾਧਵ ਕੌਸ਼ਿਕ ਨੇ ਕੀਤੀ। ਇਸ ਮੌਕੇ 'ਤੇ ਤਖ਼ਤ ਸ੍ਰੀ ਹਰਿਮੰਦਰ ਜੀ, ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਸਰਦਾਰ ਜਗਜੋਤ ਸਿੰਘ ਸੋਹੀ, ਸਰਦਾਰ ਇੰਦਰਜੀਤ ਸਿੰਘ, ਸਰਦਾਰ ਗੁਰਿੰਦਰ ਸਿੰਘ, ਸਰਦਾਰ ਹਰਬੰਸ ਸਿੰਘ ਖਨੂਜਾ ਅਤੇ ਸਰਦਾਰ ਲਖਬਿੰਦਰ ਸਿੰਘ ਸਮੇਤ ਕਈ ਮਾਣਯੋਗ ਹਸਤੀਆਂ ਦੀ ਗਰਿਮਾਮਈ



ਹਾਜ਼ਰੀ ਰਹੀ। ਪ੍ਰੋ. ਰਵੈਲ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਮਾਗਮ ਦੀ ਸ਼ੁਰੂਆਤ ਮਾਣਯੋਗ ਅਤਿਥੀਆਂ ਦੇ ਸਨਮਾਨ ਨਾਲ ਹੋਈ। ਆਪਣੇ ਸੰਬੋਧਨ ਵਿੱਚ ਮਾਣਯੋਗ ਰਾਜਪਾਲ ਲੈਫ਼ਟਿਨੈਂਟ ਜਨਰਲ ਸਈਦ ਅਤਾ ਹਸਨੈਨ ਨੇ ਗੁਰੂ ਤੇਗ ਬਹਾਦੁਰ ਜੀ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਭਾਵਪੂਰਨ ਢੰਗ ਨਾਲ ਉਜਾਗਰ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੀ ਸ਼ਹਾਦਤ ਮਨੁੱਖੀ ਅਧਿਕਾਰਾਂ, ਧਾਰਮਿਕ ਆਜ਼ਾਦੀ ਅਤੇ ਸੱਚ ਪ੍ਰਤੀ ਅਟੱਲ ਨਿਡਾਅ ਦਾ ਸਭ ਤੋਂ ਉੱਚਾ ਉਦਾਹਰਨ ਹੈ। ਉਨ੍ਹਾਂ ਨੇ ਗੁਰੂ ਤੇਗ ਬਹਾਦੁਰ ਜੀ ਦੇ ਜੀਵਨ ਨੂੰ ਸਾਹਸ, ਸਹਿਨਸ਼ੀਲਤਾ ਅਤੇ ਤਿਆਗ ਦਾ ਵਿਲੱਖਣ ਪ੍ਰਤੀਕ ਦੱਸਦੇ ਹੋਏ ਇਸ ਦੀ ਆਜਕੱਲੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਸਿੱਖ ਧਰਮ ਦੇ ਸਿਧਾਂਤਾਂ ਪ੍ਰਤੀ ਆਪਣੇ ਡੂੰਘੇ ਸਤਿਕਾਰ ਦਾ ਵੀ ਪ੍ਰਗਟਾਵਾ ਕੀਤਾ ਅਤੇ ਸਿੱਖ ਕੌਮ ਨਾਲ ਆਪਣੇ ਨਿੱਜੀ ਸਬੰਧਾਂ ਦਾ ਜ਼ਿਕਰ ਕੀਤਾ।


ਪ੍ਰੋ. ਰਾਮਵਚਨ ਰਾਇ, ਉਪ-ਅਧਯਕਸ਼, ਬਿਹਾਰ ਵਿਧਾਨ ਪਰਿਸ਼ਦ ਨੇ ਗੁਰੂ ਤੇਗ ਬਹਾਦੁਰ ਜੀ ਦੇ ਜੀਵਨ ਅਤੇ ਬਿਹਾਰ ਦੀ ਇਸ ਪਵਿੱਤਰ ਧਰਤੀ ਦੇ ਸਾਂਝੇ ਸਾਂਸਕ੍ਰਿਤਿਕ ਅਤੇ ਆਤਮਿਕ ਵਿਰਸੇ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ, ਜਦਕਿ ਡਾ. ਮਾਧਵ ਕੌਸ਼ਿਕ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਸਾਹਿਤ ਅਕਾਦਮੀ ਦੀ ਇਸ ਪਹਿਲ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦੇ ਵਿਸ਼ਾਲ ਪ੍ਰਸਾਰ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ। ਇਸ ਦੋ ਦਿਨਾਂ ਦੇ ਸੈਮੀਨਾਰ ਦੌਰਾਨ ਦੇਸ਼ ਭਰ ਤੋਂ ਆਏ ਪ੍ਰਸਿੱਧ ਸਾਹਿਤਕਾਰ, ਵਿਦਵਾਨ ਅਤੇ ਖੋਜਕਰਤਾ ਆਪਣੇ ਖੋਜ ਪੱਤਰ ਪੇਸ਼ ਕਰਨਗੇ ਅਤੇ ਗੁਰੂ ਤੇਗ ਬਹਾਦੁਰ ਜੀ ਦੇ ਜੀਵਨ, ਦਰਸ਼ਨ ਅਤੇ ਸਿੱਖਿਆਵਾਂ ਦੇ ਵੱਖ-ਵੱਖ ਪੱਖਾਂ 'ਤੇ ਗਹਿਰਾ ਵਿਚਾਰ-ਵਟਾਂਦਰਾ ਕਰਨਗੇ।

ਪ੍ਰੋ. ਰਵੈਲ ਸਿੰਘ ਨੇ ਮੁੱਖ ਭਾਸ਼ਣ ਪੇਸ਼ ਕੀਤਾ। ਉਦਘਾਟਨੀ ਸੈਸ਼ਨ ਦਾ ਸੰਚਾਲਨ ਪ੍ਰੋ. ਹਰਪ੍ਰੀਤ ਕੌਰ, ਪ੍ਰਿੰਸੀਪਲ, ਮਾਤਾ ਸੁੰਦਰੀ ਕਾਲਜ ਫ਼ਾਰ ਵੂਮੈਨ, ਦਿੱਲੀ ਯੂਨੀਵਰਸਿਟੀ ਵੱਲੋਂ ਕੀਤਾ ਗਿਆ। ਸਮਾਗਮ ਦਾ ਸਮਾਪਨ ਧੰਨਵਾਦ ਪ੍ਰਸਤਾਵ ਨਾਲ ਹੋਇਆ, ਜੋ ਸਰਦਾਰ ਲਖਬਿੰਦਰ ਸਿੰਘ, ਸੀਨੀਅਰ ਵਾਈਸ ਪ੍ਰਧਾਨ, ਤਖ਼ਤ ਸ੍ਰੀ ਹਰਿਮੰਦਰ ਜੀ, ਪਟਨਾ ਸਾਹਿਬ ਵੱਲੋਂ ਪੇਸ਼ ਕੀਤਾ ਗਿਆ, ਜਿਸ ਵਿੱਚ ਸਾਰੇ ਅਤਿਥੀਆਂ ਅਤੇ ਭਾਗੀਦਾਰਾਂ ਪ੍ਰਤੀ ਆਭਾਰ ਪ੍ਰਗਟ ਕੀਤਾ ਗਿਆ। ਇਹ ਸੈਮੀਨਾਰ ਨਾ ਸਿਰਫ਼ ਇੱਕ ਅਕਾਦਮਿਕ ਮੰਚ ਸਾਬਤ ਹੋਇਆ, ਸਗੋਂ ਗੁਰੂ ਤੇਗ ਬਹਾਦੁਰ ਜੀ ਦੇ ਆਦਰਸ਼ਾਂ—ਸੱਚ, ਤਿਆਗ ਅਤੇ ਮਨੁੱਖਤਾ—ਨੂੰ ਮੁੜ ਯਾਦ ਕਰਨ ਅਤੇ ਮਜ਼ਬੂਤ ਕਰਨ ਦਾ ਇੱਕ ਪ੍ਰੇਰਣਾਦਾਇਕ ਮੌਕਾ ਵੀ ਬਣਿਆ।

ਇਮੀਗ੍ਰੇਸ਼ਨ ਸਖ਼ਤੀਆਂ ਦਾ ਅਸਰ, ਕੈਨੇਡਾ 'ਚ ਕਿਰਾਏ ਲਈ ਚਾੜ੍ਹੇ ਘਰਾਂ 'ਚ ਬੋਲ ਰਹੇ ਨੇ ਉੱਲੂ

ਪ੍ਰਵਾਸੀਆਂ ਦੀ ਆਮਦ ਘਟੀ, ਪਰ ਘਰਾਂ ਦੀਆਂ ਕੀਮਤਾਂ ਨਾ ਘਟਣ ਕਾਰਨ ਵਿਕਰੀ 'ਚ ਮੰਦੀ

ਔਟਵਾ , 3 ਮਈ (ਚ.ਨ.ਸ.) :ਕੈਨੇਡਾ ਵਿਚ ਜਦੋਂ ਤੋਂ ਇਮੀਗ੍ਰੇਸ਼ਨ 'ਤੇ ਬਰੇਕਾਂ ਲੱਗੀਆਂ ਹਨ ਉਦੋਂ ਤੋਂ ਬਹੁਤ ਸਾਰੇ ਖੇਤਰ ਪ੍ਰਭਾਵਤ ਹੋਏ ਹਨ। ਕੈਨੇਡਾ ਦੇ ਪ੍ਰਮੁੱਖ ਉਦਯੋਗ ਰੀਅਲ ਅਸਟੇਟ ਦੀ ਗੱਲ ਕਰੀਏ ਤਾਂ



ਇਹ ਸੱਭ ਤੋਂ ਵੱਧ ਪ੍ਰਭਾਵਤ ਹੋਈ ਹੈ। ਜਦੋਂ ਕੈਨੇਡਾ ਵਿਚ ਕੌਮਾਂਤਰੀ ਵਿਦਿਆਰਥੀਆਂ ਤੇ ਪਰਵਾਸੀਆਂ ਦੀ ਆਮਦ ਸਿਖਰਾਂ ਉੱਤੇ ਸੀ ਤਾਂ ਇਥੇ ਉਨ੍ਹਾਂ ਲੋਕਾਂ ਨੇ ਧੜਾਧੜ ਘਰ ਖਰੀਦਣੇ ਸ਼ੁਰੂ ਕਰ ਦਿਤੇ ਜਿਨ੍ਹਾਂ ਕੋਲ ਚਾਰ ਪੈਸੇ ਸਨ, ਤਾਂ ਜੋ ਘਰ ਕਿਰਾਏ 'ਤੇ ਚੜ੍ਹਾਅ ਕੇ ਚੋਖੀ ਕਮਾਈ ਕਰ ਸਕਣ। ਇਸ ਨਾਲ ਰੀਅਲ ਅਸਟੇਟ ਦੇ ਕਾਰੋਬਾਰ ਵਿਚ ਉਛਾਲ ਆਇਆ ਤੇ ਘਰਾਂ ਦੀਆਂ ਕੀਮਤਾਂ ਅਸਮਾਨੀ ਚੜ੍ਹ ਗਈਆਂ।ਪਰ ਮਾਰਕ ਕਾਰਨੀ ਦੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਇਮੀਗ੍ਰੇਸ਼ਨ 'ਤੇ ਸਖਤੀਆਂ ਵਧੀਆਂ ਤੇ ਤੇਜ਼ੀ ਨਾਲ ਕੌਮਾਂਤਰੀ ਵਿਦਿਆਰਥੀਆਂ ਸਣੇ ਪਰਵਾਸੀਆਂ ਦੀ ਗਿਣਤੀ ਘਟੀ। ਜਿਹੜੇ ਲੋਕ ਕੈਨੇਡਾ ਵਿਚ ਗ਼ੈਰ-ਕਾਨੂੰਨੀ ਢੰਗ ਨਾਲ ਰਹਿ ਰਹੇ ਸਨ ਜਾਂ ਜਿਨ੍ਹਾਂ ਦੀ ਪੜ੍ਹਾਈ ਪੂਰੀ ਹੋ ਗਈ, ਉਨ੍ਹਾਂ ਨੂੰ ਵਾਪਸ ਅਪਣੇ -ਅਪਣੇ ਮੁਲਕਾਂ ਵਿਚ ਭੇਜਿਆ ਜਾ ਰਿਹਾ ਹੈ। ਕੋਈ ਸਮਾਂ ਸੀ ਜਦੋਂ ਕੈਨੇਡਾ ਵਿਚ ਬੇਸਮੈਂਟਾਂ ਵੀ ਭਰੀਆਂ ਰਹਿੰਦੀਆਂ ਸਨ ਪਰ ਹੁਣ ਇਮੀਗ੍ਰੇਸ਼ਨ 'ਤੇ ਸਖਤੀਆਂ ਤੋਂ ਬਾਅਦ ਮਕਾਨ ਮਾਲਕਾਂ ਨੂੰ ਕਿਰਾਏਦਾਰ ਵੀ ਨਹੀਂ ਲੱਭ ਰਹੇ। ਕੈਨੇਡਾ ਦੇ ਵੱਡੇ ਸ਼ਹਿਰਾਂ 'ਚ ਮਕਾਨ ਖਾਲੀ ਪਏ ਹਨ, ਜਿਥੇ ਘੁੱਗੂ ਬੋਲ ਰਹੇ ਹਨ। ਸਾਲ 2025 ਦੀ ਰੀਪੋਰਟ ਮੁਤਾਬਿਕ ਕੈਨੇਡਾ ਦੀ ਆਬਾਦੀ ਨੂੰ ਬਰੇਕਾਂ ਲੱਗ ਗਈਆਂ। ਆਬਾਦੀ ਵਿਚ ਕੋਈ ਵਾਧਾ ਨਹੀਂ ਹੋਇਆ।

ਪੰਜਾਬੀ ਨੌਜਵਾਨ ਇਟਲੀ ਦੀ ਜਲ ਸੈਨਾ 'ਚ ਹੋਇਆ ਭਰਤੀ

ਨਵਾਂ ਸ਼ਹਿਰ, 3 ਮਈ (ਚ.ਨ.ਸ.) :ਜਸ਼ਨਦੀਪ ਲੱਧੜ ਨੇ ਉੱਚ ਪੱਧਰ ਦੇ ਇਮਤਿਹਾਨ ਪਾਸ ਕਰ ਕੇ 16 ਫ਼ਰਵਰੀ ਨੂੰ ਇਟਲੀ ਦੀ



ਸਮੁੰਦਰੀ ਸੈਨਾ ਵਿਚ ਭਰਤੀ ਹੋ ਕੇ ਇਟਲੀ ਵਿਚ ਪੰਜਾਬੀਆਂ ਦਾ ਮਾਣ ਨਾਲ ਸਿਰ ਉੱਚਾ ਕੀਤਾ ਹੈ। ਜਸ਼ਨਦੀਪ ਲੱਧੜ ਅਪਣੇ ਪਿਤਾ ਅਮਰਨਾਥ ਅਤੇ ਮਾਤਾ ਕੁਲਵਿੰਦਰ ਕੌਰ ਨਾਲ ਪ੍ਰਵਾਰ ਸਮੇਤ ਪਿੰਡ ਪਾਲੋ ਦੈਲ ਕੋਲੇ ਜ਼ਿਲ੍ਹਾ ਬਾਰੀ ਵਿਚ ਰਹਿ ਰਿਹਾ ਹੈ। ਜਸ਼ਨਦੀਪ ਲੱਧੜ 2012 ਵਿਚ ਇਟਲੀ ਆਇਆ ਸੀ।ਮੁਢਲੀ ਸਿਖਿਆ ਉਸ ਨੇ ਪਿੰਡ ਪਾਲੋ ਦੈਲ ਕੋਲੇ ਤੋਂ ਪ੍ਰਾਪਤ ਕੀਤੀ। ਉਚੇਰੀ ਵਿਦਿਆ ਪ੍ਰਾਪਤੀ ਲਈ ਯੂਕਲੀਡ ਕਰਾਸੀਓਲੇ ਨੰਟੀਕਲ ਟੈਕਨੀਕਲ ਆਫ਼ ਬਾਰੀ ਤੋਂ ਸਮੁੰਦਰੀ ਸੈਨਾ ਦਾ ਡਿਪਲੋਮਾ ਕੀਤਾ। ਉਪਰੰਤ ਸਮੁੰਦਰੀ ਸੈਨਾ ਵਿਚ ਭਰਤੀ ਹੋਇਆ। ਇਸ ਸਮੇਂ ਉਹ ਟਰੈਤੋ (ਇਟਲੀ) 'ਚ ਨੌਕਰੀ ਕਰ ਰਿਹਾ ਹੈ।ਜਸ਼ਨਦੀਪ ਨੇ ਕਿਹਾ ਕਿ ਮੈਂ ਅਪਣੀ ਕਾਮਯਾਬੀ ਦਾ ਸਿਹਰਾ ਅਪਣੇ ਮਾਤਾ ਪਿਤਾ ਨੂੰ ਦਿੰਦਾ ਹਾਂ। ਜਸ਼ਨਦੀਪ ਲੱਧੜ ਨੇ ਇਟਲੀ ਵਿਚ ਵਸਦੇ ਪੰਜਾਬੀ ਭਾਈਚਾਰੇ ਨੂੰ ਸੁਨੇਹਾ ਦਿੰਦਿਆਂ ਕਿਹਾ ਕਿ ਅਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਉ। ਉੱਚ ਵਿਦਿਆ ਗ੍ਰਹਿਣ ਕਰਨ ਸਦਕਾ ਹੀ ਅੱਜ ਜਸ਼ਨਦੀਪ ਲੱਧੜ ਸਮੁੰਦਰੀ ਸੈਨਾ ਵਿਚ ਨੌਕਰੀ ਕਰ ਰਿਹਾ ਹੈ ਜੋ ਸਮੁੱਚੇ ਪੰਜਾਬੀਆਂ ਲਈ ਮਾਣ ਵਾਲੀ ਗੱਲ ਹੈ।

ਇਤਿਹਾਸਿਕ ਪ੍ਰਾਪਤੀ: ਕਰਮਬੀਰ ਸਿੰਘ ਬਣਿਆ ਸਾਬਤ-ਸੂਰਤ ਸਿੱਖ ਪਹਿਲਾ ਮਰੀਨ ਇੰਜੀਨੀਅਰ

ਚੰਡੀਗੜ੍ਹ, 3 ਮਈ (ਚ.ਨ.ਸ.) : ਕੈਨੇਡਾ ਵਿੱਚ ਸਿੱਖ ਭਾਈਚਾਰੇ ਲਈ ਅੱਜ ਦਾ ਦਿਨ ਇਤਿਹਾਸਕ ਸਾਬਿਤ ਹੋਇਆ ਹੈ। ਲੰਮੇ ਸੰਘਰਸ਼ ਅਤੇ ਕਾਨੂੰਨੀ ਚਾਰਾਜੋਈ ਤੋਂ ਬਾਅਦ ਸਿੱਖ ਕਰਮਚਾਰੀਆਂ ਲਈ ਸਮੁੰਦਰੀ ਖੇਤਰ (ਮਰੀਨ ਸੈਕਟਰ) ਵਿੱਚ ਦਾੜ੍ਹੇ ਅਤੇ ਦਸਤਾਰ ਨਾਲ ਸਬੰਧਤ ਪੁਰਾਣੇ ਤੇ ਵਿਤਕਰੇ ਭਰੇ ਨਿਯਮਾਂ ਨੂੰ ਖ਼ਤਮ ਕਰ ਦਿੱਤਾ ਗਿਆ ਹੈ। ਗੁਰਦਾਸਪੁਰ ਜ਼ਿਲ੍ਹੇ ਦੇ ਧਾਰੀਵਾਲ ਨੇੜਲੇ ਪਿੰਡ ਕਾਂਗ ਦੇ ਰਹਿਣ ਵਾਲੇ ਕਰਮਬੀਰ ਸਿੰਘ ਕਾਂਗ ਕੈਨੇਡਾ ਦੇ ਪਹਿਲੇ ਅਜਿਹੇ ਸਿੱਖ ਮਰੀਨ ਇੰਜੀਨੀਅਰ ਬਣ ਗਏ ਹਨ,



ਜੋ ਪੂਰੇ ਪ੍ਰਕਾਸ਼ ਦਾੜ੍ਹੇ ਨਾਲ 'ਬੀ.ਸੀ. ਫੈਰੀਜ਼' ਵਿੱਚ ਸੇਵਾਵਾਂ ਨਿਭਾਉਣਗੇ।ਜ਼ਿਕਰਯੋਗ ਹੈ ਕਿ ਸਾਲਾਂ ਤੋਂ ਸਮੁੰਦਰੀ ਜਹਾਜ਼ਾਂ ਵਿੱਚ ਸੁਰੱਖਿਆ ਨਿਯਮਾਂ ਦਾ ਹਵਾਲਾ ਦੇ ਕੇ ਦਾੜ੍ਹੇ ਅਤੇ ਦਸਤਾਰ 'ਤੇ ਪਾਬੰਦੀਆਂ ਲਗਾਈਆਂ ਗਈਆਂ ਸਨ, ਜੋ ਸਿੱਖਾਂ ਲਈ ਇਸ ਖੇਤਰ ਵਿੱਚ ਵੱਡੀ ਰੁਕਾਵਟ ਸਨ। ਕਰੀਬ ਚਾਰ ਸਾਲਾਂ ਦੀ ਜੱਦੋ-ਜਹਿਦ ਤੋਂ ਬਾਅਦ 'ਵਰਲਡ ਸਿੱਖ ਆਰਗੇਨਾਈਜ਼ੇਸ਼ਨ' ਅਤੇ 'ਬੀ.ਸੀ. ਫੈਰੀਜ਼ ਐਂਡ ਮਰੀਨ ਵਰਕਸ ਯੂਨੀਅਨ' ਵਿਚਕਾਰ ਹੋਏ ਇੱਕ ਅਹਿਮ ਸਮਝੌਤੇ ਨੇ ਇਨ੍ਹਾਂ ਨਿਯਮਾਂ ਨੂੰ ਬਦਲਣ ਦਾ ਰਾਹ ਪੱਧਰਾ ਕੀਤਾ। ਇਸ ਫੈਸਲੇ ਨਾਲ ਨਾ ਸਿਰਫ਼ ਕਰਮਬੀਰ ਸਿੰਘ ਦੀ ਨਿਯੁਕਤੀ ਹੋਈ, ਸਗੋਂ ਗੁਰਪ੍ਰੀਤ ਸਿੰਘ ਬਾਜਵਾ ਵੀ ਸੰਸਥਾ ਦੇ ਪਹਿਲੇ ਦਸਤਾਰਧਾਰੀ ਡੈੱਕ ਅਫ਼ਸਰ ਅਤੇ ਕੈਪਟਨ ਬਣੇ ਹਨ।ਵਰਲਡ ਸਿੱਖ ਆਰਗੇਨਾਈਜ਼ੇਸ਼ਨ ਦੇ ਪ੍ਰਧਾਨ ਡੈਨਿਸ਼ ਸਿੰਘ ਨੇ ਇਸ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਫੈਸਲਾ ਬ੍ਰਿਟਿਸ਼ ਕੋਲੰਬੀਆ ਵਿੱਚ ਬਰਾਬਰੀ ਅਤੇ ਮਨੁੱਖੀ ਅਧਿਕਾਰਾਂ ਦੀ ਦਿਸ਼ਾ ਵਿੱਚ ਇੱਕ ਮੀਲ ਪੱਥਰ ਸਾਬਿਤ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਜਿੱਤ ਉਨ੍ਹਾਂ ਸਾਰੇ ਸਿੱਖਾਂ ਦੀ ਹੈ ਜੋ ਆਪਣੇ ਧਰਮ ਅਤੇ ਕਿੱਤੇ ਵਿੱਚ ਤਾਲਮੇਲ ਬਿਠਾਉਣ ਲਈ ਸੰਘਰਸ਼ ਕਰ ਰਹੇ ਸਨ।

ਸਿਨਰ ਨੇ ਆਪਣੇ ਕਰੀਅਰ ਦੀ 350ਵੀਂ ਜਿੱਤ ਦਰਜ ਕੀਤੀ

ਮੈਡ੍ਰਿਡ, 3 ਮਈ (ਚ.ਨ.ਸ.) : ਵਿਸ਼ਵ ਦੇ ਨੰਬਰ ਇਕ ਖਿਡਾਰੀ ਜਾਨਿਕ ਸਿਨਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਕਰੀਅਰ ਦੀ 350ਵੀਂ ਜਿੱਤ ਹਾਸਲ ਕੀਤੀ ਅਤੇ ਪਹਿਲੀ ਵਾਰ ਮੈਡ੍ਰਿਡ ਓਪਨ

ਅਗਰਵਾਲ ਸਮਾਜ ਦਾ ਸਥਾਪਨਾ ਦਿਵਸ ਮਨਾਉਣ ਸੰਬੰਧੀ ਮੀਟਿੰਗ



ਸੁਨਾਮ ਊਧਮ ਸਿੰਘ ਵਾਲਾ, 3 ਮਈ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) : ਅਖਿਲ ਭਾਰਤੀਆ ਅਗਰਵਾਲ ਮੰਤਰੀ ਸੰਘ ਵੱਲੋਂ ਚੰਡੀਗੜ੍ਹ ਵਿਖੇ ਮਨਾਏ ਜਾ ਰਹੇ ਅਗਰਵਾਲ ਸਮਾਜ ਸਥਾਪਨਾ ਦਿਵਸ ਨੂੰ ਲੈ ਕੇ ਸੁਨਾਮ 'ਚ ਅਗਰਵਾਲ ਸਮਾਜ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਅਖਿਲ ਭਾਰਤੀਆ ਅਗਰਵਾਲ ਮੰਤਰੀ ਸੰਘ ਦੇ ਸਾਬਕਾ ਮੰਤਰੀ ਹਰਿਆਣਾ ਸਰਕਾਰ ਸ੍ਰੀ ਅਸੀਮ ਗੋਇਲ ਅਤੇ ਸ੍ਰੀ ਅਨੁਜ ਛਾਹੜੀਆ ਖੰਨਾ ਵਿਸ਼ੇਸ਼ ਤੌਰ 'ਤੇ ਇਸ ਮੀਟਿੰਗ ਵਿੱਚ ਪੁੱਜੇ ਅਤੇ ਉਹਨਾਂ ਵੱਲੋਂ ਅਗਰਵਾਲ ਸਮਾਜ ਸਥਾਪਨਾ ਦਿਵਸ ਦੇ ਮੌਕੇ 'ਤੇ ਵੱਡੀ ਗਿਣਤੀ ਦੇ ਵਿੱਚ ਚੰਡੀਗੜ੍ਹ ਵਿਖੇ 12 ਮਈ ਨੂੰ ਦੁਸ਼ਹਿਰਾ ਗਰਾਊਂਡ ਸਮਾਜ ਦੇ ਇਕੱਠ ਲਈ ਮੀਟਿੰਗ ਕੀਤੀ ਗਈ ਬਾਰੇ ਜਾਗਰੂਕ ਕਰਨਗੇ ਇਸ ਮੌਕੇ ਉਹਨਾਂ ਨੇ ਕਿਹਾ ਕਿ ਪੰਡਿਤ ਵਿਜੇ ਮੋਹਤਾ ਉਜੈਨ ਵਾਲੇ ਮਹਾਰਾਜ ਅਗਰਸੈਨ ਜੀ ਅਤੇ ਅਗਰਵਾਲ ਸਮਾਜ ਆਸੀਮ ਗੋਇਲ ਜੀ ਵੱਲੋਂ ਮਹਾਰਾਜਾ ਅਗਰਸੈਨ ਜੀ ਦੇ ਜੀਵਨ 'ਤੇ ਚਾਨਣਾ ਪਾਇਆ ਗਿਆ ਅਤੇ ਇਸ ਦੌਰਾਨ ਸ਼੍ਰੀ ਅਨੁਜ ਛਾਹੜੀਆ ਜੀ ਵੱਲੋਂ ਸੰਮੇਲਨ ਮੈਤਰੀ ਸੰਘ ਵੱਲੋਂ ਚੰਡੀਗੜ੍ਹ ਵਿਖੇ ਸਥਾਪਨਾ ਦਿਵਸ ਮਨਾਇਆ ਜਾ ਰਿਹਾ ਜੋ ਕਿ ਬਹੁਤ ਵਧੀਆ ਉਪਰਾਲਾ ਹੈ ਅਤੇ ਸਾਨੂੰ ਸਾਰਿਆਂ ਨੂੰ ਸਾਥ ਦੇਣਾ ਚਾਹੀਦਾ ਹੈ

ਇਸ ਮੌਕੇ ਚੇਅਰਮੈਨ ਰਵੀ ਕਮਲ ਗੋਇਲ, ਕ੍ਰਿਸ਼ਨ ਸੰਦੋਹਾ, ਹਰੀਦੇਵ ਗੋਇਲ, ਇੰਜੀਨੀਅਰ ਰਜੇਸ਼ ਗਰਗ, ਰਜੀਵ ਗਰਗ, ਸੁਸ਼ੀਲ ਗਰਗ ਰਿੰਕਾ, ਯੋਗੇਸ਼ ਗਰਗ, ਸ਼ੰਕਰ ਬਾਂਸਲ, ਸ਼ੈਲੀ ਬਾਂਸਲ, ਰਿੰਕੂ ਆਲਮਪੁਰੀਆ, ? ਰਜੀਵ ਬਿੱਟੂ, ਟਿੰਮੀ ਬੰਸਲ, ਸੰਤੋਸ਼ ਕੁਮਾਰ, ਰੇਵਾ ਛਾਹੜੀਆ, ਨਰੇਸ਼ ਛਾਹੜੀਆ ਵਰੁਣ ਬਾਂਸਲ , ਦੀਪਕ ਕੁਮਾਰ ਅਤੇ ਹੋਰ ਮੌਜੂਦ ਸੀ।

ਹਿਮਾਂਸ਼ੂ ਦਾਨੀਆ ਯਾਦਗਾਰੀ ਸਿਲਾਈ ਸੈਂਟਰ ਵਿਖੇ 'ਪ੍ਰੈਸ ਦੀ ਆਜ਼ਾਦੀ' ਦਾ ਕੌਮਾਂਤਰੀ ਦਿਹਾੜਾ ਮਨਾਇਆ



ਬਰਨਾਲਾ, 3 ਮਈ (ਸੁਖਵਿੰਦਰ ਸਿੰਘ ਭੰਡਾਰੀ) : ਹਿਮਾਂਸ਼ੂ ਦਾਨੀਆ ਯਾਦਗਾਰੀ ਸਿਲਾਈ ਸੈਂਟਰ ਰਾਹੀ ਬਸਤੀ ਬਰਨਾਲਾ ਵਿਖੇ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੋਸਾਇਟੀ ਬਰਨਾਲਾ ਵੱਲੋਂ ਪ੍ਰੈਸ ਦੀ ਆਜ਼ਾਦੀ ਦਾ ਕੌਮਾਂਤਰੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਗੁਰਮੀਤ ਸਿੰਘ ਮੀਮਸਾ ਪ੍ਰਧਾਨ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਬਰਨਾਲਾ , ਸਮਾਜ ਸੇਵੀ ਗਿਆਨੀ ਅਵਤਾਰ ਸਿੰਘ ਲੀਲਾ ਅਤੇ ਵਾਤਾਵਰਨ ਪ੍ਰੇਮੀ ਰਾਜੇਸ਼ ਭੁਟਾਨੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੱਤਰਕਾਰਤਾ ਨੂੰ ਲੋਕਤੰਤਰ ਦਾ ਚੌਥਾ ਥੰਮ੍ਹ ਕਿਹਾ ਜਾਂਦਾ ਹੈ। ਦੁਨੀਆ ਦੇ ਬਹੁਤ ਸਾਰੇ ਦੇਸ਼ਾਂ 'ਚ ਪ੍ਰੈਸ, ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਦੇ ਅਧਿਕਾਰਾਂ, ਲੋਕਾਂ ਨੂੰ ਸਹੀ ਜਾਣਕਾਰੀ ਪਹੁੰਚਾਉਣ ਦੇ ਅਧਿਕਾਰਾਂ ਅਤੇ ਬਿਨਾਂ ਕਿਸੇ ਡਰ ਅਤੇ ਦਬਾਅ ਦੇ ਕੰਮ ਕਰਨ ਦੇ ਅਧਿਕਾਰਾਂ ਤੋਂ ਵਾਂਝੀ ਹੈ। ਇਸ ਦੌਰਾਨ ਸਮਾਜ ਸੇਵੀ ਹਰਮਨਜੀਤ ਸਿੰਘ ਰੁਪਾਲ, ਸਮਾਜ ਸੇਵੀ ਰਾਕੇਸ਼ ਜਿੰਦਲ ਅਤੇ ਡਾ: ਰਾਜੀਵ ਸ਼ਰਮਾ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਪੱਤਰਕਾਰਾਂ ਲਈ ਘੱਟੋ ਘੱਟ ਯੋਗਤਾ ਗ੍ਰੈਜੂਏਸ਼ਨ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਪ੍ਰੈਸ ਲਈ ਬਹੁਤ ਜ਼ਰੂਰੀ ਹੈ ਪ੍ਰੰਤੂ ਇਸ ਆਜ਼ਾਦੀ ਦੀ ਵੀ ਇਕ ਸੀਮਾ ਹੋਣੀ ਚਾਹੀਦੀ ਹੈ। ਉਨ੍ਹਾਂ ਅੱਗੇ ਕਿਹਾ ਕਿ 'ਰਿਪੋਰਟਰਜ਼ ਵਿਦਾਊਟ ਬਾਰਡਰਜ਼' ਵੱਲੋਂ ਵਿਸ਼ਵ ਪ੍ਰੈਸ ਫ੍ਰੀਡਮ ਇੰਡੈਕਸ - 2026 ਦੀ ਰਿਪੋਰਟ ਜਾਰੀ ਕਰਦਿਆਂ ਕਿਹਾ ਕਿ ਵਿਸ਼ਵ ਚ ਮੀਡੀਆ ਦੀ ਆਜ਼ਾਦੀ ਦੇ ਸੰਬੰਧ ਵਿੱਚ 180 ਮੁਲਕਾਂ 'ਚੋਂ ਭਾਰਤ 157ਵੇਂ ਸਥਾਨ 'ਤੇ ਹੈ । ਇਹ ਵੀ ਦੇਖਣ 'ਚ ਆਉਂਦਾ ਹੈ ਕਿ ਜਦੋਂ ਸਰਕਾਰਾਂ, ਅਦਾਰੇ ਜਾਂ ਵਿਅਕਤੀਆਂ ਵੱਲੋਂ ਪ੍ਰੈਸ ਨੂੰ ਇਸ਼ਤਿਹਾਰ ਦਿੱਤੇ ਜਾਂਦੇ ਹਨ, ਤਾਂ ਮੀਡੀਆ, ਉਸ ਸਰਕਾਰ, ਇਸ਼ਤਿਆਰ ਦੇਣ ਵਾਲੇ ਵਿਅਕਤੀ ਦੇ ਗਲਤ ਕੰਮਾਂ ਤੇ ਚੁੱਪੀ ਧਾਰ ਲੈਂਦੇ ਹਨ। ਸੋ ਸਰਕਾਰਾਂ, ਮੀਡੀਆ ਅਦਾਰਿਆਂ , ਪ੍ਰੈਸ ਕਲੱਬਾਂ ਅਤੇ ਲੋਕਾਂ ਨੂੰ ਮਿਲ ਕੇ ਪ੍ਰੈਸ ਦੀ ਆਜ਼ਾਦੀ ਨੂੰ ਬਹਾਲ ਕਰਨ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ। ਅੰਤ 'ਚ ਸੁਖਵਿੰਦਰ ਸਿੰਘ ਭੰਡਾਰੀ ਨੇ ਸਭਨਾਂ ਦਾ ਧੰਨਵਾਦ ਕੀਤਾ।

ਕਾਲੇਕੇ ਆਦਰਸ਼ ਸਕੂਲ ਦੀ ਦੁਰਦਸ਼ਾ ਉਜਾਗਰ - ਸਾਇੰਸ ਅਧਿਆਪਕਾਂ ਦੀ ਘਾਟ ਤੇ ਖ਼ਰਾਬ ਰਸਤੇ ਕਾਰਨ ਵਿਦਿਆਰਥੀ ਪ੍ਰੇਸ਼ਾਨ



ਬਰਨਾਲਾ, 3 ਮਈ (ਹਮੀਰ ਸਿੰਘ) : ਆਦਰਸ਼ ਸਕੂਲ 2007 ਵਿੱਚ ਐੱਸ ਏ ਡੀ ਅਤੇ ਭਾਜਪਾ ਰਾਜ ਸਮੇਂ ਪੇਂਡੂ ਹਲਕਿਆਂ ਵਿੱਚ ਬੱਚਿਆਂ ਨੂੰ ਅੰਗਰੇਜ਼ੀ ਸਕੂਲਾਂ ਦੇ ਮੁਕਾਬਲੇ ਬਿਹਤਰ ਸਿੱਖਿਆ ਪ੍ਰਦਾਨ ਕਰਨ ਲਈ ਸਰਕਾਰ ਨੇ ਸਕੀਮ ਦਾ ਨਿਰਮਾਣ ਕੀਤਾ ਸੀ 25 ਸਕੂਲ ਖੋਲ੍ਹੇ ਗਏ ਸਨ ਜਿਨ੍ਹਾਂ ਵਿੱਚ ਅੰਗਰੇਜ਼ੀ ਮਾਧਿਅਮ ਵਿੱਚ ਮੁਫ਼ਤ ਪੜਾਈ ਕਰਵਾਈ ਜਾਂਦੀ ਹੈ ਇਹਨਾਂ ਸਕੂਲਾਂ ਵਿੱਚ ਮੁਫ਼ਤ ਵਿਦਿਆ ਦੇ ਨਾਲ ਨਾਲ ਕਿਤਾਬਾ ਯੂਨੀਫ਼ਾਰਮ ਅਤੇ ਮਿਆਰੀ ਖਾਣਾ ਭੀ ਮੁਫ਼ਤ ਬੱਚਿਆਂ ਨੂੰ ਦਿੱਤਾ ਜਾਂਦਾ ਹੈ ਇਹ ਜਾਣਕਾਰੀ ਪ੍ਰੈਸ ਦੇ ਨਾ ਬਿਆਨ ਜਾਰੀ ਕਰਦਿਆ ਭਾਜਪਾ ਹਲਕਾ ਇੰਚਾਰਜ ਭਦੌੜ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਦੱਸਿਆ ਸਾਡੇ ਜ਼ਿਲ੍ਹੇ ਅੰਦਰ ਭੀ ਇਕ ਆਦਰਸ਼ ਸਕੂਲ ਕਾਲੇਕੇ ਪਿੰਡ ਖੋਲਿਆ ਗਿਆ ਸੀ, ਜਿਸ ਦੀ ਅੱਜਕਲ੍ਹ ਬਹੁਤ ਬੁਰੀ ਦੁਰਦਸ਼ਾ ਹੈ ਵੈਸੇ ਤਾਂ ਸਾਰੇ ਹੀ ਆਦਰਸ਼ ਸਕੂਲਾਂ ਦੀ ਹਾਲਤ ਮਾੜੀ ਹੈ ਕਾਲੇਕੇ ਸਕੂਲ ਪਹੁੰਚਣ ਲਈ ਮੇਨ ਸੜਕ ਤੋਂ ਸਕੂਲ ਤੱਕ ਤਕਰੀਬਨ ਡੇਢ ਕਿਲੋਮੀਟਰ ਦਾ ਰਸਤਾ ਬੇਹੱਦ ਹੀ ਤਰਸਯੋਗ ਹਾਲਤ ਵਿੱਚ ਖਾਸ ਕਰ ਜਦ ਥੋੜੀ ਜੀ ਭੀ ਬਾਰਸ ਪੈ ਜਾਵੇ ਤਾਂ ਬੱਚਿਆਂ ਨੂੰ ਲੰਘਣਾ ਬਹੁਤ ਹੀ ਮੁਸ਼ਕਲ ਹੋ ਜਾਂਦਾ ਹੈ 2022 ਤੋਂ ਬਾਦ ਕੋਈ ਭੀ ਸਾਇੰਸ ਦਾ ਟੀਚਰ ਇਸ ਸਕੂਲ ਵਿੱਚ ਨਹੀਂ ਹੈ ਪਹਿਲਾ 40 ਤੋਂ 50 ਬੱਚੇ ਮੈਡੀਕਲ ਅਤੇ ਨਾਨ ਮੈਡੀਕਲ ਕਲਾਸਾਂ ਵਿੱਚ ਸਨ ਪ੍ਰੰਤੂ 22 ਤੋਂ ਬਾਦ ਇਹਨਾਂ ਬੱਚਿਆਂ ਦੀ ਗਿਣਤੀ ਖਤਮ ਹੋ ਗਈ ਤਾਂ ਅੱਜ ਅਗਰ ਦੇਖੀਏ ਤਾਂ ਚਾਰ ਬੱਚੇ ਸਾਇੰਸ ਸਟਰੀਮ ਦੇ ਹਨ ਜਿੰਨਾ ਵਿੱਚੋਂ ਦੋ ਬੱਚੇ ਛੱਡ ਕੇ ਜਾ ਰਹੇ ਹਨ ਅਤੇ ਸਾਫ਼ ਸਾਫ ਨਜ਼ਰ ਆ ਰਿਹਾ ਹੈ ਕਿ ਸਿੱਖਿਆ ਕ੍ਰਾਂਤੀ ਦੀਆ ਸਰੇਆਮ ਧੱਜੀਆਂ ਉੱਡ ਰਹੀਆਂ ਹਨ ਸਿੱਧੂ ਨੇ ਸਿੱਖਿਆ ਮੰਤਰੀ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਤੋਂ ਪੁਰਜੋਰ ਮੰਗ ਕੀਤੀ ਕਿ ਇਸ ਆਦਰਸ਼ ਸਕੂਲ ਵਿੱਚ ਤੁਰੰਤ ਲੋੜੀਂਦੇ ਸਾਇੰਸ ਅਧਿਆਪਕ ਤਾਇਨਾਤ ਕੀਤੇ ਜਾਣ ਅਤੇ ਮੇਨ ਰੋਡ ਤੋਂ ਸਕੂਲ ਤੱਕ ਜਾਣ ਵਾਲੇ ਰਸਤੇ 'ਤੇ ਪੱਕੀ ਸੜਕ ਬਣਾਈ ਜਾਵੇ।

ਸ੍ਰੀ ਸਨਾਤਨ ਧਰਮ ਮੰਦਿਰ ਲਾਲਾ ਬੱਲੀ ਰਾਮ ਵੱਲੋਂ ਪ੍ਰਾਣ ਪ੍ਰਤਿਸ਼ਠਾ ਉਤਸਵ ਅੱਜ



ਸੁਨਾਮ, ਊਧਮ ਸਿੰਘ ਵਾਲਾ, 3 ਮਈ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) : ਪ੍ਰਾਚੀਨ ਸਨਾਤਨ ਧਰਮ ਮੰਦਿਰ ਲਾਲਾ ਬੱਲੀ ਰਾਮ ਸਨਾਤਨ ਧਰਮ ਚੈਰੀਟੇਬਲ ਟਰੱਸਟ ਅਤੇ ਸ਼ਹਿਰ ਨਿਵਾਸੀਆਂ ਮੁਹੱਲਾ ਕੈਲਾਸ਼ ਪਰਬਤ ਦੇ ਸਹਿਯੋਗ ਨਾਲ, ਸ਼੍ਰੀ ਸਨਾਤਨ ਧਰਮ ਮੰਦਿਰ ਦਾ ਸਾਲਾਨਾ ਪ੍ਰਾਣ ਪ੍ਰਤਿਸ਼ਠਾ ਉਤਸਵ ਬੜੀ ਧੂਮਧਾਮ ਅਤੇ ਸ਼ਰਧਾਪੂਰਵਕ ਨਾਲ ਮਨਾਇਆ ਜਾ ਰਿਹਾ ਹੈ। ਇਸ ਪ੍ਰਾਣ ਪ੍ਰਤਿਸ਼ਠਾ ਦੇ ਮੁੱਖ ਜਜਮਾਨ ਸ਼੍ਰੀ ਵਿਕਰਮ ਗਰਗ ਵਿੱਕੀ, ਸਾਬਕਾ ਕੌਂਸਲਰ ਅਤੇ ਡਾ. ਅਤੁਲ ਗੁਪਤਾ, ਲਾਲਾ ਬੱਲੀ ਰਾਮ ਪਰਿਵਾਰ ਦੇ ਮੈਂਬਰ ਹੋਣਗੇ। ਇਸ ਮੌਕੇ 'ਤੇ ਸ਼੍ਰੀ ਰਾਮਾਇਣ ਜੀ ਦੇ ਪਾਠ ਸ਼ੁਰੂ ਕਰਵਾਏ ਗਏ ਜਿਨ੍ਹਾਂ ਦੇ ਭੋਗ ਦਿਨ ਸੋਮਵਾਰ ਸਵੇਰੇ 11 ਵਜੇ ਪਾਏ ਜਾਣਗੇ ਆਰਤੀ ਉਪਰੰਤ ਸੰਗਤਾਂ ਲਈ ਲੰਗਰ ਦਾ ਪ੍ਰਬੰਧ ਪ੍ਰਭੂ ਦੀ ਇੱਛਾ ਤੱਕ ਸਾਰੇ ਸ਼ਰਧਾਲੂਆਂ ਲਈ ਚਲਾਇਆ ਜਾਵੇਗਾ ਇਸ ਮੌਕੇ 'ਤੇ ਪਹੁੰਚਕੇ ਭਗਵਾਨ ਸ਼੍ਰੀ ਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕਰੋ। ਇਸ ਮੌਕੇ ਤੇ ਸਨਾਤਨ ਧਰਮ ਮੰਦਿਰ ਲਾਲਾ ਬੱਲੀ ਰਾਮ ਜੀ ਦੇ ਸਾਰੇ ਮੈਂਬਰ ਵੀ ਮੌਜੂਦ ਸਨ।

ਤਪਾ ਰੇਲਵੇ ਸਟੇਸ਼ਨ 'ਤੇ ਰੇਲਾਂ ਦੀ ਠਹਿਰਾਅ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ



ਤਪਾ ਮੰਡੀ, 3 ਮਈ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਤਪਾ ਰੇਲਵੇ ਸਟੇਸ਼ਨ 'ਤੇ ਰੇਲਾਂ ਦੇ ਠਹਿਰਾਅ ਮੁੜ ਸ਼ੁਰੂ ਨਾ ਹੋਣ ਕਾਰਨ ਇਲਾਕੇ ਦੇ ਲੋਕਾਂ ਨੂੰ ਗੰਭੀਰ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਭਾਵੇਂ ਲੋਕ ਸਭਾ ਮੈਂਬਰ ਵੱਲੋਂ ਇਹ ਮਾਮਲਾ ਸੰਸਦ ਵਿੱਚ ਉਠਾਇਆ ਗਿਆ ਸੀ, ਫਿਰ ਵੀ ਅਜੇ ਤੱਕ ਕੋਈ ਢੰਗ ਦਾ ਹੱਲ ਨਹੀਂ ਨਿਕਲ ਸਕਿਆ। ਤਪਾ ਰੇਲਵੇ ਸਟੇਸ਼ਨ 'ਤੇ ਸਰਾਏ ਰੋਹੀਲਾ, ਕਾਲਕਾ ਅਤੇ ਨੰਦੇੜ ਸਾਹਿਬ ਜਾਣ ਵਾਲੀਆਂ ਗੱਡੀਆਂ ਦਾ ਠਹਿਰਾਅ ਨਾ ਹੋਣ ਕਾਰਨ ਯਾਤਰੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਥਾਨਕ ਲੋਕਾਂ ਨੇ ਦੱਸਿਆ ਕਿ ਉਹ ਕਈ ਵਾਰ ਰੇਲਵੇ ਵਿਭਾਗ ਅਤੇ ਰਾਜਨੀਤਿਕ ਆਗੂਆਂ ਨੂੰ ਮੰਗ ਪੱਤਰ ਦੇ ਚੁੱਕੇ ਹਨ, ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ। ਲੋਕਾਂ ਦਾ ਮੰਨਣਾ ਹੈ ਕਿ ਜੇ ਇੰਟਰਸਿਟੀ ਰੇਲਾਂ ਦਾ ਠਹਿਰਾਅ ਮੁੜ ਸ਼ੁਰੂ ਕੀਤਾ ਜਾਵੇ, ਤਾਂ ਇਲਾਕੇ ਵਿੱਚ ਰੁਜ਼ਗਾਰ ਦੇ ਮੌਕੇ ਵਧ ਸਕਦੇ ਹਨ। ਕੋਰੋਨਾ ਮਹਾਮਾਰੀ ਦੌਰਾਨ ਬੰਦ ਕੀਤੀਆਂ ਗਈਆਂ ਕਈ ਰੇਲਾਂ, ਜਿਵੇਂਕਿ ਸ੍ਰੀ ਗੰਗਾਨਗਰ-ਨੰਦੇੜ ਸਾਹਿਬ (12486) ਅਤੇ ਰਿਸ਼ੀਕੇਸ਼ (14888), ਅਜੇ ਤੱਕ ਮੁੜ ਚਾਲੂ ਨਹੀਂ ਹੋਈਆਂ। ਇਸ ਤੋਂ ਇਲਾਵਾ ਬੀਕਾਨੇਰ-ਸਰਾਏ ਰੋਹੀਲਾ (12456) ਦਾ ਠਹਿਰਾਅ ਵੀ ਇੱਥੇ ਨਹੀਂ ਹੈ, ਜਿਸ ਕਾਰਨ ਦਿੱਲੀ ਨਾਲ ਵਪਾਰ ਕਰਨ ਵਾਲੇ ਵਪਾਰੀਆਂ ਨੂੰ ਵੱਡੀ ਦਿੱਕਤ ਆ ਰਹੀ ਹੈ। ਇਹ ਵੀ ਗੌਰ ਕਰਨਯੋਗ ਹੈ ਕਿ ਤਪਾ ਮੰਡੀ ਸਾਬਕਾ ਰੇਲ ਮੰਤਰੀ ਪਵਨ ਬਾਂਸਲ ਦਾ ਜੱਦੀ ਪਿੰਡ ਹੈ। ਉਨ੍ਹਾਂ ਦੇ ਸਮੇਂ ਦੌਰਾਨ ਸਟੇਸ਼ਨ ਨੂੰ ਅਪਗ੍ਰੇਡ ਕੀਤਾ ਗਿਆ ਸੀ ਅਤੇ ਕਈ ਰੇਲਾਂ ਦੇ ਠਹਿਰਾਅ ਯਕੀਨੀ ਬਣਾਏ ਗਏ ਸਨ। ਭਾਜਪਾ ਮੰਡਲ ਪ੍ਰਧਾਨ ਅਸ਼ਵਨੀ ਕੁਮਾਰ ਬਹੌਲਪੁਰੀਆ ਨੇ ਕਿਹਾ ਕਿ ਇਹ ਮਾਮਲਾ ਉੱਚ ਪੱਧਰ 'ਤੇ ਉਠਾਇਆ ਗਿਆ ਹੈ ਅਤੇ ਰੇਲ ਮੰਤਰੀ ਨਾਲ ਵੀ ਗੱਲਬਾਤ ਹੋ ਚੁੱਕੀ ਹੈ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਜਲਦ ਹੀ ਤਿੰਨ ਰੇਲਾਂ ਦੇ ਠਹਿਰਾਅ ਸਬੰਧੀ ਸਕਾਰਾਤਮਕ ਫੈਸਲਾ ਆ ਸਕਦਾ ਹੈ। ਇਸੇ ਦੌਰਾਨ ਭਾਜਪਾ ਦੇ ਸੀਨੀਅਰ ਆਗੂ ਹਰੀਸ਼ ਕੁਮਾਰ ਗੌਸ਼ਾ ਨੇ ਵੀ ਕਿਹਾ ਕਿ ਇਸ ਮਾਮਲੇ ਨੂੰ ਹੱਲ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਜਾਰੀ ਹਨ। ਦੂਜੇ ਪਾਸੇ, ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਰਾਜਨੀਤਿਕ ਆਗੂ ਵੋਟਾਂ ਦੇ ਸਮੇਂ ਹੀ ਵਪਾਰੀਆਂ ਨੂੰ ਯਾਦ ਕਰਦੇ ਹਨ ਅਤੇ ਬਾਅਦ ਵਿੱਚ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰ ਦਿੱਤਾ ਜਾਂਦਾ ਹੈ।

ਸ਼੍ਰੋਮਣੀ ਅਕਾਲੀ ਦਲ (ਬ) ਹੀ ਪੰਜਾਬ ਦੇ ਲੋਕਾਂ ਨੂੰ ਵਧੀਆ ਰਾਜ ਤੇ ਸਹੂਲਤਾਂ ਦੇ ਸਕਦੈ : ਡਾ. ਗਿੱਲ



ਭਦੌੜ, 3 ਮਈ (ਸੁਖਵਿੰਦਰ ਪਲਾਹਾ) : ਸ਼੍ਰੋਮਣੀ ਅਕਾਲੀ ਦਲ (ਬ) ਹੀ ਪੰਜਾਬ ਦੇ ਲੋਕਾਂ ਨੂੰ ਵਧੀਆ ਰਾਜ ਅਤੇ ਵਧੀਆ ਸਹੂਲਤਾਂ ਦੇ ਸਕਦਾ ਹੈ, ਕਿਉਂਕਿ ਪਿਛਲੇ ਸਮੇਂ ਦੌਰਾਨ ਵੀ ਜੋ ਵਿਕਾਸ ਕਾਰਜ ਪੰਜਾਬ ਵਿੱਚ ਹੋਏ ਹਨ ਉਹ ਅਕਾਲੀ ਸਰਕਾਰ ਦੇ ਰਾਜ ਦੌਰਾਨ ਹੀ ਹੋਏ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ (ਬ) ਦੇ ਸੀਨੀਅਰ ਆਗੂ ਡਾਕਟਰ ਅਵਤਾਰ ਸਿੰਘ ਗਿੱਲ ਨੇ ਪੱਤਰਕਾਰਾਂ ਕੋਲ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿੱਚ ਕੋਈ ਵੀ ਨਵੀਂ ਸਹੂਲਤ ਪੰਜਾਬ ਵਾਸੀਆਂ ਨੂੰ ਨਹੀਂ ਦਿੱਤੀ ,ਜਦਕਿ ਜੋ ਸਹੂਲਤਾਂ ਪੰਜਾਬ ਵਿੱਚ ਚੱਲ ਰਹੀਆਂ ਹਨ ਉਹ ਅਕਾਲੀ ਸਰਕਾਰ ਦੇ ਰਾਜ ਦੌਰਾਨ ਹੀ ਲਾਗੂ ਕਰਕੇ ਪੰਜਾਬ ਦੇ ਲੋਕਾਂ ਦੇ ਹਿਤੈਸ਼ੀ ਹੋਣ ਦਾ ਸਬੂਤ ਦਿੱਤਾ ਸੀ। ਡਾਕਟਰ ਗਿੱਲ ਨੇ ਦੱਸਿਆ ਕਿ ਉਹਨਾਂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਹੁਣ ਝਾੜੂ ਪਾਰਟੀ ਦੀ ਸਰਕਾਰ ਦਾ ਰਾਜ ਵੀ ਵੇਖ ਲਿਆ ਹੈ ਅਤੇ ਹਰ ਇੱਕ ਵਰਗ ਇਸ ਸਰਕਾਰ ਤੋਂ ਪੂਰੀ ਤਰ੍ਹਾਂ ਦੁਖੀ ਹੋ ਚੁੱਕਿਆ ਹੈ ਕਿਉਂਕਿ ਕੋਈ ਵੀ ਕੰਮ ਰਿਸ਼ਵਤ ਤੋਂ ਬਿਨਾਂ ਪੰਜਾਬ ਅੰਦਰ ਨਹੀਂ ਹੋ ਰਿਹਾ ਜਿਸ ਕਾਰਨ ਵੱਡੀ ਪੱਧਰ ਤੇ ਪੰਜਾਬ ਵਿੱਚ ਇਸ ਸਰਕਾਰ ਦੇ ਕਾਰਜਕਾਲ ਦੌਰਾਨ ਭ੍ਰਿਸ਼ਟਾਚਾਰ ਵਿੱਚ ਵਾਧਾ ਹੋਇਆ ਹੈ। ਉਹਨਾਂ ਕਿਹਾ ਕਿ ਪਿਛਲੀਆਂ ਬਲਾਕ ਸੰਮਤੀ ਚੋਣਾਂ ਵਿੱਚ ਲੋਕਾਂ ਨੇ ਆਪਣਾ ਮਨ ਬਣਾ ਲਿਆ ਹੈ ਕਿ 2027 ਵਿੱਚ ਆ ਰਹੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਵੱਡੀ ਪੱਧਰ 'ਤੇ ਜਿੱਤ ਦਵਾ ਕੇ ਮੁੜ ਪੰਜਾਬ ਦਾ ਤਾਜ ਬਖਸ਼ਣਗੇ। ਇਸ ਮੌਕੇ ਤਰਲੋਚਨ ਸਿੰਘ ਡੀਸੀ ,ਸਾਹਿਬ ਸਿੰਘ ਗਿੱਲ, ਬਿੰਦਰ ਲੁਧਰੋਈਆ, ਅਮਨਿੰਦਰ ਗੋਲਡੀ ਆਦਿ ਹਾਜ਼ਰ ਸਨ।

ਵਾਈਐਸ ਜੈਨ ਨੇਕਸਟ ਵ



ਪਟਿਆਲਾ-ਆਸ/ਪਾਸ



ਪੰਜਾਬ ਤੋਂ ਹਜ਼ੂਰ ਸਾਹਿਬ ਵਿਖੇ ਪੁੱਜੀਆਂ ਸੰਗਤਾਂ 'ਚ ਖੁਸ਼ੀ ਦੀ ਲਹਿਰ : ਜਥੇ: ਬਘੌਰਾ



ਘਨੌਰ, 3 ਮਈ (ਮਦਨ ਲਾਲ) : ਪੰਜਾਬ ਤੋਂ ਇੰਡੋ ਕੈਨੇਡੀਅਨ ਬੱਸ ਜੋ ਕਿ ਸੰਗਤਾਂ ਨੂੰ ਸਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ ਵਿਖੇ ਦਰਸ਼ਨ ਕਰਨ ਲਈ ਪੰਜਾਬ ਦੇ ਜ਼ਿਲ੍ਹਾ ਅੰਮ੍ਰਿਤਸਰ ਤੋਂ ਦਰਸ਼ਨ ਦੀਦਾਰ ਕਰਾਉਣ ਲਈ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਲਈ ਰਵਾਨਾ ਹੋਈ ਸੀ। ਇਸ ਦੀ ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਸ਼੍ਰੋਮਣੀ ਅਕਾਲੀ ਦਲ ਨੇ ਕਿਹਾ ਕਿ ਇਸ ਬੱਸ ਦੇ ਵਿੱਚ ਜੋ ਪਸੰਜਰ 40 ਸਨ ਉਹਨਾਂ ਨੂੰ ਅੰਮ੍ਰਿਤਸਰ ਤੋਂ ਚੱਲ ਕੇ ਰਸਤੇ ਵਿੱਚ ਅੰਬਾਲਾ ਕੈਂਟ ਗੁਰਦੁਆਰਾ ਮੰਜੀ ਸਾਹਿਬ ਅਤੇ ਆਗਰਾ ਗੁਰੂ ਕੀ ਤਾਲ ਅਤੇ ਗਵਾਲੀਅਰ ਦਾਤਾ ਬੰਦੀਛੋੜ ਅਤੇ ਹੋਰ ਵੱਖ-ਵੱਖ ਗੁਰਦੁਆਰਿਆਂ ਦੇ ਦਰਸ਼ਨ ਕਰਾਉਣ ਉਪਰੰਤ ਕੱਲ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਪਹੁੰਚੀ ਹੈ, ਇੱਥੇ ਪਹੁੰਚਣ 'ਤੇ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਸੰਗਤਾਂ ਨੂੰ ਇਸ ਸ਼ੁਭ ਅਵਸਰ 'ਤੇ ਜਿੱਥੇ ਸੰਗਤਾਂ ਨੂੰ ਜੀ ਆਇਆਂ ਕਿਹਾ ਅਤੇ ਇੰਡੋ ਕੈਨੇਡੀਅਨ ਜਨਰਲ ਮੈਨੇਜਰ ਗੁਰਸ਼ਰਨ ਸਿੰਘ ਜਥੇਦਾਰ ਰਣਜੀਤ ਸਿੰਘ ਦਾ ਧੰਨਵਾਦ ਕਰਦਿਆਂ ਵਾਹਿਗੁਰੂ ਜੀ ਅੱਗੇ ਅਰਦਾਸ ਕਰਦੇ ਹੋਏ ਸਮੁੱਚੀ ਸਚਖੰਡ ਸ੍ਰੀ ਹਜ਼ੂਰ ਦੇ ਮਨੇਜਮੈਂਟ ਜਿਨ੍ਹਾਂ ਚਰਨਜੀਤ ਸਿੰਘ ਸਿੰਘ ਹੈਡ ਇੰਚਾਰਜ ਦਾ ਵੀ ਧੰਨਵਾਦ ਕੀਤਾ। ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਜੋ ਸੰਗਤਾਂ ਇੱਥੇ ਪਹੁੰਚੀਆਂ ਹਨ ਉਹ ਇਸ ਵਕਤ ਗੁਰੂ ਘਰਾਂ ਦੇ ਦਰਸ਼ਨ ਦੀਦਾਰੇ ਕਰ ਰਹੀਆਂ ਹਨ। ਜਥੇਦਾਰ ਭਗੌਰਾ ਨੇ ਕਿਹਾ ਕਿ ਪਟਨਾ ਸਾਹਿਬ ਦੀ ਕਮੇਟੀ ਵੱਲੋਂ ਵੀ ਇੰਡੋ ਕੈਨੇਡੀਅਨ ਦੇ ਸਟਾਫ ਅੌਰ ਸੰਗਤ ਨੂੰ ਪੂਰਾ ਸਹਿਯੋਗ ਦਿੱਤਾ ਗਿਆ ਹੈ, ਜਿੱਥੇ ਕਿ ਉਹਨਾਂ ਦਾ ਰਹਿਣ ਦਾ ਪ੍ਰਬੰਧ ਅੌਰ ਲੋਕਲ ਗੁਰੂ ਘਰਾਂ ਦੇ ਦਰਸ਼ਨ ਦੀਦਾਰੇ ਕਰਾਉਣ ਦਾ ਵੀ ਭਰੋਸਾ ਦਵਾਇਆ ਹੈ। ਅਸੀਂ ਉਹਨਾਂ ਦਾ ਧੰਨਵਾਦ ਕਰਦੇ ਅੌਰ ਸੰਗਤ ਨੂੰ ਜੀ ਆਇਆਂ ਕਹਿੰਦੇ ਹੋਏ ਉਹ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਇਸੇ ਤਰ੍ਹਾਂ ਹੀ ਸੰਗਤਾਂ ਆਉਂਦੀਆਂ ਰਹਿਣ ਤੇ ਦਰਸ਼ਨ ਦੀਦਾਰੇ ਕਰਦੀਆਂ ਰਹਿਣ। ਅਖੀਰ ਵਿੱਚ ਮੈਂ ਉਸ ਸੱਚੇ ਵਾਹਿਗੁਰੂ ਸ਼ੁਕਰਾਨਾ ਕਰਦਾ ਹੋਇਆ ਸਮੁੱਚੀ ਇੰਡੋ ਕੈਨੇਡੀਅਨ ਟੀਮ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ ਧੰਨਵਾਦ ਕੀਤਾ।

ਗੁਰਸ਼ਰਨ ਕੌਰ ਰੰਧਾਵਾ ਵੱਲੋਂ ਪਰਿਵਾਰ ਸਮੇਤ ਰਾਹੁਲ ਗਾਂਧੀ ਨਾਲ ਮੁਲਾਕਾਤ

ਰਾਹੁਲ ਗਾਂਧੀ ਵੱਲੋਂ ਔਰਤਾਂ ਤੇ ਨੌਜਵਾਨਾਂ ਨੂੰ ਰਾਜਨੀਤੀ 'ਚ ਆਉਣ ਦਾ ਸੱਦਾ



ਸਮਾਣਾ, 3 ਮਈ (ਹਰਜਿੰਦਰ ਸਿੰਘ ਜਵੰਦਾ/ਵਿਜੇ ਕੁਮਾਰ) : ਬੀਤੇ ਦਿਨੀ ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਦੇ ਪ੍ਰਧਾਨ ਬੀਬੀ ਗੁਰਸ਼ਰਨ ਕੌਰ ਰੰਧਾਵਾ ਨੇ ਕਾਂਗੜਾ ਵਿਖੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਤੇ ਕਾਂਗਰਸ ਦੇ ਪ੍ਰਮੁੱਖ ਨੇਤਾ ਸ੍ਰੀ ਰਾਹੁਲ ਗਾਂਧੀ ਨਾਲ ਆਪਣੇ ਪਰਿਵਾਰ ਸਮੇਤ ਮੁਲਕਾਤ ਕੀਤੀ। ਬੀਬੀ ਰੰਧਾਵਾ ਨਾਲ ਰਾਹੁਲ ਗਾਂਧੀ ਨੂੰ ਮਿਲਣ ਵਾਲਿਆਂ ਵਿੱਚ ਉਨ੍ਹਾਂ ਦੇ ਪਤੀ ਤੇ ਜ਼ਿਲ੍ਹਾ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਜਸਵਿੰਦਰ ਸਿੰਘ ਰੰਧਾਵਾ, ਵੱਡੇ ਪੁੱਤਰ ਡਾ. ਕਰਨਸ਼ੇਰ ਸਿੰਘ ਰੰਧਾਵਾ ਤੇ ਛੋਟੇ ਪੁੱਤਰ ਐਡਵੋਕੇਟ ਗੁਰਸ਼ੇਰ ਸਿੰਘ ਰੰਧਾਵਾ ਵੀ ਹਾਜ਼ਰ ਸਨ। ਬੀਬੀ ਰੰਧਾਵਾ ਨੇ ਪ੍ਰੈਸ ਨੂੰ ਇੱਕ ਲਿਖਤੀ ਬਿਆਨ ਰਾਹੀਂ ਦੱਸਿਆ ਕਿ ਰਾਹੁਲ ਗਾਂਧੀ ਦੀ ਸਾਦਗੀ, ਦੂਰਦਰਸ਼ੀ ਸੋਚ ਅਤੇ ਲੋਕਾਂ ਪ੍ਰਤੀ ਸਮਰਪਣ ਭਾਵਨਾ ਚੰਗੀ ਪ੍ਰੇਰਨਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੇ ਸਾਡੇ ਨਾਲ ਪਰਿਵਾਰਕ ਮੈਂਬਰਾਂ ਵਾਂਗ ਵਾਰਤਾ ਕੀਤੀ ਅਤੇ ਅਤੇ ਇੱਕ ਔਰਤ ਹੋਣ ਦੇ ਨਾਤੇ ਮੈਨੂੰ ਆਪਣੇ ਸਿਆਸੀ ਜੀਵਨ ਵਿੱਚ ਆਈਆਂ ਕਠਿਨਾਈਆਂ ਬਾਰੇ ਵੀ ਪੁੱਛਿਆ ਤੇ ਕਿਹਾ ਕਿ ਦੇਸ਼ ਤੇ ਸਮਾਜ ਦੀ ਸੇਵਾ ਲਈ ਔਰਤਾਂ ਤੇ ਨੌਜਵਾਨਾਂ ਦਾ ਅੱਗੇ ਆਉਣਾ ਲਾਜ਼ਮੀ ਹੈ। ਬੀਬੀ ਰੰਧਾਵਾ ਨੇ ਦੱਸਿਆ ਕਿ ਕਾਂਗੜਾ ਵਿਖੇ ਸੰਗਠਨ ਸਿਰਜਨ ਅਭਿਆਨ ਤਹਿਤ ਕਾਂਗਰਸ ਨੇ ਨਵੇਂ ਬਣੇ ਜ਼ਿਲ੍ਹਾ ਪ੍ਰਧਾਨਾਂ ਨੂੰ 10 ਰੋਜ਼ਾ ਟਰੇਨਿੰਗ ਕੈਂਪ ਲਾ ਕੇ ਪੂਰੀ ਤਰ੍ਹਾਂ ਮਜ਼ਬੂਤ ਤੇ ਦ੍ਰਿੜ੍ਹ ਇਰਾਦੇ ਵਾਲੇ ਲੀਡਰ ਬਣਨ ਦਾ ਰਸਤਾ ਦਿਖਾਇਆ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਸੰਗਠਨ ਸਿਰਜਨ ਅਭਿਆਨ ਵਿੱਚੋਂ ਨਿਕਲੇ ਜ਼ਿਲ੍ਹਾ ਪ੍ਰਧਾਨ 10 ਰੋਜ਼ਾ ਕੈਂਪ ਅਟੈਂਡ ਕਰ ਲਿਆ ਉਹ ਪਹਿਲਾਂ ਨਾਲੋਂ ਵਧੇਰੇ ਮਜ਼ਬੂਤ ਹੋ ਕੇ ਲੋਕਾਂ ਦੇ ਵਿੱਚ ਸ਼ਿਰਕਤ ਕਰਨਗੇ ਅਤੇ ਲੋੜਵੰਦ ਅਤੇ ਦਬੇ ਕੁਚਲੇ ਲੋਕਾਂ ਦੀ ਆਵਾਜ਼ ਚੱਕਣ ਵਿੱਚ ਕੋਈ ਕਸਰ ਨਹੀਂ ਛੱਡਣਗੇ। ਬੀਬੀ ਰੰਧਾਵਾ ਨੇ ਕਿਹਾ ਕਿ ਇਸ ਕੈਂਪ ਵਿੱਚ ਸ੍ਰੀ ਰਾਹੁਲ ਗਾਂਧੀ ਨੇ ਪੰਜਾਬ ਦੇ ਜ਼ਿਲ੍ਹਾ ਪ੍ਰਧਾਨਾਂ ਨਾਲ ਤਿੰਨ ਘੰਟੇ ਤੋਂ ਵੱਧ ਦਾ ਸਮਾਂ ਬਿਤਾਇਆ ਤੇ ਇਸੇ ਦੌਰਾਨ ਉਨ੍ਹਾਂ ਨੂੰ ਕਾਂਗਰਸ ਦੇ ਸੰਗਠਨ ਨੂੰ ਮਜ਼ਬੂਤ ਬਣਾਉਣ ਲਈ ਬਹੁਤ ਸਾਰੀਆਂ ਉਦਾਹਰਨਾਂ ,ਕਹਾਵਤਾਂ ਅਤੇ ਪੁਰਾਤਨ ਕਾਲ ਦੀਆਂ ਕਹਾਣੀਆਂ ਤੱਕ ਸੁਣਾਈਆਂ ਅਤੇ ਸਾਰੇ ਜ਼ਿਲ੍ਹਾ ਪ੍ਰਧਾਨਾਂ ਨੂੰ ਜ਼ਮੀਨ ਨਾਲ ਜੁੜਕੇ ਲੋਕ ਸੇਵਾ ਕਰਨ ਦੀ ਪ੍ਰੇਰਨਾ ਦਿੱਤੀ। ਬੀਬੀ ਰੰਧਾਵਾ ਨੇ ਕਿਹਾ ਕਿ ਮੈਨੂੰ ਪੂਰਨ ਭਰੋਸਾ ਹੈ, ਜਿਸਨੇ ਸ੍ਰੀ ਰਾਹੁਲ ਗਾਂਧੀ ਦਾ ਇਹ ਜ਼ਿੰਦਗੀ ਵਿੱਚ ਕਦੀ ਵੀ ਸਿਆਸੀ ਤੌਰ 'ਤੇ ਮਾਰ ਨਹੀਂ ਖਾਏਗਾ ਤੇ ਲੋਕਾਂ ਦੀ ਆਵਾਜ਼ ਚੁੱਕਣ ਵਿੱਚ ਕੋਈ ਕਸਰ ਨਹੀਂ ਛੱਡੇਗਾ। ਇਸ ਕੈਂਪ ਵਿੱਚ ਏਆਈਸੀਸੀ ਦੇ ਜਨਰਲ ਸਕੱਤਰ ਇੰਚਾਰਜ ਕੇ.ਸੀ ਵੇਣੂਗੋਪਾਲ, ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ, ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਂਸਦ ਸ਼ਸ਼ੀਕਾਂਤ ਸੈਂਥਿਲ, ਕੈਂਪ ਦੇ ਇੰਚਾਰਜ ਸਚਿਨ ਰਾਓ, ਰੂਟ ਇੰਚਾਰਜ ਮਨੋਜ ਤਿਆਗੀ, ਸਲਾਹਕਾਰ ਅਲੰਕਾਰ, ਪੀਪੀਸੀਸੀ ਦੇ ਸਹਿ ਇੰਚਾਰਜ ਰਵਿੰਦਰ ਡਲਵੀ, ਹੀਨਾ ਕਾਵਰੇ, ਸੂਰਜ ਠਾਕੁਰ, ਸਾਬਕਾ ਮੰਤਰੀ ਵਿਜੇਇੰਦਰ ਸਿੰਗਲਾ ਨੇ ਜਿੱਥੇ ਕੈਂਪ ਵਿੱਚ ਹਿੱਸਾ ਲਿਆ ਉੱਥੇ ਆਪਣੇ ਵਿਚਾਰ ਵੀ ਰੱਖੇ।

ਦੋ ਦਿਨਾਂ ਸਾਲਾਨਾ ਮੂਰਤੀ ਸਥਾਪਨਾ ਉਤਸਵ ਸੰਪੰਨ



ਸਮਾਣਾ, 3 ਮਈ (ਵਿਜੇ ਕੁਮਾਰ) : ਮੰਦਿਰ ਸ੍ਰੀ ਸਿੱਧ ਮਹਾਂਵੀਰ ਜੀ ਅਤੇ ਧਰਮਸ਼ਾਲਾ ਕਮੇਟੀ ਵੱਲੋਂ ਸੰਸਥਾ ਪ੍ਰਧਾਨ ਵਿਨੋਦ ਕੁਮਾਰ ਬੱਬਰ ਅਤੇ ਸਮੂਹ ਕਮੇਟੀ ਅਹੁਦੇਦਾਰ ਦੀ ਅਗਵਾਈ 'ਚ 21ਵਾਂ ਸਲਾਨਾ ਮੂਰਤੀ ਸਥਾਪਨਾ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ, ਜਿਸ ਵਿਚ ਭਜਨ ਗਾਇਕ ਭਾਵੀ ਸੁਖੀਜਾ ਨੇ ਭਜਨ ਗਾਇਨ ਅਤੇ ਮਹਿਲਾਵਾਂ ਨੇ ਸੰਕੀਰਤਨ ਰਾਹੀਂ ਸੰਗਤਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਇਸ ਮੌਕੇ ਸ਼ਹਿਰ ਦੀਆਂ ਰਾਜਨੀਤਿਕ, ਸਮਾਜਿਕ, ਧਾਰਮਿਕ ਸੰਸਥਾਵਾਂ ਦੇ ਆਗੂਆਂ ਅਤੇ ਸ਼ਹਿਰ ਨਿਵਾਸੀਆਂ ਨੇ ਨਤਮਸਤਕ ਹੋ ਕੇ ਸ਼੍ਰੀ ਮਹਾਵੀਰ ਜੀ ਦੀ ਪ੍ਰਤਿਮਾ ਅੱਗੇ ਮੱਥਾ ਟੇਕਿਆ। ਮੰਦਰ ਕਮੇਟੀ ਵੱਲੋਂ ਸਾਰੇ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਸੰਸਥਾ ਵੱਲੋਂ ਵਿਸ਼ਾਲ ਭੰਡਾਰਾ ਵੀ ਚਲਾਇਆ ਗਿਆ।

ਹਰਚੰਦ ਸਿੰਘ ਬਰਸਟ ਵੱਲੋਂ ਪਿੰਡ ਗੁਰੂ ਨਾਨਕ ਨਗਰ ਵਿਖੇ ਵਲੰਟੀਅਰਾਂ ਨਾਲ ਮੁਲਾਕਾਤ

ਸਮਾਣਾ, 3 ਮਈ (ਵਿਜੇ ਕੁਮਾਰ/ਜਵੰਦਾ) : ਆਮ ਆਦਮੀ ਪਾਰਟੀ ਦੀ ਮਜ਼ਬੂਤੀ ਅਤੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦੇ ਮਕਸਦ ਨਾਲ ਅੱਜ ਹਲਕਾ ਸਮਾਣਾ ਅਧੀਨ ਆਉਂਦੇ ਵਾਰਡ ਨੰਬਰ 5 ਦੇ ਪਿੰਡ ਗੁਰੂ ਨਾਨਕ ਨਗਰ ਵਿਖੇ ਵਲੰਟੀਅਰ ਮਿਲਣੀ ਦਾ ਆਯੋਜਨ ਕੀਤਾ ਗਿਆ। ਇਹ ਮਿਲਣੀ ਸਰਪੰਚ ਜਤਿੰਦਰ ਸਿੰਘ ਸੋਨੂੰ ਦੇ ਗ੍ਰਹਿ ਵਿਖੇ ਹੋਈ, ਜਿਸ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਹਲਕਾ ਸਮਾਣਾ ਦੇ ਵੱਡੀ ਗਿਣਤੀ ਵਿੱਚ ਪਾਰਟੀ ਵਲੰਟੀਅਰਾਂ ਅਤੇ ਇਲਾਕਾ ਨਿਵਾਸੀਆਂ ਨੇ ਹਿੱਸਾ ਲਿਆ, ਜਿਹਨਾਂ ਵੱਲੋਂ ਸ. ਬਰਸਟ ਦਾ ਸਵਾਗਤ ਕੀਤਾ ਗਿਆ। ਚੇਅਰਮੈਨ ਨੇ ਮੌਜੂਦ ਵਲੰਟੀਅਰਾਂ ਅਤੇ ਇਲਾਕਾ ਵਾਸੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਹਾਲ-ਚਾਲ ਜਾਣਿਆ। ਉਨ੍ਹਾਂ ਕਿਹਾ ਕਿ ਵਲੰਟੀਅਰ ਹੀ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਹਨਾਂ ਦੀ ਮਿਹਨਤ ਸਦਕਾ ਹੀ ਪੰਜਾਬ ਵਿੱਚ ਇਤਿਹਾਸਕ ਬਦਲਾਅ ਆਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲੋਕ-ਹਿੱਤ ਵਿੱਚ ਲਗਾਤਾਰ ਕੰਮਾਂ ਕੀਤੇ ਜਾ ਰਹੇ ਹਨ, ਜਿਸ ਤੋਂ ਲੋਕ ਬਹੁਤ ਖੁੱਸ਼ ਹਨ। ਪੰਜਾਬ ਵਿੱਚ ਸਰਕਾਰ ਬਣਦੇ ਹੀ ਸੂਬਾ ਸਰਕਾਰ ਵੱਲੋਂ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, ਜਿਸ ਨਾਲ 90 ਫੀਸਦੀ ਘਰਾਂ ਦਾ ਬਿੱਲ ਜ਼ੀਰੋ ਆ ਰਿਹਾ ਹੈ। ਸਰਕਾਰ ਨੇ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਵੀ ਮਿਸਾਲੀ ਸੁਧਾਰ ਕੀਤੇ ਹਨ। ਲੋਕਾਂ ਨੂੰ ਜਿੱਥੇ ਆਮ ਆਦਮੀ ਕਲੀਨਿਕਾਂ ਰਾਹੀਂ ਮਿਆਰੀ ਸਹੂਲਤਾਂ ਦਿੱਤੀਆ ਜਾ ਰਹੀਆਂ ਹਨ, ਉੱਥੇ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁਫ਼ਤ ਅਤੇ ਕੈਸ਼ਲੈਸ ਇਲਾਜ ਦੀ ਸਹੂਲਤ ਵੀ ਹੈ। ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਿਸ਼ ਤੋਂ 65 ਹਜਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਖੇਤਾਂ ਨੂੰ ਨਹਿਰਾਂ ਦਾ ਪਾਣੀ ਦਿੱਤਾ ਜਾ ਰਿਹਾ ਹੈ। ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ। ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪ੍ਰਾਪਤ ਹੋਣਗੇ। ਇਸ ਤੋਂ ਇਲਾਵਾ ਮਹਿਲਾਵਾਂ ਨੂੰ ਮੁਫ਼ਤ ਬਸ ਸਫ਼ਰ ਦੀ ਸਹੂਲਤ ਦਿੱਤੀ ਜਾ ਰਹੀ ਹੈ। ਸ. ਬਰਸਟ ਨੇ ਕਿਹਾ ਕਿ ਹਲਕਾ ਸਮਾਣਾ ਦੀ ਨੁਹਾਰ ਬਦਲਣ ਲਈ ਵਿਸ਼ੇਸ਼ ਪੱਧਰ 'ਤੇ ਕਾਰਜ ਕੀਤੇ ਜਾ ਰਹੇ ਹਨ। ਪਿੰਡਾਂ ਦੀਆਂ ਲਿੰਕ ਸੜਕਾਂ, ਮੰਡੀਆਂ ਦਾ ਵਿਕਾਸ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਵਿਕਾਸ ਕਾਰਜਾਂ ਵਿੱਚ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਕੁਲਦੀਪ ਸਿੰਘ ਵਿਰਕ ਹਲਕਾ ਸਮਾਣਾ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਪਰਮਜੀਤ ਸਿੰਘ ਸਰਪੰਚ ਭੇੜਪੁਰੀ, ਗੁਰਦੀਪ ਸਿੰਘ ਸਰਪੰਚ ਦੌਦੜਾ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਨਰਿੰਦਰ ਸਿੰਘ ਸਰਪੰਚ ਬਰਸਟ, ਰਾਮ ਸਿੰਘ ਸਰਪੰਚ ਫਤਿਹਪੁਰ, ਗਿਨੀ ਖੰਗੂੜਾ, ਜੈਂਕੀ ਮਹਿਰਾ, ਬਿੰਦਰ ਨਾਗਰ ਅੰਗ੍ਰੇਜ, ਭੁਲੱਰ, ਸ਼ੰਕਰ ਜਿੰਦਲ, ਲਾਲੀ ਧਾਲੀਵਾਲ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਲੰਟੀਅਰ ਅਤੇ ਇਲਾਕਾ ਨਿਵਾਸੀ ਮੌਜੂਦ ਰਹੇ।



ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਵਿਖੇ ਹੈਲਪਰਜ਼ ਡੇ ਮਨਾਇਆ

ਪਟਿਆਲਾ, 3 ਮਈ (ਚ.ਨ.ਸ) : ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ, ਪਟਿਆਲਾ ਵਿਖੇ ਸਕੂਲ ਦੇ ਸਹਾਇਕ ਅਮਲੇ ਦੇ ਅਣਮੁੱਲੇ ਯੋਗਦਾਨ ਨੂੰ ਸਨਮਾਨਿਤ ਕਰਨ ਲਈ ਹੈਲਪਰਜ਼ ਡੇਅ ਬੜੇ ਉਤਸ਼ਾਹ ਅਤੇ ਸ਼ੁਕਰਾਨੇ ਨਾਲ ਮਨਾਇਆ ਗਿਆ।ਇਸ ਸਮਾਗਮ ਦੀ ਅਗਵਾਈ ਵਿਦਿਆਰਥੀ ਕੌਂਸਲ ਵੱਲੋਂ ਕੀਤੀ ਗਈ, ਜਿਸ ਦਾ ਉਦੇਸ਼ ਵਿਦਿਆਰਥੀਆਂ ਵਿੱਚ ਉਨ੍ਹਾਂ ਸਹਾਇਕ ਕਰਮਚਾਰੀਆਂ ਪ੍ਰਤੀ ਹਮਦਰਦੀ ਅਤੇ ਸਤਿਕਾਰ ਦੀ ਭਾਵਨਾ ਪੈਦਾ ਕਰਨਾ ਸੀ, ਜੋ ਪਰਦੇ ਪਿੱਛੇ ਲਗਾਤਾਰ ਸੇਵਾ ਨਿਭਾਉਂਦੇ ਹਨ। ਵਿਦਿਆਰਥੀਆਂ ਨੇ ਸਾਰੇ ਸਹਾਇਕ ਕਰਮਚਾਰੀਆਂ ਨੂੰ ਹੱਥਾਂ ਨਾਲ ਬਣਾਏ ਧੰਨਵਾਦ ਕਾਰਡ ਅਤੇ ਸੋਚ-ਸਮਝ ਕੇ ਚੁਣੇ ਤੋਹਫ਼ੇ ਭੇਟ ਕਰਕੇ ਉਨ੍ਹਾਂ ਦੀ ਸਮਰਪਿਤ ਸੇਵਾ ਲਈ ਆਭਾਰ ਪ੍ਰਗਟ ਕੀਤਾ।ਪ੍ਰੋਗਰਾਮ ਦਾ ਮੁੱਖ ਆਕਰਸ਼ਣ ਕਲਾਸ ਗਿਆਰਵੀਂ ਤੇ ਬਾਰਵੀਂ ਦੀ ਵਿਦਿਆਰਥੀ ਕੌਂਸਲ ਵੱਲੋਂ ਪੇਸ਼ ਕੀਤੀ ਗਈ ਅਰਥ-ਭਰਪੂਰ ਨਾਟਿਕਾ ਰਹੀ। ਇਸ ਪੇਸ਼ਕਾਰੀ ਨੇ ਸਹਾਇਕ ਕਰਮਚਾਰੀਆਂ ਦੇ ਰੋਜ਼ਾਨਾ ਕੰਮਾਂ ਨੂੰ ਬਹੁਤ ਸੁੰਦਰ ਢੰਗ ਨਾਲ ਦਰਸਾਇਆ ਅਤੇ ਕਿਰਤ ਦੀ ਮਹਾਨਤਾ ਦੇ ਮਹੱਤਵ ਉੱਤੇ ਜ਼ੋਰ ਦਿੱਤਾ, ਜਿਸ ਨਾਲ ਦਰਸ਼ਕ ਭਾਵੁਕ ਹੋ ਉਠੇ। ਪ੍ਰਿੰਸੀਪਲ ਜਸਜੀਤ ਸੋਹੀ ਨੇ ਵਿਦਿਆਰਥੀਆਂ ਦੀ ਇਸ ਪਹਿਲ ਦੀ ਸ਼ਲਾਘਾ ਕੀਤੀ ਅਤੇ ਸਹਾਇਕ ਅਮਲੇ ਦੀ ਨਿਸ਼ਕਾਮ ਸੇਵਾ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਵਿਦ



ਪਟਿਆਲਾ-ਆਸ/ਪਾਸ



ਹਰਪਾਲ ਸਿੰਘ ਚੀਮਾ ਵੱਲੋਂ ਸ੍ਰੀ ਰਾਮ ਗਊਸ਼ਾਲਾ ਦਾ ਦੌਰਾ

➢ਵਿੱਤ ਮੰਤਰੀ ਵੱਲੋਂ ਅੱਗ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ 50 ਲੱਖ ਦੀ ਮਾਲੀ ਸਹਾਇਤਾ ਦਾ ਐਲਾਨ



ਪਾਤੜਾਂ, 3 ਮਈ (ਹਰਮਿੰਦਰ ਕਰਤਾਰਪੁਰ): ਪੰਜਾਬ ਦੇ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਨੇ ਅੱਜ ਹਲਕਾ ਵਿਧਾਇਕ ਸ੍ਰੀ ਕੁਲਵੰਤ ਸਿੰਘ ਬਾਜ਼ੀਗਰ ਦੇ ਨਾਲ ਪੰਜਾਬ ਦੀ ਸਭ ਵੱਡੀ ਸ੍ਰੀ ਰਾਮ ਗਊਸ਼ਾਲਾ ਦੁਗਾਲ ਦਾ ਦੌਰਾ ਕਰਕੇ ਬੀਤੇ ਦਿਨੀਂ ਤੂੜੀ ਦੇ ਗੋਦਾਮ ਵਿੱਚ ਲੱਗੀ ਭਿਆਨਕ ਅੱਗ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਦੱਸਿਆ ਕਿ ਇਸ ਅੱਗ ਕਾਰਨ ਗੋਦਾਮ ਵਿੱਚ ਸਟੋਰ ਕੀਤੀਆਂ ਅਠਾਰਾਂ ਹਜ਼ਾਰ ਤੂੜੀ ਦੀਆਂ ਟਰਾਲੀਆਂ ਸੜ ਕੇ ਸੁਆਹ ਹੋ ਗਈ ਹੈ ਅਤੇ ਗੋਦਾਮ ਦੇ ਸ਼ੈੱਡ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ ਹੈ। ਇਸ ਨੁਕਸਾਨ ਦੀ ਭਰਪਾਈ ਲਈ ਵਿੱਤ ਮੰਤਰੀ ਨੇ ਗਊਸ਼ਾਲਾ ਨੂੰ 50 ਲੱਖ ਰੁਪਏ ਦੀ ਮਾਲੀ ਸਹਾਇਤਾ ਦੇਣ ਦਾ ਐਲਾਨ ਕੀਤਾ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਸ ਗਊਸ਼ਾਲਾ ਵਿੱਚ ਲਗਭਗ 4,000 ਗਊਵੰਸ਼ ਦੀ ਦੇਖਭਾਲ ਕੀਤੀ ਜਾਂਦੀ ਹੈ ਅਤੇ ਇੱਥੇ ਨੇੜਲੇ ਖੇਤਰਾਂ ਦੀਆਂ ਹੋਰ ਗਊਸ਼ਾਲਾਵਾਂ ਲਈ ਵੀ ਤੂੜੀ ਸਟੋਰ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਲੋੜ ਪੈਣ 'ਤੇ ਇੱਥੋਂ ਹੋਰ ਗਊਸ਼ਾਲਾਵਾਂ ਨੂੰ ਵੀ ਤੂੜੀ ਸਪਲਾਈ ਕੀਤੀ ਜਾਂਦੀ ਹੈ, ਜਿਸ ਕਾਰਨ ਇਸ ਅੱਗ ਨਾਲ ਹੋਇਆ ਨੁਕਸਾਨ ਕਾਫ਼ੀ ਵੱਡਾ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਬਾਰੇ ਉਨ੍ਹਾਂ ਨੂੰ ਹਲਕਾ ਵਿਧਾਇਕ ਸ੍ਰੀ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਜਾਣਕਾਰੀ ਦਿੱਤੀ ਗਈ ਸੀ, ਜਿਸ ਉਪਰੰਤ ਉਹ ਤੁਰੰਤ ਮੌਕੇ 'ਤੇ ਪਹੁੰਚੇ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਨੁਕਸਾਨ ਦਾ ਵਿਸਥਾਰ ਨਾਲ ਨਿਰੀਖਣ ਕਰਨ ਦੇ ਹੁਕਮ ਵੀ ਜਾਰੀ ਕੀਤੇ ਹਨ, ਤਾਂ ਜੋ ਹੋਰ ਲੋੜੀਂਦੀ ਸਹਾਇਤਾ ਵੀ ਮੁਹੱਈਆ ਕਰਵਾਈ ਜਾ ਸਕੇ। ਵਿੱਤ ਮੰਤਰੀ ਨੇ ਇਲਾਕਾ ਨਿਵਾਸੀਆਂ ਅਤੇ ਵਲੰਟੀਅਰਾਂ ਵੱਲੋਂ ਗਊਵੰਸ਼ ਦੀ ਸੇਵਾ ਲਈ ਕੀਤੇ ਜਾ ਰਹੇ ਯੋਗਦਾਨ ਦੀ ਸਰਾਹਨਾ ਕਰਦਿਆਂ ਕਿਹਾ ਕਿ ਗਊ ਸੇਵਾ ਬਹੁਤ ਹੀ ਵਡਮੁੱਲੀ ਸੇਵਾ ਹੈ। ਉਨ੍ਹਾਂ ਕਿਹਾ ਕਿ ਗਊਸ਼ਾਲਾਵਾਂ ਨੂੰ ਸਹਿਯੋਗ ਦੇਣ ਵਾਲੇ ਦਾਨੀ, ਕਿਸਾਨ ਅਤੇ ਸੇਵਾਦਾਰ ਸਮਾਜ ਲਈ ਪ੍ਰੇਰਣਾ ਦਾ ਸਰੋਤ ਹਨ। ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਗਊਵੰਸ਼ ਦੀ ਭਲਾਈ ਅਤੇ ਸੰਭਾਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਹਰ ਸੰਭਵ ਸਹਾਇਤਾ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਹਲਕਾ ਵਿਧਾਇਕ ਸ੍ਰੀ ਕੁਲਵੰਤ ਸਿੰਘ ਬਾਜ਼ੀਗਰ ਅਤੇ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਵਿੱਤ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਇਸ ਨੁਕਸਾਨ ਦੀ ਭਰਪਾਈ ਲਈ ਹਰ ਸੰਭਵ ਮਦਦ ਪ੍ਰਦਾਨ ਕਰੇਗੀ। ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਇਸ ਦੇ ਨਾਲ ਹੀ ਵਿੱਤ ਮੰਤਰੀ ਨੇ ਹੋਰ ਗਊਸ਼ਾਲਾਵਾਂ ਲਈ ਵੀ ਸਹਾਇਤਾ ਰਾਸ਼ੀ ਦਿੱਤੀ ਹੈ, ਜਿਸ ਤਹਿਤ ਪਾਤੜਾਂ ਗਊਸ਼ਾਲਾ 5 ਲੱਖ, ਘੱਗਾ ਗਊਸ਼ਾਲਾ 5 ਲੱਖ, ਹਰਿਆਊ ਕਲਾਂ ਗਊਸ਼ਾਲਾ 5 ਲੱਖ, ਬਰਾਸ ਗਊਸ਼ਾਲਾ 5 ਲੱਖ, ਕਲਵਾਨੂੰ ਗਊਸ਼ਾਲਾ 5 ਲੱਖ ਰੁਪਏ ਜਿਸ ਨਾਲ ਪ੍ਰਭਾਵਿਤ ਗਊਸ਼ਾਲਾਵਾਂ ਨੂੰ ਮੁੜ ਖੜ੍ਹਾ ਕਰਨ ਵਿੱਚ ਮਦਦ ਮਿਲੇਗੀ।ਇਸ ਮੌਕੇ ਉਨ੍ਹਾਂ ਨਾਲ ਸੀਨੀਅਰ 'ਆਪ' ਆਗੂ ਅਤੇ ਸਾਬਕਾ ਕੌਂਸਲਰ ਭਗਵਤ ਦਿਆਲ ਨਿੱਕਾ, ਪ੍ਰਧਾਨ ਪ੍ਰੀਤ ਗਿੱਲ,ਕੁਲਦੀਪ ਸਿੰਘ ਥਿੰਦ, ਮਨਵੀਰ ਸਿੰਘ ਮੰਨਾ ਸੰਧੂ ਮੌਲਵੀਵਾਲਾ, ਬਲਜੀਤ ਸਿੰਘ ਮੌਲਵੀਵਾਲਾ ਇੰਚਾਰਜ ਵਿਰਾਸਤ ਸੇਵਾ ਸੰਗਠਨ ਵਿਧਾਨ ਸਭਾ ਹਲਕਾ ਸ਼ੁਤਰਾਣਾ,ਮਦਨ ਲਾਲ ਗੋਇਲ, ਕੁਲਦੀਪ ਸਿੰਘ ਬਿੱਟੂ ਬਦੇਸ਼ਾ ਪ੍ਰਧਾਨ ਕਾਰ ਡੀਲਰ ਐਸੋਸੀਏਸ਼ਨ ਪਾਤੜਾਂ, ਕੰਵਲਪ੍ਰੀਤ ਸਿੰਘ ਵਧਵਾ,ਸਮਾਜ ਸੇਵੀ ਅਮ੍ਰਿੰਤਪਾਲ ਸਿੰਘ ਕਾਲੇਕਾ, ਸਾਬਕਾ ਕੌਂਸਲਰ ਸੋਨੀ ਠੇਕੇਦਾਰ, ਚੇਅਰਮੈਨ ਤੇਜਿੰਦਰ ਸਿੰਘ ਤੇਜ਼ੀ ਬੁਰਜ , ਸਰਪੰਚ ਕਰਨੈਲ ਸਿੰਘ ਨਾਮਸੋਤ , ਡਾ. ਡੀਡੀ ਸਿੰਗਲਾ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

'ਆਪ' ਦੀ ਟਰੇਡ ਵਿੰਗ ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ 'ਚ ਅਥਾਹ ਵਾਧੇ ਵਿਰੁੱਧ ਰੋਸ ਪ੍ਰਦਰਸ਼ਨ

➢ਫੁਆਰਾ ਚੌਕ ਤੋਂ ਰਾਜਿੰਦਰਾ ਹਸਪਤਾਲ ਚੌਕ ਤੱਕ ਸਿਲੰਡਰ ਚੁੱਕ ਕੇ ਕੱਢੀ ਰੋਸ ਰੈਲੀ



ਪਟਿਆਲਾ, 3 ਮਈ (ਰੁਪਾਣਾ/ਅਮਰਜੀਤ) : ਆਮ ਆਦਮੀ ਪਾਰਟੀ ਦੀ ਟਰੇਡ ਵਿੰਗ ਵੱਲੋਂ ਅੱਜ ਪਟਿਆਲਾ ਦੇ ਫੁਹਾਰਾ ਚੌਕ ਵਿਖੇ ਆਮ ਆਦਮੀ ਪਾਰਟੀ ਟ੍ਰੇਡ ਵਿੰਗ ਜ਼ਿਲ੍ਹਾ ਪ੍ਰਧਾਨ ਦਿਹਾਤੀ ਗੁਰਪ੍ਰੀਤ ਸਿੰਘ ਧਮੋਲੀ, ਸ਼ਹਿਰੀ ਪ੍ਰਧਾਨ ਵਿਨੋਦ ਸਿੰਗਲਾ, ਸਟੇਟ ਸੈਕਟਰੀ ਸੰਜੀਵ ਗੁਪਤਾ ਦੀ ਅਗਵਾਈ ਹੇਠ ਮੋਦੀ ਸਰਕਾਰ ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੀਤੇ ਬੇਹਿਸਾਬ ਵਾਧੇ ਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕਰਦਿਆਂ ਭਾਜਪਾ 'ਤੇ ਤਿੱਖੇ ਨਿਸ਼ਾਨੇ ਸਾਧੇ ਗਏ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਟ੍ਰੇਡ ਵਿੰਗ ਦਿਹਾਤੀ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਆਮ ਆਦਮੀ ਲਈ ਲਾਚਾਰ ਅਤੇ ਰਸੋਈ ਲਈ ਗੁਨਾਹਗਾਰ ਸਿੱਧ ਹੋਈ ਹੈ। ਇਸ ਵਿਰੋਧ ਪ੍ਰਦਰਸ਼ਨ ਵਿੱਚ ਪੁੱਜੇ ਬਲਜਿੰਦਰ ਸਿੰਘ ਢਿੱਲੋਂ, ਮੇਅਰ ਕੁੰਦਨ ਗੋਗੀਆ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ ਨੇ ਕਿਹਾ ਕਿ ਵਪਾਰਕ ਐੱਲ ਪੀ ਜੀ ਸਿਲੰਡਰ ਹੁਣ 993 ਰੁਪਏ ਮਹਿੰਗਾ ਹੋ ਗਿਆ ਹੈ। 19 ਕਿੱਲੋ ਵਜ਼ਨੀ ਵਪਾਰਕ ਐੱਲ ਪੀ ਜੀ ਸਿਲੰਡਰ ਆਮ ਕਰ ਕੇ ਹੋਟਲਾਂ ਤੇ ਰੈਸਟੋਰੈਂਟਾਂ 'ਚ ਵਰਤਿਆ ਜਾਂਦਾ ਹੈ। ਇਸ ਤੋਂ ਪਹਿਲਾਂ ਕੀਮਤਾਂ ਵਿੱਚ ਪਹਿਲੀ ਅਪਰੈਲ ਨੂੰ 195.50 ਰੁਪਏ ਪ੍ਰਤੀ ਸਿਲੰਡਰ ਤੇ ਪਹਿਲੀ ਮਾਰਚ ਨੂੰ 114.5 ਰੁਪਏ ਪ੍ਰਤੀ ਸਿਲੰਡਰ ਦਾ ਵਾਧਾ ਹੋਇਆ ਸੀ। ਇਨ੍ਹਾਂ ਤਿੰਨ ਵਾਧਿਆਂ ਨਾਲ ਕੁੱਲ ਮਿਲਾ ਕੇ ਕਮਰਸ਼ੀਅਲ ਐੱਲ ਪੀ ਜੀ ਦੀਆਂ ਦਰਾਂ 'ਚ 1303 ਰੁਪਏ ਦਾ ਇਜ਼ਾਫ਼ਾ ਹੋਇਆ ਹੈ। ਜ਼ਿਲ੍ਹਾ ਮੀਡੀਆ ਇੰਚਾਰਜ ਰਵਿੰਦਰਪਾਲ ਸਿੰਘ ਪ੍ਰਿੰਸ ਲਾਂਬਾ, ਚਰਨਜੀਤ ਸਿੰਘ ਐਸ ਕੇ ਹਲਕਾ ਪ੍ਰਧਾਨ ਦਿਹਾਤੀ, ਗੁਰਪ੍ਰੀਤ ਸਿੰਘ ਮੰਨਣ ਘਨੌਰ, ਭੁਪਿੰਦਰ ਕੌਂਸਲ ਨਾਭਾ, ਟਿੰਕੂ ਬਾਂਸਲ ਰਾਜਪੁਰਾ, ਪੁਨੀਤ ਬੁੱਧੀਰਾਜ ਪਟਿਆਲਾ ਸ਼ਹਿਰੀ, ਵੇਦ ਪ੍ਰਕਾਸ਼ ਗਰਗ ਸਨੌਰ, ਰਾਜੇਸ਼ ਛਾਬੜਾ ਸਮਾਣਾ, ਦੁਰਗਾ ਦਾਸ ਸਿੰਗਲਾ ਸ਼ੁਤਰਾਣਾ ਸਾਰੇ ਹਲਕਾ ਪ੍ਰਧਾਨ ਅਤੇ ਚੈਅਰਮੈਨ ਟ੍ਰੇਡ ਵਿੰਗ, ਸੁਮੀਤ ਟਕੇਜਾ ਜ਼ਿਲ੍ਹਾ ਸ਼ੋਸਲ ਮੀਡੀਆ, ਸੰਦੀਪ ਬੰਧੂ ਹਲਕਾ ਮੀਡੀਆ ਇੰਚਾਰਜ, ਕੀਰਤ ਸਿੰਘ ਸੋਹਰਾ ਮੈਂਬਰ ਟ੍ਰੇਡ ਕਮਿਸ਼ਨ ਮਨੀਸ਼ ਸੂਦ ਬਲਾਕ ਪ੍ਰਭਾਰੀ ਘਨੌਰ ਨੇ ਭਾਰਤੀ ਜਨਤਾ ਪਾਰਟੀ ਨੇ ਘੇਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਚੋਣਾਂ ਮੌਕੇ ਹੀ ਆਮ ਭਾਰਤੀਆਂ ਨੂੰ ਦਰਪੇਸ਼ ਦੁੱਖ ਤਕਲੀਫ਼ਾਂ ਦੀ ਫ਼ਿਕਰ ਹੁੰਦੀ ਹੈ ਤੇ ਮਗਰੋਂ ਉਨ੍ਹਾਂ ਨੂੰ ਆਪਣੇ ਹਾਲ ਉੱਤੇ ਛੱਡ ਦਿੱਤਾ ਜਾਂਦਾ ਹੈ।'ਆਪ' ਆਗੂਆਂ ਨੇ ਕਿਹਾ ਕਿ ਇਰਾਨ ਜੰਗ ਲੱਗੀ ਨੂੰ ਤਿੰਨ ਮਹੀਨੇ ਹੋ ਚੁੱਕੇ ਹਨ ਅਤੇ ਸਰਕਾਰ ਨੂੰ ਵਿੱਤੀ ਬੋਝ ਆਮ ਲੋਕਾਂ ਉੱਤੇ ਪਾਉਣ ਦੀ ਥਾਂ ਉਨ੍ਹਾਂ ਨੂੰ ਬਚਾਉਣ ਲਈ ਕੋਈ ਠੋਸ ਯੋਜਨਾ ਤਿਆਰ ਕਰਨੀ ਚਾਹੀਦੀ ਸੀ, ਜਦਕਿ ਸਿਲੰਡਰਾਂ ਦੀ ਕੀਮਤ ਵਿੱਚ ਭਾਰੀ ਇਜ਼ਾਫ਼ਾ ਕਰਕੇ ਲੋਕਾਂ ਦੀ ਹੋਰ ਕਮਰ ਤੋੜ ਦਿੱਤੀ ਹੈ। ਇਸ ਦੌਰਾਨ ਹੋਰ ਸੈਂਕੜੇ ਆਪ ਆਗੂ ਮੌਜੂਦ ਸਨ।

ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ



ਪਾਤੜਾਂ, 3 ਮਈ (ਹਰਮਿੰਦਰ ਕਰਤਾਰਪੁਰ): ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਬੀਤੇ ਕੱਲ ਦਿੱਲੀ 'ਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਤੇ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕੀਤੀ ਗਈ। ਮੁਲਾਕਾਤ ਤੋਂ ਬਾਅਦ ਪਾਤੜਾਂ ਪਹੁੰਚਣ ਉਪਰੰਤ ਉਨ੍ਹਾਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਹੋਏ ਵਿਕਾਸ ਦੇ ਕਾਰਜਾਂ ਉੱਪਰ ਜਿੱਥੇ ਚਰਚਾ ਕੀਤੀ ਗਈ ਉੱਥੇ ਹੀ ਗੁਜਰਾਤ ਪੰਚਾਇਤ ਚੋਣਾਂ ਵਿੱਚ ਪਾਰਟੀ ਦੇ ਉਮੀਦਵਾਰਾਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਨ ਉਪਰੰਤ ਕੌਮੀ ਕਨਵੀਨਰ ਨੂੰ ਵਧਾਈਆਂ ਵੀ ਦਿੱਤੀਆਂ ਗਈਆਂ। ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਉੱਪਰ ਚਰਚਾ ਤੋਂ ਬਾਅਦ ਕੌਮੀ ਕਨਵੀਨਰ ਨੇ ਵਿਸ਼ਵਾਸ ਦਿਵਾਇਆ ਕਿ ਰਹਿੰਦੇ ਵਿਕਾਸ ਕਾਰਜਾਂ ਲਈ ਉਹ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਗੱਲਬਾਤ ਕਰਨਗੇ। ਇਸ ਮੌਕੇ ਸੀਨੀਅਰ ਆਗੂ ਬਲਜਿੰਦਰ ਸਿੰਘ ਜੋਗੇਵਾਲਾ, ਅੰਮ੍ਰਿਤਪਾਲ ਸਿੰਘ ਕਾਲੇਕਾ, ਸਰਪੰਚ ਕਰਨੈਲ ਸਿੰਘ ਨਾਮਸੋਤ,ਸਾਬਕਾ ਕੌਂਸਲਰ ਸੋਨੀ ਠੇਕੇਦਾਰ, ਕੁਲਦੀਪ ਸਿੰਘ ਥਿੰਦ ਡਾਇਰੈਕਟਰ ਕੰਬੋਜ ਭਲਾਈ ਬੋਰਡ ਪੰਜਾਬ, ਮਦਨ ਗੋਇਲ ਸਿਟੀ ਪ੍ਰਧਾਨ ਪਾਤੜਾਂ, ਡਾ. ਡੀਡੀ ਸਿੰਗਲਾ, ਕੁਲਦੀਪ ਸਿੰਘ ਬਿੱਟੂ ਬਦੇਸ਼ਾ ਪ੍ਰਧਾਨ ਕਾਰ ਡੀਲਰ ਐਸੋਸੀਏਸ਼ਨ ਪਾਤੜਾਂ, ਕੰਵਲਪ੍ਰੀਤ ਵਧਵਾ, ਮਨਵੀਰ ਸਿੰਘ ਮੰਨਾ ਸੰਧੂ ਮੌਲਵੀਵਾਲਾ ਆਦਿ ਹਾਜ਼ਰ ਸਨ।

ਘਰ 'ਚ ਦਾਖਲ ਹੋ ਕੇ ਕੀਤੀ ਕੁੱਟਮਾਰ

ਪਟਿਆਲਾ, 3 ਮਈ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਕੋਲ ਅਨੀਸ਼ਵਨੀ ਕੁਮਾਰ ਪੁੱਤਰ ਚਰਨਜੀਤ ਕੁਮਾਰ ਵਾਸੀ ਪਿੰਡ ਮੈਣ ਨੇ ਕਥਿਤ ਦੋਸ਼ੀਆਂ ਕੁਲਵਿੰਦਰ ਸਿੰਘ ਵਾਸੀ ਪਿੰਡ ਮੈਣ ਥਾਣਾ ਪਸਿਆਣਾ ਅਤੇ 10-15 ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀਆਂ ਨੇ ਉਸ ਦੇ ਘਰ ਅੰਦਰ ਦਾਖਲ ਹੋ ਕੇ ਉਸ ਅਤੇ ਉਸਦੀ ਮਾਤਾ ਦੀ ਕੁੱਟਮਾਰ ਕੀਤੀ ਅਤੇ ਉਸ ਦੀ ਕਾਰ ਦੇ ਸ਼ੀਸ਼ਿਆ ਦੀ ਭੰਨਤੋੜ ਕਰਕੇ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਮੌਕਾ ਤੋਂ ਫਰਾਰ ਹੋ ਗਏ। ਪੁਲਿਸ ਨੇ ਧਾਰਾ 331(6), 118(1), 351(3),324(4), 191(3), 190 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

ਵੱਖ-ਵੱਖ ਵਾਰਡਾਂ 'ਚੋਂ ਦਰਜ਼ਨਾਂ ਹੋਰ ਨੌਜਆਨਾਂ ਵੱਲੋਂ ਅਕਾਲੀ ਦਲ 'ਚ ਸ਼ਮੂਲੀਅਤ

➢33 ਵਾਰਡਾਂ 'ਚ ਅਕਾਲੀ ਦਲ ਮਜ਼ਬੂਤ ਹੋਇਆ : ਜ਼ਾਹਿਦਾ ਸੁਲੇਮਾਨ



ਮਲੇਰਕੋਟਲਾ, 3 ਮਈ (ਅਸ਼ਰਫ ਅਨਸਾਰੀ): ਸ਼੍ਰੋਮਣੀ ਅਕਾਲੀ ਦਲ ਦੇ ਨਗਰ ਕੌਂਸਲ ਚੋਣਾਂ ਲੜ ਰਹੇ ਉਮੀਦਵਾਰਾਂ ਨੂੰ ਉਸ ਸਮੇਂ ਪ੍ਰਭਾਵਸ਼ਾਲੀ ਬਲ ਮਿਲਿਆ ਜਦ ਨਗਰ ਕੌਂਸਲ ਦੇ ਵੱਖ-ਵੱਖ ਵਾਰਡਾਂ ਵਿਚੋਂ ਦਰਜ਼ਨਾਂ ਨੌਜੁਆਨਾਂ ਨੇ ਜਨਰਲ ਸਕੱਤਰ ਅਤੇ ਹਲਕਾ ਇੰਚਾਰਜ ਬੀਬਾ ਜ਼ਾਹਿਦਾ ਸੁਲੇਮਾਨ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਮੂਲੀਅਤ ਕਰਨ ਦਾ ਐਲਾਨ ਕਰ ਦਿਤਾ। ਅਕਾਲੀ ਦਲ ਵਿਚ ਸ਼ਾਮਲ ਹੋਣ ਆਏ ਨੌਜੁਆਨਾਂ ਅਕਾਸ਼, ਪਰਮਿੰਦਰ ਸਿੰਘ, ਵਿਕਾਸ ਕੁਮਾਰ, ਗੋਨੀ, ਤਰਨ ਰਾਮਗੜ੍ਹੀਆ, ਅੰਕੁਸ਼ ਲਾਲਾ, ਗੁਰਪ੍ਰੀਤ ਸਿੰਘ, ਦਿਲਪ੍ਰੀਤ ਸਿੰਘ, ਫ਼ੈਸ਼ਲ ਖ਼ਾਨ, ਗੌਤਮ, ਮੁਕੇਸ਼ ਕੁਮਾਰ, ਅਵਿਆਸ, ਸ਼ੁਭਮ, ਮੁਹੰਮਦ ਫ਼ਾਰੂਕ, ਘਾਨੀ, ਅਮਰਿਤ, ਮੁਹੰਮਦ ਹੈਦਰ, ਹਨੀ, ਮੁਹੰਮਦ ਅਮੀਨ ਅਤੇ ਲਵੀ ਭੁੱਲਰ ਨੇ ਕਿਹਾ ਉਨ੍ਹਾਂ ਨੇ ਬੀਬਾ ਜ਼ਾਹਿਦਾ ਸੁਲੇਮਾਨ ਦੇ ਰੂਪ ਵਿਚ ਪਹਿਲੀ ਵਾਰ ਆਮ ਲੋਕਾਂ ਦੀਆਂ ਮੁਸ਼ਕਿਲਾਂ ਅਤੇ ਮੁੱਦਿਆਂ ਦੀ ਗੱਲ ਕਰਨ ਵਾਲਾ ਨੇਤਾ ਵੇਖਿਆ ਹੈ, ਜਿਸ ਤੋਂ ਪ੍ਰਭਾਵਤ ਹੋ ਕੇ ਉਹ ਅਕਾਲੀ ਦਲ ਵਿਚ ਸ਼ਾਮਲ ਹੋਏ ਹਨ। ਹਲਕਾ ਇੰਚਾਰਜ ਬੀਬਾ ਜ਼ਾਹਿਦਾ ਸੁਲੇਮਾਨ ਨੇ ਪਾਰਟੀ ਵਿਚ ਸ਼ਾਮਲ ਹੋਣ ਵਾਲੇ ਨੌਜੁਆਨਾਂ ਦਾ ਸੁਆਗਤ ਕੀਤਾ ਅਤੇ ਸਨਮਾਨ ਕੀਤਾ। ਬੀਬਾ ਜ਼ਾਹਿਦਾ ਸੁਲੇਮਾਨ ਨੇ ਕਿ ਰੋਜ਼ਾਨਾ ਨੌਜੁਆਨ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਲ ਹੋ ਰਹੇ ਹਨ। ਅਕਾਲੀ ਦਲ ਨਗਰ ਕੌਂਸਲ ਦੇ 33 ਵਾਰਡਾਂ ਵਿੱਚੋਂ ਮਜ਼ਬੂਤ ਹੋ ਚੁੱਕਾ ਹੈ। ਇਸ ਮੌਕੇ ਅਕਾਲੀ ਦਲ ਦੇ ਸੀਨੀਅਰ ਆਗੂ ਜਥੇਦਾਰ ਹਰਵਿੰਦਰ ਸਿੰਘ ਟਿਵਾਣਾ, ਸ੍ਰੀ ਰਵੀ ਬੱਗਣ, ਅਬਦੁਲ ਸੱਤਾਰ ਪੋਟਰ, ਮੁਹੰਮਦ ਸ਼ਹਿਬਾਜ਼, ਮੁਹੰਮਦ ਅਖ਼ਤਰ ਅਤੇ ਹੋਰ ਕਈ ਨੇਤਾ ਵੀ ਹਾਜ਼ਰ ਸਨ।

ਵਾਰਡ ਨੰਬਰ 13 ਤੋਂ 'ਆਪ' ਨੇ ਰੇਨੂੰ ਵਧਵਾ ਨੂੰ ਉਮੀਦਵਾਰ ਐਲਾਨਿਆ

ਵਿਧਾਇਕ ਤੇ ਚੇਅਰਮੈਨ ਬਰਾੜ ਨੇ ਦਿੱਤਾ ਆਸ਼ੀਰਵਾਦ



ਪਾਤੜਾਂ, 3 ਮਈ (ਹਰਮਿੰਦਰ ਕਰਤਾਰਪੁਰ): ਨਗਰ ਕੌਂਸਲ ਪਾਤੜਾਂ ਦੀ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ 'ਆਪ' ਵੱਲੋਂ ਤਿਆਰੀਆਂ ਦੀ ਸ਼ੁਰੂਆਤ ਕਰਦਿਆਂ ਵਾਰਡ ਨੰਬਰ 13 ਤੋਂ ਸਾਬਕਾ ਵਿਦਿਆਰਥੀ ਆਗੂ ਕੰਵਲਪ੍ਰੀਤ ਵਧਵਾ ਦੀ ਧਰਮ ਪਤਨੀ ਰੇ